@Qpatrika
@qaumipatrika punjabi
instagram.com/ qaumipatrika
Largest Circulated

विश्व भर में सबसे ज्यादा पढ़ा जाने वाला

कौमी पत्रिका
Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Friday, 23 October 2026

VISIT:
www.qaumipatrika.org
Email: qpatrika@gmail.com

Punjabi National Daily

नवीं दिॱली: ਸ਼ੁੱਕਰਵਾਰ 23 ਅਕਤੂਬਰ 2026, 10 ਕੱਤਕੁ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 350, qpatrika@gmail.com ਫੋਨ : 9971359517 www.qaumipatrika.org

'ਆਪ' ਨੂੰ ਪੰਜਾਬ 'ਚ ਨਹੀਂ ਬਚਾ ਸਕੇਗੀ ਬਹਾਨੇਬਾਜ਼ੀ ਦੀ ਰਾਜਨੀਤੀ, ਦਿੱਲੀ 'ਚ ਅਮਿਤ ਸ਼ਾਹ ਦਾ ਵਿਰੋਧੀਆਂ 'ਤੇ ਤਿੱਖਾ ਹਮਲਾ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਚੰਡੀਗੜ੍ਹ 22 ਅਕਤੂਬਰ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵਿਰੋਧੀ ਧਿਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਸਿਰਫ਼ ਪ੍ਰਦਰਸ਼ਨਾਂ ਅਤੇ ਧਰਨਿਆਂ ਨਾਲ ਕੁਝ ਵੀ ਹਾਸਲ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚ ਐਨ.ਡੀ.ਏ. ਦੀ ਸਰਕਾਰ ਬਣੇਗੀ। ਦਿੱਲੀ ਵਿੱਚ ਯਮੁਨਾ ਨਦੀ ਦੀ ਸਫ਼ਾਈ ਨਾਲ ਸਬੰਧਤ 8,941 ਕਰੋੜ ਰੁਪਏ ਦੇ ਪ੍ਰੋਜੈਕਟਾਂ ਦਾ ਉਦਘਾਟਨ ਕਰਦਿਆਂ, ਅਮਿਤ ਸ਼ਾਹ ਨੇ ਕਿਹਾ ਕਿ ਨਦੀ ਦੇ ਮੁੜ ਸੁਰਜੀਤ ਹੋਣ ਤੋਂ ਬਾਅਦ ਭਾਜਪਾ 2029 ਵਿੱਚ ਜਨਤਾ ਤੋਂ ਜਨਤਕ ਫਤਵਾ ਮੰਗੇਗੀ। ਕਾਂਗਰਸ ਅਤੇ 'ਆਪ' 'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਅਕਸਰ ਸੱਤਾਧਾਰੀ ਧਿਰ 'ਤੇ ਈ.ਵੀ.ਐਮ. ਨਾਲ ਛੇੜਛਾੜ ਕਰਨ ਅਤੇ ਵੋਟਾਂ ਚੋਰੀ ਕਰਨ ਦੇ ਦੋਸ਼ ਲਗਾਉਂਦੀਆਂ ਹਨ ਹਾਲਾਂਕਿ ਉਹ ਖੁਦ ਕਈ ਰਾਜਾਂ ਵਿੱਚ ਦਹਾਕਿਆਂ ਤੋਂ ਸੱਤਾ ਤੋਂ ਬਾਹਰ ਹਨ। 'ਆਪ' ਦੇ ਵਿਧਾਨ ਸਭਾ ਦੀਆਂ ਆਉਣ ਵਾਲੀਆਂ ਕਨਵੀਨਰ ਅਰਵਿੰਦ ਕੇਜਰੀਵਾਲ 'ਤੇ ਚੋਣਾਂ ਵਿੱਚ 'ਆਪ' ਨੂੰ ਨਹੀਂ ਬਚਾ ਨਿਸ਼ਾਨਾ ਸਾਧਦਿਆਂ ਸ਼ਾਹ ਨੇ ਕਿਹਾ ਕਿ ਬਹਾਨੇ ਬਣਾਉਣ ਦੀ ਸਿਆਸਤ ਪੰਜਾਬ ਸਕੇਗੀ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਐਨ.ਡੀ.ਏ. ਦੀ ਸਰਕਾਰ ਚਾਹੁੰਦੇ ਹਨ ਅਤੇ ਚੋਣਾਂ ਵਿੱਚ 'ਆਪ' ਦਾ ਪੂਰੀ ਤਰ੍ਹਾਂ ਸਫ਼ਾਇਆ ਹੋ ਜਾਵੇਗਾ। ਅਮਿਤ ਸ਼ਾਹ ਨੇ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਤਸਕਰੀ ਇੱਕ ਗੰਭੀਰ ਸਮੱਸਿਆ ਬਣ ਗਈ ਹੈ; ਹਾਲਾਂਕਿ, ਉਨ੍ਹਾਂ ਭਰੋਸਾ ਦਿੱਤਾ ਕਿ ਸੂਬੇ ਵਿੱਚ ਐਨ.ਡੀ.ਏ. ਦੀ ਸਰਕਾਰ ਬਣਨ 'ਤੇ ਇਸ ਬੁਰਾਈ ਨੂੰ ਜੜ੍ਹੋਂ ਖ਼ਤਮ ਕਰ ਦਿੱਤਾ ਜਾਵੇਗਾ। ਨੌਜਵਾਨਾਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਸਰਕਾਰ ਸਾਰੇ ਜ਼ਰੂਰੀ ਅਤੇ ਸਖ਼ਤ ਕਦਮ ਚੁੱਕੇਗੀ। ਇਸ ਤੋਂ ਇਲਾਵਾ, ਵਿਰੋਧੀ ਪਾਰਟੀਆਂ ਦੇ ਕੰਮ ਕਰਨ ਦੇ ਤਰੀਕੇ 'ਤੇ ਸਵਾਲ ਉਠਾਉਂਦੇ ਹੋਏ ਉਨ੍ਹਾਂ ਕਿਹਾ ਕਿ ਜਨਤਾ ਹੁਣ ਉਨ੍ਹਾਂ ਲੋਕਾਂ ਨੂੰ ਚੰਗੀ ਤਰ੍ਹਾਂ ਪਛਾਣ ਗਈ ਹੈ ਜੋ ਝੂਠੇ ਵਾਅਦੇ ਕਰਦੇ ਹਨ ਅਤੇ ਸਿਰਫ਼ ਸਿਆਸੀ ਡਰਾਮੇਬਾਜ਼ੀ ਕਰਦੇ ਹਨ। ਉਨ੍ਹਾਂ ਦੁਹਰਾਇਆ ਕਿ ਕੇਂਦਰ ਸਰਕਾਰ ਪੰਜਾਬ ਦੇ ਵਿਕਾਸ ਅਤੇ ਖੁਸ਼ਹਾਲੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ।



'ਅਸੀਂ ਸਾਰੇ ਖੇਤਰਾਂ 'ਚ ਵਿਕਾਸ 'ਤੇ ਕੰਮ ਕਰ ਰਹੇ ਹਾਂ', ਸਮੁੰਦਰੀ ਫ਼ੌਜ ਦੇ ਉਪ ਮੁਖੀ ਦਾ ਵੱਡਾ ਬਿਆਨ

ਕੌਮੀ ਪਤ੍ਰਿਕਾ

ਨਵੀਂ ਦਿੱਲੀ, 22 ਅਕਤੂਬਰ। ਸਮੁੰਦਰੀ ਫੌਜ ਦੇ ਉਪ ਮੁਖੀ ਵਾਈਸ ਐਡਮਿਰਲ ਅਜੇ ਕੋਚਰ ਨੇ ਕਿਹਾ ਹੈ ਕਿ ਸਮੁੰਦਰੀ ਫੌਜ ਇਕ ਮਲਟੀ-ਡੋਮੇਨ ਨੈੱਟਵਰਕ ਫੋਰਸ ਬਣਨ ਲਈ ਹਵਾ ਤੇ ਪਾਣੀ ਦੇ ਅੰਦਰ ਤੋਂ ਲੈ ਕੇ ਏ. ਆਈ. ਅਤੇ ਕੁਆਂਟਮ ਤਕਨਾਲੋਜੀ ਤੱਕ ਸਾਰੇ ਖੇਤਰਾਂ 'ਚ ਵਿਕਾਸ 'ਤੇ ਕੰਮ ਕਰ ਰਹੀ ਹੈ। ਸੋਮਵਾਰ ਇੱਥੇ ਇਕ ਪ੍ਰੈੱਸ ਕਾਨਫਰੰਸ 'ਚ ਉਨ੍ਹਾਂ ਕਿਹਾ ਕਿ ਨਾ ਸਿਰਫ਼ ਨਵੀਆਂ ਤਕਨੋਲੋਜੀਆਂ ਨੂੰ ਅਪਣਾਉਣ ਲਈ ਸਗੋਂ ਸੰਚਾਲਨ ਸਮਰੱਥਾਵਾਂ ਨੂੰ ਵਧਾਉਣ ਲਈ ਵੀ ਯਤਨ ਕੀਤੇ ਜਾ ਰਹੇ ਹਨ। ਪੱਛਮੀ ਏਸ਼ੀਆ ਦੀ ਮੌਜੂਦਾ ਸਥਿਤੀ ਅਤੇ ਉੱਭਰ ਰਹੇ ਟਕਰਾਅ ਦਰਮਿਆਨ ਸਮੁੰਦਰੀ ਹਿੱਤਾਂ ਦੀ ਰੱਖਿਆ 'ਚ ਨੇਵੀ ਦੀ ਭੂਮਿਕਾ ਬਾਰੇ ਪੁੱਛੇ ਜਾਣ 'ਤੇ ਉਨ੍ਹਾਂ ਕਿਹਾ ਕਿ ਚੱਲ ਰਹੇ ਸੰਕਟਾਂ ਨੇ ਸਾਨੂੰ ਸੋਚ ਤੇ ਤਾਇਨਾਤੀ ਦੋਵਾਂ ਪੱਧਰਾਂ 'ਤੇ ਰੁਝੇਵੇਂ 'ਚ ਰੱਖਿਆ ਹੈ। ਉਨ੍ਹਾਂ ਨੇਵੀ ਦੀ 'ਆਪਰੇਸ਼ਨ ਐਨਰਜੀ ਸਕਿਓਰਿਟੀ' ਦਾ ਵੀ ਜ਼ਿਕਰ ਕੀਤਾ, ਜਿਸ ਨੇ ਅਹਿਮ ਸਮੁੰਦਰੀ ਰਸਤਿਆਂ 'ਤੇ ਹਮਲਿਆਂ ਦਰਮਿਆਨ ਬਹੁਤ ਸਾਰੇ ਜਹਾਜ਼ਾਂ ਨੂੰ ਸੁਰੱਖਿਅਤ ਢੰਗ ਨਾਲ ਭਾਰਤੀ ਕਿਨਾਰਿਆਂ ਤੱਕ ਪਹੁੰਚਾਉਣ 'ਚ ਮਦਦ ਕੀਤੀ ਹੈ। ਤਕਨੋਲੋਜੀ ਅਪਣਾਉਣ ਦੇ ਮਾਮਲੇ 'ਚ ਤਾਜ਼ਾ ਟਕਰਾਅ ਤੋਂ ਸਿੱਖੇ ਗਏ ਸਬਕ ਬਾਰੇ ਇਕ ਸਵਾਲ ਦੇ ਜਵਾਬ 'ਚ ਉਨ੍ਹਾਂ ਕਿਹਾ ਕਿ ਇਨ੍ਹਾਂ ਟਕਰਾਵਾਂ ਨੇ ਅਜਿਹੀਆਂ ਤਬਦੀਲੀਆਂ ਲਿਆਂਦੀਆਂ ਹਨ ਜਿਨ੍ਹਾਂ ਨੂੰ ਫੌਜ ਨੂੰ ਅਪਣਾਉਣਾ ਚਾਹੀਦਾ ਹੈ, ਜਿਵੇਂ ਕਿ ਜੰਗ 'ਚ ਖੁੱਦ-ਮੁਖਤਾਰ ਸਿਸਟਮ ਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ। ਜੇ ਅਸੀਂ ਭਵਿੱਖ ਵੱਲ ਵੇਖੀਏ ਤਾਂ ਇਸ 'ਚ ਔਟੋ-ਯੂ. ਏ. ਐੱਸ. (ਮਨੁੱਖ ਰਹਿਤ ਜਹਾਜ਼ ਪ੍ਰਣਾਲੀ) ਅਤੇ ਕੁਆਂਟਮ ਤਕਨਾਲੋਜੀ ਦੀ ਵਰਤੋਂ ਵੀ ਸ਼ਾਮਲ ਹੈ। ਇਹ ਇਕ ਅਜਿਹਾ ਖੇਤਰ ਹੈ ਜੋ ਬਹੁਤ ਜਲਦੀ ਉਭਰੇਗਾ। ਅਸੀਂ ਇਨ੍ਹਾਂ ਸਾਰੀਆਂ ਚੀਜ਼ਾਂ ਤੋਂ ਪੂਰੀ ਤਰ੍ਹਾਂ ਜਾਣੂ ਹਾਂ।

ਵੋਟਰ ਸੂਚੀ 'ਚ ਨਾਂ ਸ਼ਾਮਲ ਕਰਵਾਉਣ ਲਈ ਫਾਰਮ 6 ਦਾਖਲ ਕਰ ਸਕਦੈ ਵੋਟਰ, ਚੋਣ ਕਮਿਸ਼ਨ ਦਾ ਅਹਿਮ ਬਿਆਨ

ਨਵੀਂ ਦਿੱਲੀ 22 ਅਕਤੂਬਰ। ਚੋਣ ਕਮਿਸ਼ਨ ਨੇ ਦਿੱਲੀ ਹਾਈ ਕੋਰਟ ਨੂੰ ਸੂਚਿਤ ਕੀਤਾ ਹੈ ਕਿ ਰਾਸ਼ਟਰੀ ਰਾਜਧਾਨੀ 'ਚ ਵਿਸ਼ੇਸ਼ ਤੀਬਰ ਸੋਧ (ਐੱਸ. ਆਈ. ਆਰ.) ਦੌਰਾਨ ਗਿਣਤੀ ਪ੍ਰਕਿਰਿਆ ਪੂਰੀ ਨਾ ਹੋਣ ਕਾਰਨ ਵੋਟਰ ਸੂਚੀਆਂ ਤੋਂ ਬਾਹਰ ਰਹਿ ਗਏ ਵੋਟਰ ਆਪਣੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਫਾਰਮ 6 ਦਾਖਲ ਕਰ ਸਕਦੇ ਹਨ। ਅਦਾਲਤ 2 ਪਟੀਸ਼ਨਰਾਂ ਨੂੰ ਵੋਟਰ ਸੂਚੀ 'ਚ ਦੁਬਾਰਾ ਸ਼ਾਮਲ ਕਰਨ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ ਸੁਣਵਾਈ ਕਰ ਰਹੀ ਸੀ। ਅਦਾਲਤ ਨੇ ਇਹ ਕਹਿੰਦੇ ਹੋਏ ਪਟੀਸ਼ਨ 'ਤੇ ਸੁਣਵਾਈ ਬੰਦ ਕਰ ਦਿੱਤੀ ਕਿ ਪਟੀਸ਼ਨਕਰਤਾਵਾਂ ਦਾ ਇਹ ਖਦਸ਼ਾ ਕਿ ਜੇ ਉਨ੍ਹਾਂ ਨੇ ਫਾਰਮ 6 ਦਾਖਲ ਕੀਤਾ ਤਾਂ ਉਨ੍ਹਾਂ 'ਤੇ ਗਲਤ ਐਲਾਨ ਕਰਨ ਦਾ ਦੋਸ਼ ਲਾਇਆ ਜਾਵੇਗਾ, ਠੀਕ ਨਹੀਂ ਹੈ। ਫਾਰਮ 6 ਵੋਟਰ ਸੂਚੀ 'ਚ ਨਵੇਂ ਸਿਰੇ ਤੋਂ ਨਾਂ ਸ਼ਾਮਲ ਕਰਨ ਲਈ ਨਿਰਧਾਰਤ ਅਰਜ਼ੀ ਹੈ। ਬਿਨੈਕਾਰ ਨੂੰ ਆਪਣੀ ਨਿੱਜੀ ਜਾਣਕਾਰੀ ਦੇ ਵੇਰਵੇ ਪ੍ਰਦਾਨ ਕਰਨੇ ਚਾਹੀਦੇ ਹਨ। ਬਿਨੈਕਾਰਾਂ ਨੂੰ ਇਹ ਵੀ ਐਲਾਨ ਕਰਨਾ ਚਾਹੀਦਾ ਹੈ ਕਿ ਉਹ ਪਹਿਲੀ ਵਾਰ ਵੋਟਰ ਸੂਚੀ 'ਚ ਸ਼ਾਮਲ ਹੋਣ ਲਈ ਅਰਜ਼ੀ ਦੇ ਰਹੇ ਹਨ। ਗਲਤ ਐਲਾਨ ਕਰਨ ਨਾਲ ਸਜ਼ਾਯੋਗ ਕਾਰਵਾਈ ਹੋ ਸਕਦੀ ਹੈ।

ਹਿਮਾਚਲ 'ਚ ਜਲਦੀ ਹੋਵੇਗਾ ਕੈਬਨਿਟ ਵਿਸਥਾਰ ਅਤੇ ਫੇਰਬਦਲ, ਮੁੱਖ ਮੰਤਰੀ ਸੁੱਖੂ ਨੇ ਦਿੱਤੇ ਸੰਕੇਤ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਨੈਸ਼ਨਲ ਡੈਸਕ 22 ਅਕਤੂਬਰ। ਹਿਮਾਚਲ ਪ੍ਰਦੇਸ਼ ਦੇ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਨੇ ਕਿਹਾ ਕਿ ਵੋਟਰ ਸੂਚੀਆਂ ਦੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦੇ ਖਿਲਾਫ ਦਿੱਲੀ ਵਿੱਚ ਇੱਕ ਵੱਡਾ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਵਿੱਚ 9©491 ਗੱਠਜੋੜ ਦੇ ਨੇਤਾਵਾਂ ਦੇ ਹਿੱਸਾ ਲੈਣ ਦੀ ਉਮੀਦ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਤੋਂ ਪਹਿਲਾਂ ਮੰਤਰੀ ਮੰਡਲ ਦਾ ਵਿਸਥਾਰ ਅਤੇ ਫੇਰਬਦਲ ਕੀਤਾ ਜਾਵੇਗਾ। ਉਨ੍ਹਾਂ ਐਤਵਾਰ ਨੂੰ ਸ਼ਿਮਲਾ ਵਿੱਚ ਹਿਮਾਚਲ ਪ੍ਰਦੇਸ਼ ਸਕੱਤਰੇਤ ਦੀਆਂ ਦੋ ਨਵੀਆਂ ਇਮਾਰਤਾਂ ਦਾ ਉਦਘਾਟਨ ਕਰਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕੀਤੀ। ਦਸੰਬਰ ਵਿੱਚ ਕਾਂਗਰਸ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਤੋਂ ਪਹਿਲਾਂ ਮੰਤਰੀ ਮੰਡਲ ਦੇ ਵਿਸਥਾਰ ਜਾਂ ਫੇਰਬਦਲ ਦੀ ਸੰਭਾਵਨਾ ਬਾਰੇ ਪੁੱਛਿਆ ਗਿਆ ਤਾਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਮਾਮਲੇ 'ਤੇ ਪਾਰਟੀ ਹਾਈਕਮਾਂਡ ਨਾਲ ਚਰਚਾ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਤਿੰਨ ਸਾਲ, 10 ਮਹੀਨੇ ਅਤੇ ਸੱਤ ਦਿਨ ਸੱਤਾ ਵਿੱਚ ਰਹੀ ਹੈ ਅਤੇ ਕੈਬਨਿਟ ਵਿਸਥਾਰ ਜਾਂ ਫੇਰਬਦਲ ਸੰਬੰਧੀ ਕੋਈ ਵੀ ਫੈਸਲਾ ਹਾਈਕਮਾਨ ਨਾਲ ਸਲਾਹ-ਮਸ਼ਵਰਾ ਕਰਨ ਤੋਂ ਬਾਅਦ ਹੀ ਲਿਆ ਜਾਵੇਗਾ। ਐਸਆਈਆਰ ਬਾਰੇ ਸੁੱਖੂ ਨੇ ਕਿਹਾ ਕਿ ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ ਵੋਟਰ ਸੂਚੀ ਦੀ ਸੋਧ ਬਾਰੇ ਆਪਣੀਆਂ ਚਿੰਤਾਵਾਂ ਉਠਾਉਣ ਦੀ ਤਿਆਰੀ ਕਰ ਰਹੀਆਂ ਹਨ। ਸੁੱਖੂ ਨੇ ਕਿਹਾ, ਬਹੁਤ ਜਲਦੀ, ਦਿੱਲੀ ਵਿੱਚ SIR ਮੁੱਦੇ 'ਤੇ ਇੱਕ ਵੱਡੀ ਰੈਲੀ ਕੀਤੀ ਜਾਵੇਗੀ, ਜਿਸ ਵਿੱਚ 'ਭਾਰਤ' ਗੱਠਜੋੜ ਵਿੱਚ ਸਾਰੀਆਂ ਪਾਰਟੀਆਂ ਦੇ ਨੇਤਾ ਇਕੱਠੇ ਹੋਣਗੇ। ਮੁੱਖ ਮੰਤਰੀ ਨੇ ਕਿਹਾ ਕਿ ਇਹ ਵਿਰੋਧੀ ਧਿਰ ਦੀ ਸੰਵਿਧਾਨਕ ਜ਼ਿੰਮੇਵਾਰੀ ਹੈ ਕਿ ਉਹ ਉਨ੍ਹਾਂ ਮੁੱਦਿਆਂ ਵਿਰੁੱਧ ਆਪਣੀ ਆਵਾਜ਼ ਬੁਲੰਦ ਕਰੇ, ਜਿਨ੍ਹਾਂ ਨੂੰ ਉਹ ਗਲਤ ਸਮਝਦੀ ਹੈ। ਮੁੱਖ ਵਿਰੋਧੀ ਪਾਰਟੀ ਹੋਣ ਦੇ ਨਾਤੇ ਕਾਂਗਰਸ ਰਾਹੁਲ ਗਾਂਧੀ ਦੀ ਅਗਵਾਈ ਹੇਠ ਇਸ ਮੁਹਿੰਮ ਦੀ ਅਗਵਾਈ ਕਰ ਰਹੀ ਹੈ। ਇਹ ਪੁੱਛੇ ਜਾਣ 'ਤੇ ਕਿ ਕੀ ਹਿਮਾਚਲ ਪ੍ਰਦੇਸ਼ ਅਤੇ ਹੋਰ ਰਾਜਾਂ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇਹ ਵਿਰੋਧ ਪ੍ਰਦਰਸ਼ਨ ਤੇਜ਼ ਹੋ ਸਕਦੇ ਹਨ, ਸੁੱਖੂ ਨੇ ਕਿਹਾ, ਐਸਆਈਆਰ ਦਾ ਪ੍ਰਭਾਵ ਦੇਸ਼ ਭਰ ਵਿੱਚ ਮਹਿਸੂਸ ਕੀਤਾ ਜਾਵੇਗਾ। ਇਸ ਵਿੱਚ ਕੋਈ ਸ਼ੱਕ ਨਹੀਂ ਹੈ।

ਕਾਂਗਰਸ ਨੇ ਉੱਤਰਾਖੰਡ ਵਿਧਾਨ ਸਭਾ ਚੋਣਾਂ ਲਈ ਕੱਸੀ ਕਮਰ, ਨਵੇਂ ਅਹੁਦੇਦਾਰਾਂ ਨੂੰ ਸੌਂਪੀਆਂ ਜ਼ਿੰਮੇਵਾਰੀਆਂ

ਦੇਹਰਾਦੂਨ 22 ਅਕਤੂਬਰ। ਕਾਂਗਰਸ ਨੇ ਉੱਤਰਾਖੰਡ ਵਿਧਾਨ ਸਭਾ ਚੋਣਾਂ ਲਈ ਕਮਰ ਕੱਸ ਲਈ ਹੈ। ਆਲ ਇੰਡੀਆ ਕਾਂਗਰਸ ਕਮੇਟੀ (ਏ. ਆਈ. ਸੀ. ਸੀ.) ਨੇ ਉੱਤਰਾਖੰਡ 'ਚ 2027 'ਚ ਪ੍ਰਸਤਾਵਿਤ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸੂਬੇ 'ਚ ਨਵੇਂ ਨਿਯੁਕਤ ਕੀਤੇ ਅਹੁਦੇਦਾਰਾਂ ਨੂੰ ਐਤਵਾਰ ਨੂੰ ਜ਼ਿੰਮੇਵਾਰੀਆਂ ਸੌਂਪੀਆਂ। ਅਹੁਦੇਦਾਰਾਂ ਨੇ ਦੱਸਿਆ ਕਿ ਪਾਰਟੀ ਸੰਗਠਨ ਨੂੰ ਹੋਰ ਮਜ਼ਬੂਤ ਅਤੇ ਸਰਗਰਮ ਬਣਾਉਣ ਲਈ ਨਵ-ਨਿਯੁਕਤ ਅਹੁਦੇਦਾਰਾਂ ਨੂੰ ਜ਼ਿਲ੍ਹਿਆਂ, ਮਹਾਨਗਰਾਂ, ਵਿਧਾਨ ਸਭਾ ਖੇਤਰਾਂ ਅਤੇ ਵੱਖ-ਵੱਖ ਸਬੰਧਤ ਸੰਗਠਨਾਂ, ਵਿਭਾਗਾਂ ਅਤੇ ਸੈੱਲਾਂ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਉੱਤਰਾਖੰਡ ਪ੍ਰਦੇਸ਼ ਕਾਂਗਰਸ ਕਮੇਟੀ ਦੇ ਉਪ-ਪ੍ਰਧਾਨ ਰਾਜੀਵ ਮਹਰਸ਼ੀ ਨੇ ਕਿਹਾ ਕਿ ਏ. ਆਈ. ਸੀ. ਸੀ. ਲੀਡਰਸ਼ਿਪ ਨੇ ਆਗਾਮੀ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ 'ਚ ਤੇਜ਼ੀ ਲਿਆਉਣ ਅਤੇ ਸੂਬਾ ਸੰਗਠਨ ਨੂੰ ਮਜ਼ਬੂਤ ਕਰਨ ਲਈ ਇਹ ਅਹਿਮ ਫੈਸਲਾ ਲਿਆ ਹੈ। ਉਨ੍ਹਾਂ ਕਿਹਾ, ''ਕਾਂਗਰਸ ਲੀਡਰਸ਼ਿਪ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਉਨ੍ਹਾਂ ਦੀ ਸੰਗਠਨਾਤਮਕ ਸਮਰੱਥਾ, ਤਜਰਬੇ ਅਤੇ ਕਾਰਜਕੁਸ਼ਲਤਾ ਦੇ ਆਧਾਰ 'ਚ ਇਹ ਜ਼ਿੰਮੇਵਾਰੀਆਂ ਸੌਂਪੀਆਂ ਹਨ, ਤਾਂ ਜੋ ਪੂਰੇ ਸੂਬੇ 'ਚ ਪਾਰਟੀ ਦੀਆਂ ਸਰਗਰਮੀਆਂ ਪ੍ਰਭਾਵਸ਼ਾਲੀ ਢੰਗ ਨਾਲ ਚੱਲ ਸਕਣ।'' ਮਹਰਸ਼ੀ ਨੇ ਦੱਸਿਆ ਕਿ ਸੂਬੇ ਦੇ ਅਹੁਦੇਦਾਰਾਂ ਨੂੰ ਵਿਸ਼ੇਸ਼ ਜ਼ਿੰਮੇਵਾਰੀਆਂ ਸੌਂਪ ਕੇ ਪਾਰਟੀ ਦਾ ਟੀਚਾ ਸੰਗਠਨਾਤਮਕ ਸਰਗਰਮੀਆਂ 'ਚ ਤੇਜ਼ੀ ਲਿਆਉਣਾ ਅਤੇ ਪਾਰਟੀ ਵਰਕਰਾਂ ਵਿਚਾਲੇ ਬਿਹਤਰ ਤਾਲਮੇਲ ਕਾਇਮ ਕਰਨਾ ਹੈ। ਉਨ੍ਹਾਂ ਕਿਹਾ, ''ਸਾਰੇ ਨਵ-ਨਿਯੁਕਤ ਅਹੁਦੇਦਾਰਾਂ ਤੋਂ ਉਮੀਦ ਕੀਤੀ ਜਾਂਦੀ ਹੈ ਕਿ ਉਹ ਆਪਣੇ-ਆਪਣੇ ਨਿਰਧਾਰਿਤ ਖੇਤਰਾਂ 'ਚ ਪਾਰਟੀ ਦੇ ਅਹੁਦੇਦਾਰਾਂ ਅਤੇ ਵਰਕਰਾਂ ਨਾਲ ਲਗਾਤਾਰ ਸੰਪਰਕ ਅਤੇ ਤਾਲਮੇਲ ਬਣਾਈ ਰੱਖਣ ਅਤੇ ਬੂਥ ਪੱਧਰ ਤੱਕ ਸੰਗਠਨ ਨੂੰ ਮਜ਼ਬੂਤ ਕਰਨ ਦੀ ਦਿਸ਼ਾ 'ਚ ਕੰਮ ਕਰਨ।''

'72 ਘੰਟਿਆਂ ਦੀ ਦੇਰੀ ਰੇਪ ਪੀੜਤਾ ਦੀ ਗਵਾਹੀ ਨੂੰ ਝੂਠਾ ਸਾਬਿਤ ਨਹੀਂ ਕਰ ਸਕਦਾ..!' ; ਝਾਰਖੰਡ ਹਾਈ ਕੋਰਟ

ਕੌਮੀ ਪਤ੍ਰਿਕਾ

ਇੰਟਰਨੈਸ਼ਨਲ ਡੈਸਕ 22 ਅਕਤੂਬਰ। ਇੱਕ ਅਹਿਮ ਅਤੇ ਇਤਿਹਾਸਕ ਫੈਸਲੇ 'ਚ ਝਾਰਖੰਡ ਹਾਈ ਕੋਰਟ ਨੇ ਗੈਂਗਰੇਪ ਦੇ ਇੱਕ ਮਾਮਲੇ 'ਚ 4 ਦੋਸ਼ੀਆਂ ਦੀ ਸਜ਼ਾ ਨੂੰ ਬਰਕਰਾਰ ਰੱਖਿਆ ਹੈ। ਹਾਈ ਕੋਰਟ ਨੇ ਸਪੱਸ਼ਟ ਕੀਤਾ ਹੈ ਕਿ FIR ਦਰਜ ਕਰਵਾਉਣ 'ਚ 3 ਦਿਨਾਂ ਦੀ ਦੇਰੀ, ਪੀੜਤਾ ਦੁਆਰਾ ਮੁਲਜ਼ਮਾਂ ਦੇ ਨਾਂ ਨਾ ਜਾਣਨਾ ਅਤੇ 72 ਘੰਟਿਆਂ ਬਾਅਦ ਡਾਕਟਰੀ ਰਿਪੋਰਟ ਦਾ ਆਉਣਾ ਪੀੜਤਾ ਦੀ ਗਵਾਹੀ ਨੂੰ ਰੱਦ ਨਹੀਂ ਕਰ ਸਕਦਾ। ਅਦਾਲਤ ਨੇ ਪੀੜਤਾ ਨੂੰ ਬੇਹੱਦ ਭਰੋਸੇਮੰਦ ਅਤੇ ਸੱਚੀ ਗਵਾਹ ਕਰਾਰ ਦਿੰਦਿਆਂ ਕਿਹਾ ਕਿ ਉਸ ਦੇ ਸਰੀਰ 'ਤੇ ਮੌਜੂਦ ਸੱਟਾਂ ਦੇ ਨਿਸ਼ਾਨ ਉਸ ਨਾਲ ਹੋਈ ਤਸ਼ੱਦਦ ਦੀ ਪੁਸ਼ਟੀ ਕਰਦੇ ਹਨ। ਜਸਟਿਸ ਆਨੰਦ ਸੇਨ ਅਤੇ ਜਸਟਿਸ ਪ੍ਰਦੀਪ ਕੁਮਾਰ ਸ਼੍ਰੀਵਾਸਤਵ ਦੇ ਡਿਵੀਜ਼ਨ ਬੈਂਚ ਨੇ ਜਮਸ਼ੇਦਪੁਰ ਦੀ ਫਾਸਟ ਟ੍ਰੈਕ ਕੋਰਟ ਦੇ ਅਗਸਤ 2018 ਦੇ ਫੈਸਲੇ ਨੂੰ ਬਰਕਰਾਰ ਰੱਖਿਆ ਹੈ। ਟ੍ਰਾਇਲ ਕੋਰਟ ਨੇ ਦੋਸ਼ੀਆਂ ਨੂੰ Section CGFD (IPC) ਤਹਿਤ 20 ਸਾਲ ਦੀ

ਅਜਨਾਲਾ 'ਚ ਟਰਾਂਸਫਾਰਮਰਾਂ 'ਚੋਂ ਤੇਲ ਚੋਰੀ ਕਰਨ ਵਾਲਾ ਗਿਰੋਹ ਬੇਨਕਾਬ, ਕਿਸਾਨਾਂ ਨੇ ਚੋਰ ਫੜ ਕੇ ਕੀਤਾ ਪੁਲਸ ਹਵਾਲੇ

ਕੌਮੀ ਪੜ੍ਹਿਕਾ

ਅਜਨਾਲਾ 22 ਅਕਤੂਬਰ। ਅਜਨਾਲਾ ਸ਼ਹਿਰ 'ਚ ਅੱਜ ਉਸ ਵੇਲੇ ਹੰਗਾਮਾ ਖੜ੍ਹਾ ਹੋ ਗਿਆ, ਜਦੋਂ ਪਿੰਡ ਅੰਬ ਕੋਟਲੀ ਦੇ ਕਿਸਾਨਾਂ ਨੇ ਤੇਲ ਚੋਰੀ ਦੇ ਮਾਮਲੇ 'ਚ ਇੱਕ ਮੁਲਜ਼ਮ ਨੂੰ ਕਾਬੂ ਕਰਕੇ ਪੁਲਸ ਨੂੰ ਸੌਂਪ ਦਿੱਤਾ। ਮਿਲੀ ਜਾਣਕਾਰੀ ਅਨੁਸਾਰ ਪਿੰਡ ਕੋਟਲੀ ਅੰਬ ਦੇ 5 ਦੇ ਕਰੀਬ ਕਿਸਾਨਾਂ ਨੂੰ ਆਪੋ-ਆਪਣੇ ਟ?ਰਾਂਸਫਾਰਮਰਾਂ ਵਿੱਚੋਂ ਤੇਲ ਚੋਰੀ ਹੋਣ ਦੀ ਸੂਚਨਾ ਮਿਲੀ ਤਾਂ ਇਸ ਦੌਰਾਨ ਉਨ੍ਹਾਂ ਦੇਖਿਆ ਕਿ ਚੋਰਾਂ ਵੱਲੋਂ ਚੋਰੀ ਕੀਤੇ ਗਏ ਤੇਲ ਦੇ ਰੁੜਨ ਦੇ ਨਿਸ਼ਾਨ ਚੋਰ ਦੇ ਘਰ ਤੱਕ ਜਾ ਰਹੇ ਸਨ। ਇਸ ਦੀ ਪੈੜ ਨੱਪਦੇ ਹੋਏ ਕਿਸਾਨਾਂ ਨੇ ਚੋਰ ਨੂੰ ਫੜਨ ਵਿੱਚ ਕਾਮਯਾਬੀ ਹਾਸਿਲ ਕੀਤੀ। ਇਸ ਮੌਕੇ ਕਿਸਾਨ ਕਰਮਬੀਰ ਸਿੰਘ ਗੋਲਡੀ ਰਿਆੜ, ਨੰਬਰਦਾਰ ਜਗਦੀਪ ਸਿੰਘ ਕੋਟਲੀ ਅੰਬ, ਸਰਫਰਾਜ ਸਿੰਘ ਆਦਿ ਕਿਸਾਨਾਂ ਦਾ ਦੋਸ਼ ਹੈ ਕਿ ਫੜਿਆ ਗਿਆ ਵਿਅਕਤੀ ਚੋਰੀ ਦਾ ਟਰਾਂਸਫਾਰਮਰ ਦਾ ਤੇਲ ਖਰੀਦ ਕੇ ਜਗਦੇਵ ਖੁਰਦ ਰੋਡ ਅਜਨਾਲਾ ਵਿਖੇ ਬਣੇ ਆਪਣੇ ਘਰ 'ਚ ਸਟੋਰ ਕਰਦਾ ਸੀ। ਉੱਧਰ ਇਸ ਬਾਰੇ ਮਿਲੀ ਜਾਣਕਾਰੀ ਅਨੁਸਾਰ ਜਿਵੇਂ ਹੀ ਕਿਸਾਨਾਂ ਨੂੰ ਇਸਦੀ ਭਿਣਕ ਲੱਗੀ, ਵੱਡੀ ਗਿਣਤੀ 'ਚ ਇਲਾਕੇ

ਦੇ ਕਿਸਾਨ ਅਜਨਾਲਾ ਦੇ ਜਗਦੇਵ ਖੁਰਦ ਰੋਡ ਵਿਖੇ ਮੌਕੇ 'ਤੇ ਇਕੱਠੇ ਹੋ ਗਏ। ਇਸ ਮੌਕੇ ਸੂਚਨਾ ਮਿਲਦੇ ਹੀ ਪੁਲਸ ਪਾਰਟੀ ਮੌਕੇ 'ਤੇ ਪਹੁੰਚੀ ਅਤੇ ਚੋਰੀ ਦਾ ਤੇਲ ਖਰੀਦਣ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਸ਼ਮਸ਼ੇਰ ਸਿੰਘ ਨੂੰ ਗ੍ਰਿਫ਼ਤਾਰ ਲਿਆ। ਇਸ ਮੌਕੇ ਉਹਨਾਂ ਦੋਸ਼ ਲਾਉਂਦਿਆਂ ਕਥਿਤ ਤੌਰ 'ਤੇ ਦੱਸਿਆ ਕਿ ਉਕਤ ਵਿਅਕਤੀ ਵੱਲੋਂ ਚੋਰੀ ਦਾ ਤੇਲ ਖਰੀਦ ਗੱਡੀਆਂ ਵਿੱਚ ਵਰਤਦਾ ਸੀ। ਇਸ ਮੌਕੇ ਉਹਨਾਂ ਹਜ਼ਾਰਾਂ ਲੀਟਰ ਚੋਰੀ ਦਾ ਤੇਲ ਚੋਰ ਦੇ ਘਰੋਂ ਬਰਾਮਦ ਹੋਣ ਦਾ ਦਾਅਵਾ ਕਰਦਿਆਂ ਦੱਸਿਆ ਕਿ ਉਕਤ ਵਿਅਕਤੀ ਨੇ ਆਪਣੇ ਘਰ ਵਿੱਚ ਲੋਹੇ ਡਾਰੰਮਾਂ, ਟੈਂਕੀਆਂ, ਪਲਾਸਟਿਕ ਦੇ ਲਿਫ਼ਾਫ਼?ਆਂ ਆਦਿ ਚੀਜ਼ਾਂ ਵਿੱਚ ਵੱਡੀ ਮਾਤਰਾ ਵਿੱਚ ਪਾ ਕੇ ਤੇਲ ਸਟੋਰ ਕੀਤਾ ਹੋਇਆ ਸੀ। ਇਸ ਮੌਕੇ ਇਕੱਤਰ ਹੋਏ ਕਿਸਾਨਾਂ ਨੇ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇ ਤਾਂ ਜੋ ਪਤਾ ਲੱਗ ਸਕੇ ਕਿ ਇਸ ਪਿੱਛੇ ਹੋਰ ਕਿੰਨੇ ਲੋਕ ਸ਼ਾਮਲ ਹਨ, ਕਿਉਂਕਿ ਤੇਲ ਚੋਰੀ ਕਾਰਨ ਉਨ੍ਹਾਂ ਦੇ ਟਰਾਂਸਫਾਰਮਰ ਸੜ ਰਹੇ ਹਨ ਤੇ ਫਸਲਾਂ ਦਾ ਨੁਕਸਾਨ ਹੋ ਰਿਹਾ ਹੈ। ਇਸ ਮੌਕੇ ਪਤਾ ਲੱਗਣ 'ਤੇ ਪੁਲਸ ਕਰਮਚਾਰੀਆਂ ਨਾਲ ਮੌਕੇ 'ਤੇ ਪੁੱਜੇ ਪੁਲਸ ਥਾਣਾ ਅਜਨਾਲਾ ਦੇ ਐੱਸ.ਐੱਚ.ਓ. ਸਬ-ਇੰਸਪੈਕਟਰ ਨਰਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਵਲੋਂ ਸ਼ਮਸ਼ੇਰ ਸਿੰਘ ਸਮੇਤ ਇਕ ਹੋਰ ਨੌਜਵਾਨ ਨੂੰ ਹਿਰਾਸਤ ਵਿਚ ਲਿਆ ਗਿਆ ਅਤੇ ਬਣਦਾ ਮਾਮਲਾ ਦਰਜ ਕਰਕੇ ਇਸ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਸ਼ੁਰੂ ਕਰ ਦਿੱਤੀ ਹੈ।

ਸ਼ਰਮਨਾਕ ! ਮਹਾਰਾਸ਼ਟਰ 'ਚ ਔਰਤ ਨਾਲ ਪਤੀ ਦੇ 2 ਦੋਸਤਾਂ ਨੇ ਕੀਤਾ ਸਮੂਹਿਕ ਜਬਰ-ਜ਼ਨਾਹ

ਪਾਲਘਰ, 22 ਅਕਤੂਬਰ। ਮਹਾਰਾਸ਼ਟਰ ਦੇ ਪਾਲਘਰ ਜ਼ਿਲੇ 'ਚ ਇਕ ਔਰਤ ਨਾਲ ਕਥਿਤ ਤੌਰ 'ਤੇ ਸਮੂਹਿਕ ਜਬਰ-ਜ਼ਨਾਹ ਕਰਨ ਦੇ ਦੋਸ਼ ਹੇਠ ਉਸ ਦੇ ਪਤੀ ਦੇ 2 ਦੋਸਤਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲਸ ਨੇ ਸ਼ਨੀਵਾਰ ਦੱਸਿਆ ਕਿ ਇਕ ਸ਼ਿਕਾਇਤ ਦੇ ਆਧਾਰ 'ਤੇ ਵਿਰਾਰ ਪੁਲਸ ਨੇ ਸ਼ੁੱਕਰਵਾਰ ਮੁਲਜ਼ਮ ਸੂਰਜ ਯਾਦਵ ਅਤੇ ਵਿਸ਼ਾਲ ਨੂੰ ਗ੍ਰਿਫ਼ਤਾਰ ਕੀਤਾ। ਮੁਲਜ਼ਮਾਂ ਨੇ ਔਰਤ ਨੂੰ ਧਮਕੀ ਦਿੱਤੀ ਸੀ ਕਿ ਜੇ ਉਸ ਨੇ ਇਸ ਘਟਨਾ ਬਾਰੇ ਕਿਸੇ ਨੂੰ ਦੱਸਿਆ ਤਾਂ ਉਹ ਉਸ ਦੇ 4 ਸਾਲ ਦੇ ਪੁੱਤਰ ਨੂੰ ਮਾਰ ਦੇਣਗੇ। ਮੁਲਜ਼ਮਾਂ ਨੂੰ ਸਥਾਨਕ ਅਦਾਲਤ 'ਚ ਪੇਸ਼ ਕੀਤਾ ਗਿਆ, ਜਿੱਥੋਂ ਉਨ੍ਹਾਂ ਨੂੰ 4 ਦਿਨਾਂ ਦੀ ਪੁਲਸ ਹਿਰਾਸਤ 'ਚ ਭੇਜ ਦਿੱਤਾ ਗਿਆ। ਸੀਨੀਅਰ ਪੁਲਸ ਇੰਸਪੈਕਟਰ ਲਾਲੂ ਤੁਰੇ ਨੇ ਕਿਹਾ ਕਿ ਦੋਵਾਂ ਮੁਲਜ਼ਮਾਂ ਨੇ 8 ਅਕਤੂਬਰ ਦੀ ਰਾਤ ਨੂੰ ਔਰਤ ਨਾਲ ਕਥਿਤ ਤੌਰ 'ਤੇ ਸਮੂਹਿਕ ਜਬਰ-ਜ਼ਨਾਹ ਕੀਤਾ ਸੀ। ਉਦੋਂ ਉਸ ਦਾ ਪਤੀ ਘਰੋਂ ਬਾਹਰ ਸੀ। ਦੋਵੇਂ ਮੁਲਜ਼ਮ ਔਰਤ ਦੇ ਪਤੀ ਦੇ ਦੋਸਤ ਸਨ ਤੇ ਅਕਸਰ ਉਸ ਦੇ ਘਰ ਆਉਂਦੇ ਰਹਿੰਦੇ ਸਨ।

ਜਵਾਹਰ ਲਾਲ ਪੁਰਾਣਾ ਭਾਜਪਾ ਸਟੇਟ ਕਾਰਜਕਾਰਨੀ ਮੈਂਬਰ ਨਿਯੁਕਤ

ਟਾਂਡਾ ਉੜਮੁੜ 22 ਅਕਤੂਬਰ। ਸਾਬਕਾ ਚੇਅਰਮੈਨ ਅਤੇ ਸਾਬਕਾ ਜ਼ਿਲਾ ਪ੍ਰਧਾਨ ਭਾਜਪਾ ਜਵਾਹਰ ਲਾਲ ਖੁਰਾਣਾ ਭਾਜਪਾ ਨੂੰ ਭਾਰਤੀ ਜਨਤਾ ਪਾਰਟੀ ਨੇ ਸਟੇਟ ਕਾਰਜਕਾਰਨੀ ਮੈਂਬਰ ਨਿਯੁਕਤ ਕੀਤਾ ਹੈ। ਪਾਰਟੀ ਹਾਈ ਕਮਾਂਡ ਵੱਲੋਂ ਜਾਰੀ ਸੂਚੀ ਅਨੁਸਾਰ ਜਵਾਹਰ ਖੁਰਾਣਾ ਨੂੰ ਇੱਕ ਵਾਰ ਫਿਰ ਤੋਂ ਸਟੇਟ ਐਗਜੈਕਟਿਵ ਮੈਂਬਰ ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਪਾਰਟੀ ਹਾਈ ਕਮਾਂਡ ਵੱਲੋਂ ਕੀਤੀ ਗਈ ਇਸ ਨਿਯੁਕਤੀ ਤੇ ਜਵਾਹਰ ਲਾਲ ਖੁਰਾਣਾ ਨੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਭਾਜਪਾ ਦੀਆਂ ਲੋਕ ਸਾਰੂ ਨੀਤੀਆਂ ਨੂੰ ਘਰ ਘਰ ਪਹੁੰਚਾਉਣ ਲਈ ਵਿਸ਼ੇਸ਼ ਯਤਨ ਕਰਨਗੇ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿਦਰ ਮੋਦੀ ਵੱਲੋਂ ਜੋ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਇਆ ਜਾ ਰਿਹਾ ਹੈ ਉਸਨੂੰ ਦੇਖਦੇ ਹੋਏ ਪੰਜਾਬ ਦੇ ਲੋਕ ਆਉਣ ਵਾਲੇ ਸਮੇਂ ਵਿੱਚ ਭਾਜਪਾ ਦੇ ਹੱਕ ਵਿੱਚ ਸਮਰਥਨ ਦਿੰਦੇ ਹੋਏ ਪਾਰਟੀ ਦਾ ਸਾਥ ਦੇਣਗੇ।

ਫਿਰੋਜ਼ਪੁਰ ਰੇਲ ਮੰਡਲ ਨੂੰ ਬੰਗਲਾਦੇਸ਼ ਨੂੰ ਕੋਚ ਨਿਰਯਾਤ ਕਰਨ ਨਾਲ 91.73 ਲੱਖ ਦਾ ਮਾਲੀਆ ਪ੍ਰਾਪਤ

ਫਿਰੋਜ਼ਪੁਰ 22 ਅਕਤੂਬਰ। ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੇ ਮਾਰਗਦਰਸ਼ਨ ਵਿਚ ਫਿਰੋਜ਼ਪੁਰ ਮੰਡਲ ਦੀ ਬਿਜ਼ਨਸ ਡਿਵੈਲਪਮੈਂਟ ਯੂਨਿਟ ਦੇ ਯਤਨਾਂ ਨਾਲ 18 ਐੱਲਐੱਚਬੀ ਕੋਚਾਂ ਦੀ ਪਹਿਲੀ ਰੇਕ 11 ਅਕਤੂਬਰ ਨੂੰ ਹੁਸੈਨਪੁਰ ਰੇਲਵੇ ਸਟੇਸ਼ਨ ਤੋਂ ਬੰਗਲਾਦੇਸ਼ ਦੇ ਦਰਸ਼ਨਾਂ ਰੇਲਵੇ ਸਟੇਸ਼ਨ ਲਈ ਸਫਲਤਾਪੂਰਵਕ ਰਵਾਨਾ ਹੋਈ। ਇਨ੍ਹਾਂ 18 ਐਲਐਚਬੀ ਕੋਚਾਂ ਨੂੰ ਰੇਲ ਕੋਚ ਫੈਕਟਰੀ ਕਪੂਰਥਲਾ ਵੱਲੋਂ ਨਿਰਮਿਤ ਕੀਤਾ ਗਿਆ ਹੈ ਜੋ ਇਕ ਮਹੱਤਵਪੂਰਨ ਪ੍ਰਾਪਤੀ ਹੈ। ਬੰਗਲਾਦੇਸ਼ ਰੇਲਵੇ ਦੀਆਂ ਚਾਲਕ ਅਤੇ ਯਾਤਰੀ ਲੋੜਾਂ ਨੂੰ ਪੂਰਾ ਕਰਨ ਲਈ ਇਨ੍ਹਾਂ ਕੋਚਾਂ ਨੂੰ ਵਿਸ਼ੇਸ਼ ਤੌਰ "ਤੇ ਤਿਆਰ ਕੀਤਾ ਗਿਆ ਹੈ। ਫਿਰੋਜ਼ਪੁਰ ਮੰਡਲ ਨੇ ਬੰਗਲਾਦੇਸ਼ ਰੇਲਵੇ ਨੂੰ ਰੇਲ ਕੋਚਾਂ ਦੇ ਨਿਰਯਾਤ ਰਾਹੀਂ 91.73 ਲੱਖ ਰੁਪਏ ਦਾ ਮਾਲੀਆ ਕਮਾਇਆ ਹੈ। ਇਹ ਜਾਣਕਾਰੀ ਦਿੰਦਿਆਂ ਸੀਨੀਅਰ ਮੰਡਲ ਵਣਜ ਪ੍ਰਬੰਧਕ/ਫਰੇਟ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਇਹ ਪ੍ਰਾਪਤੀ ਫਿਰੋਜ਼ਪੁਰ ਮੰਡਲ, ਰੇਲ ਕੋਚ ਫੈਕਟਰੀ ਕਪੂਰਥਲਾ, ਰਾਈਟਸ (ਰੇਲ ਇੰਡੀਆ ਟੈਕਨੀਕਲ ਐਂਡ ਇਕੋਨੋਮਿਕ ਸਰਵਿਸ) ਲਿਮਟਿਡ ਅਤੇ ਬੰਗਲਾਦੇਸ਼ ਰੇਲਵੇ ਵਿਚਾਲੇ ਬਿਹਤਰ ਤਾਲਮੇਲ ਦਾ ਨਤੀਜਾ ਹੈ। "ਮੇਕ ਇਨ ਇੰਡੀਆ, ਫਾਰ ਦ ਵਰਲਡ" ਦੇ ਵਿਜ਼ਨ ਅਨੁਸਾਰ ਇਹ ਪ੍ਰਾਪਤੀ ਦੇਸੀ ਰੇਲ ਕੋਚਾਂ ਦੇ ਨਿਰਯਾਤ ਨੂੰ ਉਤਸ਼ਾਹਿਤ ਕਰਨ ਅਤੇ ਵਿਸ਼ਵ ਰੇਲਵੇ ਖੇਤਰ ਵਿਚ ਭਾਰਤ ਦੀ ਮੌਜੂਦਗੀ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਦੱਸਿਆ ਕਿ ਫਿਰੋਜ਼ਪੁਰ ਮੰਡਲ ਦੀ ਇਹ ਪਹਿਲ ਬਿਜ਼ਨਸ ਡਿਵੈਲਪਮੈਂਟ ਯੂਨਿਟ ਦੇ ਯਤਨਾਂ ਅਤੇ ਵੱਖ-ਵੱਖ ਸੰਸਥਾਵਾਂ ਨਾਲ ਬਿਹਤਰ ਤਾਲਮੇਲ ਦਾ ਨਤੀਜਾ ਹੈ। ਇਸ ਨਾਲ ਭਾਰਤੀ ਰੇਲਵੇ ਦਾ ਮਾਲੀਆ ਵਧਾਉਣ ਦੇ ਨਾਲ-ਨਾਲ ਅੰਤਰਰਾਸ਼ਟਰੀ ਨਿਰਯਾਤ ਨੂੰ ਵੀ ਹੁਲਾਰਾ ਮਿਲੇਗਾ।

NAME CHANGE
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

NAME CHANGE
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

ARJUN BIDHURI Advocate
CH. NO.536, Saket Courts
New Delhi-110017.

NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs..), & Khasra No. 236 (222.5 sq. mtrs..), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

[NAVEEN KUMAR VERMA]
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

PUBLIC NOTICE
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.

Shyam Sharma (Adv)

PUBLIC NOTICE
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.

[RUPESH KUMAR ROUSHAN]
Advocate
D-803, Nandgram,
Ghaziabad,
Uttar Pradesh 201003
roushan.rupesh@gmail.com

NAME CHANGE
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

NAME CHANGE
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

NAME CHANGE
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

NAME CHANGE
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

NAME CHANGE
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

NAME CHANGE
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

NAME CHANGE
I, Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

NAME CHANGE
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

NAME CHANGE
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

NAME CHANGE
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

NAME CHANGE
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

NAME CHANGE
I SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAMPREET KAUR.

NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

NAME CHANGE
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

NAME CHANGE
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

NAME CHANGE
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

NAME CHANGE
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs..), & Khasra No. 236 (222.5 sq. mtrs..), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR

9ਵੀਂ ਹਾਕੀ ਏਸ਼ੀਅਨ ਚੈਂਪੀਅਨਜ਼ ਟਰਾਫ਼ੀ ਪੰਜਾਬ, 2026

ਜਲੰਧਰ - ਮੋਹਾਲੀ

27 ਅਕਤੂਬਰ - 5 ਨਵੰਬਰ, 2026

ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਛੇ ਦੇਸ਼, ਇੱਕ ਚੈਂਪੀਅਨਸ਼ਿਪ

ਮਿਤੀ	ਸਮਾਂ	ਟੀਮ vs ਟੀਮ	ਸਥਾਨ
27 ਅਕਤੂਬਰ, 2026	13:00	ਮਲੇਸ਼ੀਆ vs ਚੀਨ	ਜਲੰਧਰ
	15:15	ਜਾਪਾਨ vs ਕੋਰੀਆ	ਜਲੰਧਰ
	19:00	ਭਾਰਤ vs ਬੰਗਲਾਦੇਸ਼	ਜਲੰਧਰ
29 ਅਕਤੂਬਰ, 2026	14:30	ਮਲੇਸ਼ੀਆ vs ਕੋਰੀਆ	ਜਲੰਧਰ
	16:45	ਬੰਗਲਾਦੇਸ਼ vs ਜਾਪਾਨ	ਜਲੰਧਰ
	19:00	ਭਾਰਤ vs ਚੀਨ	ਜਲੰਧਰ
30 ਅਕਤੂਬਰ, 2026	14:30	ਬੰਗਲਾਦੇਸ਼ vs ਮਲੇਸ਼ੀਆ	ਜਲੰਧਰ
	16:45	ਕੋਰੀਆ vs ਚੀਨ	ਜਲੰਧਰ
	19:00	ਜਾਪਾਨ vs ਭਾਰਤ	ਜਲੰਧਰ
1 ਨਵੰਬਰ, 2026	14:30	ਕੋਰੀਆ vs ਬੰਗਲਾਦੇਸ਼	ਜਲੰਧਰ
	16:45	ਚੀਨ vs ਜਾਪਾਨ	ਜਲੰਧਰ
	19:00	ਮਲੇਸ਼ੀਆ vs ਭਾਰਤ	ਜਲੰਧਰ
2 ਨਵੰਬਰ, 2026	14:30	ਚੀਨ vs ਬੰਗਲਾਦੇਸ਼	ਜਲੰਧਰ
	16:45	ਜਾਪਾਨ vs ਮਲੇਸ਼ੀਆ	ਜਲੰਧਰ
	19:00	ਭਾਰਤ vs ਕੋਰੀਆ	ਜਲੰਧਰ
4 ਨਵੰਬਰ, 2026	14:00	ਪੂਲ ਵਿੱਚ ਪੰਜਵੀਂ ਅਤੇ ਛੇਵੀਂ ਪੁਜ਼ੀਸ਼ਨ ਦੀਆਂ ਟੀਮਾਂ ਵਿਚਾਲੇ ਮੈਚ	ਮੋਹਾਲੀ
	16:30	ਪੂਲ ਵਿੱਚ ਪਹਿਲੀ ਅਤੇ ਚੌਥੀ ਪੁਜ਼ੀਸ਼ਨ ਦੀਆਂ ਟੀਮਾਂ ਵਿਚਾਲੇ ਮੈਚ	ਮੋਹਾਲੀ
	19:00	ਪੂਲ ਵਿੱਚ ਦੂਜੀ ਅਤੇ ਤੀਜੀ ਪੁਜ਼ੀਸ਼ਨ ਦੀਆਂ ਟੀਮਾਂ ਵਿਚਾਲੇ ਮੈਚ	ਮੋਹਾਲੀ
5 ਨਵੰਬਰ, 2026	16:30	ਕਾਂਸੀ ਦੇ ਤਮਗ਼ੇ ਲਈ ਮੈਚ	ਮੋਹਾਲੀ
	19:00	ਸੋਨ ਤਮਗ਼ੇ ਲਈ ਮੈਚ	ਮੋਹਾਲੀ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

ਪੰਜਾਬ 'ਚ ਅਕਾਲੀ-ਭਾਜਪਾ ਗੱਠਜੋੜ ਦੀ ਮੁੜ ਚਰਚਾ

ਦੋਵਾਂ ਪਾਰਟੀਆਂ ਸਾਹਮਣੇ ਸਿਆਸੀ ਦੁਚਿੱਤੀ

ਵਿਸ਼ੇਸ਼ ਸਿਆਸੀ ਰਿਪੋਰਟ

ਪੰਜਾਬ ਦੀ ਸਿਆਸਤ ਵਿੱਚ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਵਿਚਾਲੇ ਮੁੜ ਗੱਠਜੋੜ ਹੋਣ ਦੀ ਚਰਚਾ ਤੇਜ਼ ਹੋ ਗਈ ਹੈ। ਪਿਛਲੇ ਦਿਨੀਂ ਹੋਈ ਪੰਜਾਬ ਭਾਜਪਾ ਦੀ ਕੋਰ ਕਮੇਟੀ ਦੀ ਮੀਟਿੰਗ ਵਿੱਚ ਪਾਰਟੀ ਦੇ ਕਈ ਸੀਨੀਅਰ ਆਗੂਆਂ ਨੇ ਪੰਜਾਬ ਮਾਮਲਿਆਂ ਦੇ ਇੰਚਾਰਜ ਸਤੀਸ਼ ਪੂਨੀਆ ਸਾਹਮਣੇ ਇਹ ਸਵਾਲ ਰੱਖਿਆ ਕਿ ਪਾਰਟੀ ਹਾਈ ਕਮਾਨ ਨੂੰ ਅਕਾਲੀ ਦਲ ਨਾਲ ਗੱਠਜੋੜ ਬਾਰੇ ਆਪਣੀ ਸਥਿਤੀ ਸਪੱਸ਼ਟ ਕਰਨੀ ਚਾਹੀਦੀ ਹੈ। ਦੂਜੇ ਪਾਸੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਵੀ ਕਾਂਗਰਸ ਅਤੇ ਆਮ ਆਦਮੀ ਪਾਰਟੀ ਨੂੰ ਛੱਡ ਕੇ ਹੋਰ ਹਮਖ਼ਿਆਲੀ ਪਾਰਟੀਆਂ ਨਾਲ ਗੱਠਜੋੜ ਕਰਨ ਦੀ ਸੰਭਾਵਨਾ ਖੁੱਲ੍ਹੀ ਰੱਖਣ ਦੇ ਬਿਆਨ ਨੇ ਇਸ ਚਰਚਾ ਨੂੰ ਹੋਰ ਹਵਾ ਦਿੱਤੀ ਹੈ।

ਇਨ੍ਹਾਂ ਦੋਵਾਂ ਘਟਨਾਵਾਂ ਨੂੰ ਇਕੱਠਿਆਂ ਵੇਖਿਆ ਜਾਵੇ ਤਾਂ ਸਵਾਲ ਪੈਦਾ ਹੁੰਦਾ ਹੈ ਕਿ ਕੀ ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਅਕਾਲੀ ਦਲ ਅਤੇ ਭਾਜਪਾ ਮੁੜ ਇੱਕ ਮੰਚ ਉੱਤੇ ਆ ਸਕਦੇ ਹਨ? ਕੀ ਦੋਵੇਂ ਪਾਰਟੀਆਂ ਵੱਖ-ਵੱਖ ਚੋਣਾਂ ਲੜਨ ਦੀ ਬਜਾਏ ਸਾਂਝੀ ਸਿਆਸੀ ਰਣਨੀਤੀ ਬਣਾਉਣ ਬਾਰੇ ਸੋਚ ਰਹੀਆਂ ਹਨ ਜਾਂ ਫਿਰ ਇਹ ਸਿਰਫ਼ ਸੰਭਾਵਨਾਵਾਂ ਨੂੰ ਪਰਖਣ ਦਾ ਦੌਰ ਹੈ? ਇਸ ਸਵਾਲ ਦਾ ਜਵਾਬ ਅਜੇ ਸਪੱਸ਼ਟ ਨਹੀਂ ਹੈ। ਦੋਵਾਂ ਪਾਰਟੀਆਂ ਵੱਲੋਂ ਗੱਠਜੋੜ ਦਾ ਕੋਈ ਅੰਤਿਮ ਫ਼ੈਸਲਾ ਮੋਲਾਨਿਆ ਨਹੀਂ ਗਿਆ।

ਭਾਜਪਾ ਕੋਰ ਕਮੇਟੀ ਵਿੱਚ ਕਿਉਂ ਉੱਠਿਆ ਗੱਠਜੋੜ ਦਾ ਸਵਾਲ?

ਭਾਜਪਾ ਦੀ ਕੋਰ ਕਮੇਟੀ ਦੀ ਮੀਟਿੰਗ ਵਿੱਚ ਅਕਾਲੀ ਦਲ ਨਾਲ ਭਵਿੱਖੀ ਗੱਠਜੋੜ ਬਾਰੇ ਸਪੱਸ਼ਟਤਾ ਮੰਗੇ ਜਾਣ ਦੀ ਸਿਆਸੀ ਮਹੱਤਤਾ ਹੈ। ਕਿਸੇ ਵੀ ਪਾਰਟੀ ਲਈ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਇਹ ਤੈਅ ਕਰਨਾ ਜ਼ਰੂਰੀ ਹੁੰਦਾ ਹੈ ਕਿ ਉਸ ਨੇ ਇਕੱਲਿਆਂ ਚੋਣ ਲੜਨੀ ਹੈ ਜਾਂ ਕਿਸੇ ਹੋਰ ਪਾਰਟੀ ਨਾਲ ਮਿਲ ਕੇ। ਸ਼ੇਖਾਵਤ ਭਾਜਪਾ ਨੇ ਪੰਜਾਬ ਦੀਆਂ ਸਾਰੀਆਂ 117 ਵਿਧਾਨ ਸਭਾ ਸੀਟਾਂ ਉੱਤੇ ਆਪਣੇ ਉਮੀਦਵਾਰ ਖੜ੍ਹੇ ਕਰਨੇ ਹਨ ਤਾਂ ਉਸ ਨੂੰ ਹਰ ਹਲਕੇ ਵਿੱਚ ਸੰਗਠਨਾਤਮਕ ਢਾਂਚਾ ਮਜ਼ਬੂਤ ਕਰਨਾ ਪਵੇਗਾ। ਇਸ ਲਈ ਉਮੀਦਵਾਰਾਂ ਦੀ ਚੋਣ, ਬੂਥ ਕਮੇਟੀਆਂ, ਵਰਕਰਾਂ ਦੀਆਂ ਜ਼ਿੰਮੇਵਾਰੀਆਂ ਅਤੇ ਚੋਣ ਪ੍ਰਚਾਰ ਦੀ ਰਣਨੀਤੀ ਸਮੇਂ ਸਿਰ ਤਿਆਰ ਕਰਨੀ ਪਵੇਗੀ।

ਪਰ ਜੇਕਰ ਅਕਾਲੀ ਦਲ ਨਾਲ ਗੱਠਜੋੜ ਹੋ ਜਾਂਦਾ ਹੈ ਤਾਂ ਪਾਰਟੀ ਨੂੰ ਸਿਰਫ਼ ਆਪਣੇ ਹਿੱਸੇ ਆਉਣ ਵਾਲੀਆਂ ਸੀਟਾਂ ਉੱਤੇ ਹੀ ਚੋਣ ਲੜਨੀ ਪਵੇਗੀ। ਅਜਿਹੀ ਸਥਿਤੀ ਵਿੱਚ ਉਮੀਦਵਾਰਾਂ ਦੀ ਚੋਣ ਅਤੇ ਸਥਾਨਕ ਲੀਡਰਸ਼ਿਪ ਦੀਆਂ ਜ਼ਿੰਮੇਵਾਰੀਆਂ ਵੀ ਬਦਲ ਜਾਣਗੀਆਂ।

ਇਹੀ ਕਾਰਨ ਹੈ ਕਿ ਪੰਜਾਬ ਭਾਜਪਾ ਦੇ ਆਗੂਆਂ ਲਈ ਗੱਠਜੋੜ ਬਾਰੇ ਲੰਬੇ ਸਮੇਂ ਤੱਕ ਬਣੀ ਰਹਿਣ ਵਾਲੀ ਅਨਿਸ਼ਚਿਤਤਾ ਸਿਰਦਰਦੀ ਬਣ ਸਕਦੀ ਹੈ। ਮੀਟਿੰਗ ਵਿੱਚ ਸਤੀਸ਼ ਪੂਨੀਆ ਵੱਲੋਂ ਇਹ ਸੰਕੇਤ ਦਿੱਤੇ ਜਾਣ ਦੀ ਗੱਲ ਸਾਹਮਣੇ ਆਈ ਹੈ ਕਿ ਗੱਠਜੋੜ ਬਾਰੇ ਅੰਤਿਮ ਫ਼ੈਸਲਾ ਪਾਰਟੀ ਦੀ ਕੇਂਦਰੀ ਹਾਈ ਕਮਾਨ ਨੇ ਹੀ ਕਰਨਾ ਹੈ।

ਸੁਖਬੀਰ ਬਾਦਲ ਨੇ ਗੱਠਜੋੜ ਲਈ ਦਰਵਾਜ਼ੇ ਕਿਉਂ ਖੋਲ੍ਹੇ?

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ 8 ਅਕਤੂਬਰ ਨੂੰ ਇੱਕ ਟੈਲੀਵਿਜ਼ਨ ਇੰਟਰਵਿਊ ਦੌਰਾਨ ਕਹਾ ਕਿ ਉਨ੍ਹਾਂ ਦੀ ਪਾਰਟੀ ਕਾਂਗਰਸ ਅਤੇ ਆਮ ਆਦਮੀ ਪਾਰਟੀ ਨਾਲ ਗੱਠਜੋੜ ਨਹੀਂ ਕਰੇਗੀ, ਪਰ ਪੰਜਾਬ ਦੇ ਹਿੱਤਾਂ ਅਤੇ ਅਕਾਲੀ ਦਲ ਦੀ ਸੋਚ ਨਾਲ ਸਹਿਮਤ ਹੋਣ ਵਾਲੀਆਂ ਹੋਰ ਪਾਰਟੀਆਂ ਨਾਲ ਮਿਲ ਕੇ ਚੱਲਣ ਲਈ ਤਿਆਰ ਹੈ। ਇਸ ਬਿਆਨ ਦੀ ਮਹੱਤਤਾ ਇਸ ਲਈ ਵੀ ਹੈ ਕਿਉਂਕਿ ਅਕਾਲੀ ਦਲ ਨੇ ਪਹਿਲਾਂ ਗੱਠਜੋੜ ਬਾਰੇ ਸਪੱਸ਼ਟ ਸੰਕੇਤ ਦੇਣ ਤੋਂ ਗੁਰੇਜ਼ ਕੀਤਾ ਸੀ। ਪਾਰਟੀ ਦੇ ਸੀਨੀਅਰ ਆਗੂ ਬਲਵਿੰਦਰ ਸਿੰਘ ਭੁੰਦੜ ਨੇ ਪਹਿਲੀ ਅਕਤੂਬਰ ਨੂੰ ਕਿਹਾ ਸੀ ਕਿ ਭਾਜਪਾ ਨਾਲ ਗੱਠਜੋੜ ਬਾਰੇ ਕੋਈ ਗੱਲਬਾਤ ਨਹੀਂ ਚੱਲ ਰਹੀ, ਹਾਲਾਂਕਿ ਉਨ੍ਹਾਂ ਨੇ ਭਵਿੱਖ ਦੀਆਂ ਸੰਭਾਵਨਾਵਾਂ ਨੂੰ ਪੂਰੀ ਤਰ੍ਹਾਂ ਰੱਦ ਨਹੀਂ ਕੀਤਾ ਸੀ।

ਸੁਖਬੀਰ ਬਾਦਲ ਦੇ ਨਵੇਂ ਬਿਆਨ ਦਾ ਅਰਥ ਇਹ ਨਹੀਂ ਕਿ ਅਕਾਲੀ ਦਲ ਨੇ ਭਾਜਪਾ ਨਾਲ ਗੱਠਜੋੜ ਕਰਨ ਦਾ ਫ਼ੈਸਲਾ ਕਰ ਲਿਆ ਹੈ। ਇਸ ਦਾ ਮਤਲਬ ਸਿਰਫ਼ ਇਹ ਹੈ ਕਿ ਪਾਰਟੀ ਨੇ ਕਾਂਗਰਸ ਅਤੇ 'ਆਪ' ਤੋਂ ਇਲਾਵਾ ਹੋਰ ਪਾਰਟੀਆਂ ਨਾਲ ਸਿਆਸੀ ਸਮਝੌਤੇ ਦੀ ਸੰਭਾਵਨਾ ਖੁੱਲ੍ਹੀ ਰੱਖੀ ਹੈ।

ਇਸ ਵਿੱਚ ਭਾਜਪਾ ਤੋਂ ਇਲਾਵਾ ਬਹੁਜਨ ਸਮਾਜ ਪਾਰਟੀ ਅਤੇ ਅਕਾਲੀ ਦਲ ਦੇ ਵੱਖਰੇ ਧੜਿਆਂ ਨਾਲ ਸਮਝੌਤੇ ਦੀਆਂ ਸੰਭਾਵਨਾਵਾਂ ਵੀ ਸ਼ਾਮਲ ਹੋ ਸਕਦੀਆਂ ਹਨ।

2020 ਵਿੱਚ ਕਿਉਂ ਟੁੱਟਿਆ ਸੀ 24 ਸਾਲ ਪੁਰਾਣਾ ਗੱਠਜੋੜ?

ਅਕਾਲੀ ਦਲ ਅਤੇ ਭਾਜਪਾ ਦਾ ਸਿਆਸੀ ਰਿਸ਼ਤਾ ਪੰਜਾਬ ਦੇ ਆਧੁਨਿਕ ਸਿਆਸੀ ਇਤਿਹਾਸ ਦਾ ਮਹੱਤਵਪੂਰਨ ਹਿੱਸਾ ਰਿਹਾ ਹੈ। ਦੋਵਾਂ ਪਾਰਟੀਆਂ ਨੇ 1997, 2007 ਅਤੇ 2012 ਵਿੱਚ ਮਿਲ ਕੇ ਪੰਜਾਬ ਵਿੱਚ ਸਰਕਾਰਾਂ ਬਣਾਈਆਂ। ਇਸ ਗੱਠਜੋੜ ਦੀ ਇੱਕ ਖ਼ਾਸ ਵਿਸ਼ੇਸ਼ਤਾ ਸੀ ਕਿ ਅਕਾਲੀ ਦਲ ਦਾ ਪ੍ਰਭਾਵ ਪੇਂਡੂ ਅਤੇ ਸਿੱਖ ਵੋਟਰਾਂ ਵਿੱਚ ਮੰਨਿਆ ਜਾਂਦਾ ਸੀ, ਜਦਕਿ ਭਾਜਪਾ ਸ਼ਹਿਰੀ ਅਤੇ ਵਪਾਰੀ ਵਰਗ ਵਿੱਚ ਆਪਣਾ ਆਧਾਰ ਰੱਖਦੀ ਸੀ। ਦੋਵਾਂ ਪਾਰਟੀਆਂ ਦੀ ਸਾਂਝ ਨਾਲ ਵੱਖ-ਵੱਖ ਸਮਾਜਿਕ ਵਰਗਾਂ ਤੱਕ ਪਹੁੰਚ ਬਣਾਉਣ ਦੀ ਕੋਸ਼ਿਸ਼ ਹੁੰਦੀ ਰਹੀ। ਪਰ ਸਤੰਬਰ 2020 ਵਿੱਚ ਕੇਂਦਰ ਸਰਕਾਰ ਦੇ ਤਿੰਨ ਖੇਤੀ ਕਾਨੂੰਨਾਂ ਦੇ ਵਿਰੋਧ ਕਾਰਨ ਅਕਾਲੀ ਦਲ ਨੇ ਭਾਜਪਾ ਨਾਲ ਆਪਣਾ ਰਿਸ਼ਤਾ ਤੋੜ ਦਿੱਤਾ ਅਤੇ ਕੌਮੀ ਜਮਹੂਰੀ ਗੱਠਜੋੜ ਤੋਂ ਬਾਹਰ ਆ ਗਿਆ। ਬਾਅਦ ਵਿੱਚ ਕੇਂਦਰ ਸਰਕਾਰ ਨੇ ਇਹ ਖੇਤੀ ਕਾਨੂੰਨ ਵਾਪਸ ਲੈ ਲਏ, ਪਰ ਦੋਵਾਂ ਪਾਰਟੀਆਂ ਵਿਚਕਾਰ ਸਿਆਸੀ ਦੂਰੀ ਬਣੀ ਰਹੀ।

ਹੁਣ ਸਵਾਲ ਇਹ ਹੈ ਕਿ ਕੀ ਛੇ ਸਾਲਾਂ ਦੀ ਇਹ ਦੂਰੀ 2027 ਦੀਆਂ ਚੋਣਾਂ ਤੋਂ ਪਹਿਲਾਂ ਖ਼ਤਮ ਹੋ ਸਕਦੀ ਹੈ?

2022 ਦੀਆਂ ਚੋਣਾਂ ਨੇ ਦੋਵਾਂ ਪਾਰਟੀਆਂ ਨੂੰ ਦਿੱਤਾ ਸੀ ਵੱਡਾ ਝਟਕਾ

2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਅਤੇ ਭਾਜਪਾ ਨੇ ਵੱਖ-ਵੱਖ ਚੋਣਾਂ ਲੜੀਆਂ ਸਨ। ਨਤੀਜਿਆਂ ਵਿੱਚ ਅਕਾਲੀ ਦਲ ਨੂੰ ਸਿਰਫ਼ ਤਿੰਨ ਅਤੇ ਭਾਜਪਾ ਨੂੰ ਦੋ ਸੀਟਾਂ ਮਿਲੀਆਂ।

ਦੋਵਾਂ ਪਾਰਟੀਆਂ ਲਈ ਇਹ ਨਤੀਜੇ ਉਨ੍ਹਾਂ ਦੇ ਪਿਛਲੇ ਸਿਆਸੀ ਪ੍ਰਭਾਵ ਦੇ ਮੁਕਾਬਲੇ ਵੱਡੀ ਗਿਰਾਵਟ ਸਨ।

ਅਕਾਲੀ ਦਲ ਨੂੰ ਆਪਣੇ ਰਵਾਇਤੀ ਪੇਂਡੂ ਆਧਾਰ ਅਤੇ ਪੰਥਕ ਵੋਟਰਾਂ ਨਾਲ ਮੁੜ ਸੰਪਰਕ ਬਣਾਉਣ ਦੀ ਚੁਣੌਤੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦੂਜੇ ਪਾਸੇ ਭਾਜਪਾ ਪੰਜਾਬ ਵਿੱਚ ਆਪਣਾ ਜਥੇਬੰਦਕ ਢਾਂਚਾ ਸ਼ਹਿਰਾਂ ਤੋਂ ਅੱਗੇ ਪਿੰਡਾਂ ਤੱਕ ਵਧਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਇਸੇ ਕਾਰਨ ਗੱਠਜੋੜ ਦੀ ਚਰਚਾ ਸਿਰਫ਼ ਪੁਰਾਣੀ ਦੋਸਤੀ ਮੁੜ ਕਾਇਮ ਕਰਨ ਦਾ ਸਵਾਲ ਨਹੀਂ, ਸਗੋਂ ਦੋਵਾਂ ਪਾਰਟੀਆਂ ਦੀਆਂ ਭਵਿੱਖੀ ਸਿਆਸੀ ਰਣਨੀਤੀਆਂ ਨਾਲ ਵੀ ਜੁੜੀ ਹੋਈ ਹੈ।

ਕੈਪਟਨ ਅਮਰਿੰਦਰ ਸਿੰਘ ਅਤੇ ਸੁਨੀਲ ਜਾਖੜ ਦੀ ਭੂਮਿਕਾ

ਪੰਜਾਬ ਭਾਜਪਾ ਦੇ ਕੁਝ ਪ੍ਰਮੁੱਖ ਆਗੂ ਅਕਾਲੀ ਦਲ ਨਾਲ ਗੱਠਜੋੜ ਦੇ ਹੱਕ ਵਿੱਚ ਆਪਣੇ ਵਿਚਾਰ ਰੱਖ ਚੁੱਕੇ ਹਨ। ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਅਤੇ ਭਾਜਪਾ ਦੇ ਸਾਬਕਾ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਵੀ ਅਕਾਲੀ ਦਲ ਅਤੇ ਭਾਜਪਾ ਦੇ ਇਕੱਠਿਆਂ ਚੋਣ ਲੜਨ ਦੀ ਵਕਾਲਤ ਕੀਤੀ ਹੈ।

ਇਨ੍ਹਾਂ ਆਗੂਆਂ ਦੇ ਵਿਚਾਰਾਂ ਨੂੰ ਇਸ ਲਈ ਮਹੱਤਵ ਦਿੱਤਾ ਜਾ ਰਿਹਾ ਹੈ ਕਿਉਂਕਿ ਉਹ ਪੰਜਾਬ ਦੀ ਸਿਆਸਤ ਅਤੇ ਇੱਥੋਂ ਦੇ ਸਮਾਜਿਕ ਸਮੀਕਰਨਾਂ ਨਾਲ ਲੰਬੇ ਸਮੇਂ ਤੋਂ ਜੁੜੇ ਹੋਏ ਹਨ।

ਪਰ ਭਾਜਪਾ ਅੰਦਰ ਇੱਕ ਹੋਰ ਵਿਚਾਰ ਵੀ ਮੌਜੂਦ ਹੈ। ਇਸ ਅਨੁਸਾਰ ਪਾਰਟੀ ਨੂੰ ਅਕਾਲੀ ਦਲ ਉੱਤੇ ਨਿਰਭਰ ਰਹਿਣ ਦੀ ਬਜਾਏ ਆਪਣੇ ਬਲਬੂਤੇ ਪੰਜਾਬ ਵਿੱਚ ਜਥੇਬੰਦੀ ਮਜ਼ਬੂਤ ਕਰਨੀ ਚਾਹੀਦੀ ਹੈ। ਇਨ੍ਹਾਂ ਦੋਵਾਂ ਵਿਚਾਰਾਂ ਵਿਚਕਾਰ ਹੀ ਭਾਜਪਾ ਹਾਈ ਕਮਾਨ ਨੇ ਅੰਤਿਮ ਫ਼ੈਸਲਾ ਕਰਨਾ ਹੈ।

ਬਲਵੰਤ ਸਿੰਘ ਰਾਜੋਆਣਾ ਦਾ ਮੁੱਦਾ ਬਣ ਸਕਦਾ ਹੈ ਰੁਕਾਵਟ

ਅਕਾਲੀ ਦਲ ਅਤੇ ਭਾਜਪਾ ਵਿਚਕਾਰ ਸਿਰਫ਼ ਸੀਟਾਂ ਦੀ ਵੰਡ ਦਾ ਹੀ ਸਵਾਲ ਨਹੀਂ ਹੈ। ਕਈ ਸੰਵੇਦਨਸ਼ੀਲ ਸਿਆਸੀ ਅਤੇ ਪੰਥਕ ਮੁੱਦਿਆਂ ਉੱਤੇ ਦੋਵਾਂ ਪਾਰਟੀਆਂ ਦੀ ਸੋਚ ਵੱਖਰੀ ਹੈ।

ਇਨ੍ਹਾਂ ਵਿੱਚ ਇੱਕ ਮਹੱਤਵਪੂਰਨ ਮੁੱਦਾ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲਣ ਦਾ ਹੈ।

ਅਕਾਲੀ ਦਲ ਲੰਬੇ ਸਮੇਂ ਤੋਂ ਰਾਜੋਆਣਾ ਦੀ ਸਜ਼ਾ ਬਦਲਣ ਦੀ ਮੰਗ ਕਰ ਰਿਹਾ ਹੈ, ਜਦਕਿ ਕੇਂਦਰ ਸਰਕਾਰ ਵੱਲੋਂ ਇਸ ਮਾਮਲੇ ਵਿੱਚ ਵੱਖਰਾ ਰੁਖ਼ ਅਪਣਾਇਆ ਗਿਆ ਹੈ। ਹਾਲੀਆ ਰਿਪੋਰਟਾਂ ਵਿੱਚ ਇਸ ਮਤਭੇਦ ਨੂੰ ਸੰਭਾਵੀ ਗੱਠਜੋੜ ਦੀ ਇੱਕ ਅਹਿਮ ਰੁਕਾਵਟ ਵਜੋਂ ਦਰਸਾਇਆ ਗਿਆ ਹੈ।

ਇਸ ਤੋਂ ਇਲਾਵਾ ਕਿਸਾਨੀ ਮੰਗਾਂ, ਕੇਂਦਰ ਅਤੇ ਪੰਜਾਬ ਦੇ ਅਧਿਕਾਰਾਂ, ਪੰਥਕ ਮਸਲਿਆਂ ਅਤੇ ਪੰਜਾਬ ਦੀਆਂ ਆਰਥਿਕ ਸਮੱਸਿਆਵਾਂ ਬਾਰੇ ਵੀ ਦੋਵਾਂ ਪਾਰਟੀਆਂ ਨੂੰ ਸਾਂਝੀ ਸਥਿਤੀ ਬਣਾਉਣੀ ਪਵੇਗੀ।

ਸੀਟਾਂ ਦੀ ਵੰਡ ਹੋਵੇਗੀ ਸਭ ਤੋਂ ਵੱਡੀ ਸਿਆਸੀ ਪ੍ਰੀਖਿਆ

ਜੇਕਰ ਦੋਵੇਂ ਪਾਰਟੀਆਂ ਗੱਠਜੋੜ ਕਰਨ ਦਾ ਫ਼ੈਸਲਾ ਕਰਦੀਆਂ ਹਨ ਤਾਂ ਅਗਲਾ ਵੱਡਾ ਸਵਾਲ 117 ਵਿਧਾਨ ਸਭਾ ਸੀਟਾਂ ਦੀ ਵੰਡ ਦਾ ਹੋਵੇਗਾ।

ਪੁਰਾਣੇ ਗੱਠਜੋੜ ਵਿੱਚ ਅਕਾਲੀ ਦਲ ਵੱਡੇ ਭਾਈਵਾਲ ਵਜੋਂ ਚੋਣ ਲੜਦਾ ਸੀ ਅਤੇ ਭਾਜਪਾ ਦੇ ਹਿੱਸੇ 23 ਸੀਟਾਂ ਆਉਂਦੀਆਂ ਸਨ।

ਪਰ ਹੁਣ ਸਿਆਸੀ ਹਾਲਾਤ ਬਦਲ ਚੁੱਕੇ ਹਨ। ਭਾਜਪਾ ਆਪਣੇ ਆਪ ਨੂੰ ਪੰਜਾਬ ਵਿੱਚ ਵੱਡੀ ਪਾਰਟੀ ਵਜੋਂ ਸਥਾਪਤ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਪਿਛਲੇ ਕੁਝ ਸਾਲਾਂ ਵਿੱਚ ਕਈ ਆਗੂ ਦੂਜੀਆਂ ਪਾਰਟੀਆਂ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਏ ਹਨ।

ਅਜਿਹੇ ਵਿੱਚ ਇਹ ਸਵਾਲ ਮਹੱਤਵਪੂਰਨ ਹੋਵੇਗਾ ਕਿ ਕੀ ਭਾਜਪਾ ਪਹਿਲਾਂ ਵਾਲੀਆਂ 23 ਸੀਟਾਂ ਉੱਤੇ ਸਹਿਮਤ ਹੋਵੇਗੀ ਜਾਂ ਵੱਧ ਸੀਟਾਂ ਦੀ ਮੰਗ ਕਰੇਗੀ।

ਦੂਜੇ ਪਾਸੇ ਅਕਾਲੀ ਦਲ ਲਈ ਵੀ ਆਪਣੀ ਖੇਤਰੀ ਪਾਰਟੀ ਵਾਲੀ ਪਛਾਣ ਅਤੇ ਸਿਆਸੀ ਖ਼ੁਦਮੁਖ਼ਤਿਆਰੀ ਕਾਇਮ ਰੱਖਣਾ ਮਹੱਤਵਪੂਰਨ ਹੋਵੇਗਾ।

ਅਕਾਲੀ ਦਲ ਦੇ ਵੱਖਰੇ ਧੜਿਆਂ ਨਾਲ ਵੀ ਗੱਲਬਾਤ ਦੀ ਚਰਚਾ

ਸੁਖਬੀਰ ਬਾਦਲ ਵੱਲੋਂ ਹਮਖ਼ਿਆਲੀ ਪਾਰਟੀਆਂ ਲਈ ਦਰਵਾਜ਼ੇ ਖੋਲ੍ਹਣ ਤੋਂ ਬਾਅਦ ਅਕਾਲੀ ਦਲ ਪੁਨਰ ਸੁਰਜੀਤ ਨਾਲ ਸੰਭਾਵੀ ਸਮਝੌਤੇ ਦੀ ਚਰਚਾ ਵੀ ਸਾਹਮਣੇ ਆਈ ਹੈ।

ਰਿਪੋਰਟਾਂ ਅਨੁਸਾਰ ਦੋਵਾਂ ਧਿਰਾਂ ਵਿਚਕਾਰ ਸੰਪਰਕ ਦੀਆਂ ਗੱਲਾਂ ਚੱਲ ਰਹੀਆਂ ਹਨ। ਹਾਲਾਂਕਿ ਪੁਨਰ ਸੁਰਜੀਤ ਨਾਲ ਜੁੜੇ ਗੁਰਪ੍ਰਤਾਪ ਸਿੰਘ ਵਡਾਲਾ ਨੇ ਸੁਖਬੀਰ ਬਾਦਲ ਦੀ ਅਗਵਾਈ ਬਾਰੇ ਇਤਰਾਜ਼ ਵੀ ਪ੍ਰਗਟ ਕੀਤੇ ਹਨ।

ਇਸ ਤੋਂ ਸਪੱਸ਼ਟ ਹੁੰਦਾ ਹੈ ਕਿ ਅਕਾਲੀ ਦਲ ਲਈ ਸਿਰਫ਼ ਭਾਜਪਾ ਨਾਲ ਗੱਠਜੋੜ ਹੀ ਚੁਣੌਤੀ ਨਹੀਂ, ਸਗੋਂ ਆਪਣੇ ਤੋਂ ਵੱਖ ਹੋਏ ਪੰਥਕ ਧੜਿਆਂ ਨਾਲ ਸਬੰਧ ਸੁਧਾਰਨਾ ਵੀ ਇੱਕ ਮਹੱਤਵਪੂਰਨ ਸਵਾਲ ਹੈ।

2027 ਦੀਆਂ ਚੋਣਾਂ ਵਿੱਚ ਕੀ ਬਦਲ ਸਕਦੇ ਹਨ ਸਮੀਕਰਨ?

ਪੰਜਾਬ ਵਿੱਚ ਇਸ ਵੇਲੇ ਆਮ ਆਦਮੀ ਪਾਰਟੀ ਸੱਤਾ ਵਿੱਚ ਹੈ, ਜਦਕਿ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਵੱਖ-ਵੱਖ ਸਿਆਸੀ ਰਣਨੀਤੀਆਂ ਨਾਲ ਅੱਗੇ ਵਧ ਰਹੀਆਂ ਹਨ।

ਅਕਾਲੀ ਦਲ ਅਤੇ ਭਾਜਪਾ ਦਾ ਗੱਠਜੋੜ ਹੋਣ ਦੀ ਸਥਿਤੀ ਵਿੱਚ ਚੋਣ ਮੁਕਾਬਲਿਆਂ ਦੀ ਬਣਤਰ ਬਦਲ ਸਕਦੀ ਹੈ। ਕੁਝ ਹਲਕਿਆਂ ਵਿੱਚ ਵੋਟਾਂ ਦੀ ਵੰਡ ਘਟ ਸਕਦੀ ਹੈ, ਪਰ ਇਹ ਮੰਨ ਲੈਣਾ ਠੀਕ ਨਹੀਂ ਹੋਵੇਗਾ ਕਿ ਦੋਵਾਂ ਪਾਰਟੀਆਂ ਦੇ ਸਾਰੇ ਵੋਟਰ ਆਪਣੇ ਆਪ ਇੱਕ-ਦੂਜੇ ਦੇ ਉਮੀਦਵਾਰਾਂ ਨੂੰ ਵੋਟ ਪਾ ਦੇਣਗੇ।

ਕਿਸਾਨ ਅੰਦੋਲਨ ਤੋਂ ਬਾਅਦ ਬਦਲੇ ਸਿਆਸੀ ਰਿਸ਼ਤੇ, ਸਥਾਨਕ ਉਮੀਦਵਾਰਾਂ ਦੀ ਸਵੀਕਾਰਤਾ ਅਤੇ ਪਾਰਟੀ ਵਰਕਰਾਂ ਵਿਚਕਾਰ ਤਾਲਮੇਲ ਵਰਗੇ ਮੁੱਦੇ ਵੀ ਮਹੱਤਵਪੂਰਨ ਹੋਣਗੇ। ਇਸ ਲਈ ਗੱਠਜੋੜ ਦੇ ਸੰਭਾਵੀ ਫ਼ਾਇਦੇ ਅਤੇ ਨੁਕਸਾਨ ਦਾ ਮੁਲਾਂਕਣ ਸਿਰਫ਼ ਪਿਛਲੀਆਂ ਚੋਣਾਂ ਦੇ ਵੋਟ ਫ਼ੀਸਦੀ ਜੋੜ ਕੇ ਨਹੀਂ ਕੀਤਾ ਜਾ ਸਕਦਾ।

ਗੱਠਜੋੜ ਦਾ ਫ਼ੈਸਲਾ ਦਿੱਲੀ ਕਰੇਗੀ ਜਾਂ ਪੰਜਾਬ ਦੀ ਲੀਡਰਸ਼ਿਪ?

ਇਸ ਪੂਰੇ ਘਟਨਾਕ੍ਰਮ ਵਿੱਚ ਇੱਕ ਅਹਿਮ ਸਿਆਸੀ ਸਵਾਲ ਇਹ ਵੀ ਹੈ ਕਿ ਗੱਠਜੋੜ ਦਾ ਫ਼ੈਸਲਾ ਕੌਣ ਕਰੇਗਾ? ਪੰਜਾਬ ਭਾਜਪਾ ਦੀ ਕੋਰ ਕਮੇਟੀ ਨੇ ਆਪਣੀ ਚਿੰਤਾ ਕੇਂਦਰੀ ਲੀਡਰਸ਼ਿਪ ਤੱਕ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਹੈ। ਸਤੀਸ਼ ਪੂਨੀਆ ਨੇ ਵੀ ਫ਼ੈਸਲੇ ਦਾ ਅਧਿਕਾਰ ਹਾਈ ਕਮਾਨ ਕੋਲ ਹੋਣ ਦਾ ਸੰਕੇਤ ਦਿੱਤਾ ਹੈ।

ਦੂਜੇ ਪਾਸੇ ਅਕਾਲੀ ਦਲ ਦੀ ਅਗਵਾਈ ਸੁਖਬੀਰ ਸਿੰਘ ਬਾਦਲ ਕਰ ਰਹੇ ਹਨ। ਇਸ ਲਈ ਕਿਸੇ ਵੀ ਸਮਝੌਤੇ ਵਿੱਚ ਦੋਵਾਂ ਪਾਰਟੀਆਂ ਦੀ ਉੱਚ ਲੀਡਰਸ਼ਿਪ ਵ

ਵਿਸ਼ੇਸ਼ ਰਿਪੋਰਟ | ਚੰਡੀਗੜ੍ਹ

ਪੰਜਾਬ ਦੀ ਸਿੱਖ ਸਿਆਸਤ ਵਿੱਚ 'ਬਾਜ' ਹੁਣ ਕੇਵਲ ਧਾਰਮਿਕ ਵਿਰਾਸਤ ਅਤੇ ਸਿੱਖ ਇਤਿਹਾਸ ਦਾ ਪ੍ਰਤੀਕ ਨਹੀਂ ਰਿਹਾ, ਸਗੋਂ ਨਵੀਆਂ ਸਿਆਸੀ ਸੰਭਾਵਨਾਵਾਂ, ਪੰਥਕ ਪਛਾਣ ਅਤੇ ਚੋਣ ਰਣਨੀਤੀ ਦੇ ਕੇਂਦਰ ਵਿੱਚ ਆਉਂਦਾ ਨਜ਼ਰ ਆ ਰਿਹਾ ਹੈ। ਪੰਜਾਬ ਦੀ ਰਵਾਇਤੀ ਅਕਾਲੀ ਸਿਆਸਤ ਵਿੱਚ ਆ ਰਹੀਆਂ ਤਬਦੀਲੀਆਂ, ਨਵੇਂ ਪੰਥਕ ਸਿਆਸੀ ਧੜਿਆਂ ਦੇ ਉਭਾਰ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਦਰਮਿਆਨ 'ਬਾਜ' ਦੀ ਮਹੱਤਤਾ ਬਾਰੇ ਚਰਚਾ ਲਗਾਤਾਰ ਵਧ ਰਹੀ ਹੈ।

ਇਸ ਚਰਚਾ ਨੂੰ ਤਿੰਨ ਵੱਖ-ਵੱਖ ਸਿਆਸੀ ਘਟਨਾਵਾਂ ਨੇ ਖ਼ਾਸ ਤੌਰ 'ਤੇ ਉਭਾਰਿਆ ਹੈ। ਪਹਿਲੀ, ਵਾਰਿਸ ਪੰਜਾਬ ਦੇ ਨਾਲ ਜੁੜੇ ਅਕਾਲੀ ਦਲ ਵੱਲੋਂ ਆਪਣੀ ਪਛਾਣ 'ਬਾਜ' ਨਾਲ ਜੋੜਨ ਦੀ ਕੋਸ਼ਿਸ਼; ਦੂਜੀ, ਵਿਧਾਇਕ ਮਨਪ੍ਰੀਤ ਸਿੰਘ ਇਆਲੀ ਵੱਲੋਂ ਆਪਣੀ ਸਿਆਸੀ ਧਿਰ ਦੇ ਇੱਕੋ ਚੋਣ ਨਿਸ਼ਾਨ ਉੱਤੇ ਚੋਣ ਲੜਨ ਦੀ ਗੱਲ; ਅਤੇ ਤੀਜੀ, ਨਾਂਦੇੜ ਸਾਹਿਬ ਵਿਖੇ ਸੁਖਬੀਰ ਸਿੰਘ ਬਾਦਲ ਉੱਤੇ ਹੋਏ ਦੱਸੇ ਜਾ ਰਹੇ ਹਮਲੇ ਦੇ ਸੰਦਰਭ ਵਿੱਚ ਹਰਸਿਮਰਤ ਕੌਰ ਬਾਦਲ ਵੱਲੋਂ 'ਬਾਜ' ਦਾ ਜ਼ਿਕਰ।

ਇਨ੍ਹਾਂ ਘਟਨਾਵਾਂ ਨੂੰ ਇਕੱਠਿਆਂ ਵੇਖਣ ਨਾਲ ਇੱਕ ਵੱਡਾ ਸਵਾਲ ਸਾਹਮਣੇ ਆਉਂਦਾ ਹੈ ਕਿ ਕੀ ਪੰਜਾਬ ਦੀ ਪੰਥਕ ਸਿਆਸਤ ਵਿੱਚ 'ਬਾਜ' ਆਉਣ ਵਾਲੇ ਸਮੇਂ ਦਾ ਇੱਕ ਪ੍ਰਭਾਵਸ਼ਾਲੀ ਸਿਆਸੀ ਪ੍ਰਤੀਕ ਬਣ ਸਕਦਾ ਹੈ?

ਸਿੱਖ ਇਤਿਹਾਸ ਵਿੱਚ ਬਾਜ ਦੀ ਵਿਸ਼ੇਸ਼ ਮਹੱਤਤਾ

ਸਿੱਖ ਇਤਿਹਾਸ ਵਿੱਚ ਬਾਜ ਦਾ ਸਬੰਧ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨਾਲ ਜੋੜਿਆ ਜਾਂਦਾ ਹੈ। ਗੁਰੂ ਸਾਹਿਬ ਨੂੰ 'ਚਿੱਟੇ ਬਾਜਾਂ ਵਾਲੇ' ਕਹਿ ਕੇ ਵੀ ਯਾਦ ਕੀਤਾ ਜਾਂਦਾ ਹੈ। ਸਿੱਖ ਪਰੰਪਰਾ ਵਿੱਚ ਬਾਜ ਨੂੰ ਦਲੇਰੀ, ਉੱਚੀ ਸੋਚ, ਸੁਤੰਤਰਤਾ, ਚੌਕਸੀ ਅਤੇ ਜ਼ੁਲਮ ਦੇ ਵਿਰੋਧ ਦਾ ਪ੍ਰਤੀਕ ਮੰਨਿਆ ਜਾਂਦਾ ਹੈ।

ਇਹੀ ਕਾਰਨ ਹੈ ਕਿ ਬਾਜ ਦੀ ਤਸਵੀਰ ਜਾਂ ਉਸ ਦਾ ਜ਼ਿਕਰ ਸਿੱਖ ਭਾਵਨਾਵਾਂ ਨਾਲ ਡੂੰਘਾ ਸਬੰਧ ਰੱਖਦਾ ਹੈ। ਸਿਆਸੀ ਪੱਧਰ ਉੱਤੇ ਇਸ ਪ੍ਰਤੀਕ ਦੀ ਵਰਤੋਂ ਰਾਹੀਂ ਪੰਥਕ ਵੋਟਰਾਂ ਨਾਲ ਭਾਵਨਾਤਮਕ ਸਾਂਝ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਸਕਦੀ ਹੈ।

ਪਰ ਇੱਥੇ ਇੱਕ ਮਹੱਤਵਪੂਰਨ ਫ਼ਰਕ ਸਮਝਣਾ ਜ਼ਰੂਰੀ ਹੈ। ਸਿੱਖ ਧਾਰਮਿਕ ਵਿਰਾਸਤ ਵਿੱਚ ਬਾਜ ਦੀ ਮਹੱਤਤਾ ਸਮੂਹਿਕ ਪੰਥ ਨਾਲ ਸਬੰਧਤ ਹੈ, ਜਦਕਿ ਕਿਸੇ ਇੱਕ ਸਿਆਸੀ ਪਾਰਟੀ ਵੱਲੋਂ ਇਸ ਨੂੰ ਆਪਣੀ ਪਛਾਣ ਬਣਾਉਣਾ ਇੱਕ ਵੱਖਰਾ ਸਿਆਸੀ ਫ਼ੈਸਲਾ ਹੈ। ਇਸ ਲਈ ਬਾਜ ਦੀ ਧਾਰਮਿਕ ਮਹੱਤਤਾ ਨੂੰ ਕਿਸੇ ਇੱਕ ਪਾਰਟੀ ਦੀ ਮਲਕੀਅਤ ਨਹੀਂ ਮੰਨਿਆ ਜਾ ਸਕਦਾ।

ਵਾਰਿਸ ਪੰਜਾਬ ਦੇ ਅਕਾਲੀ ਦਲ ਦੀ ਨਵੀਂ ਪਛਾਣ

ਵਾਰਿਸ ਪੰਜਾਬ ਦੇ ਨਾਲ ਜੁੜੀ ਅਕਾਲੀ ਸਿਆਸੀ ਧਿਰ ਵੱਲੋਂ 'ਬਾਜ' ਨੂੰ ਆਪਣੀ ਪਛਾਣ ਵਜੋਂ ਪੇਸ਼ ਕੀਤੇ ਜਾਣ ਦੀ ਚਰਚਾ ਨੇ ਪੰਜਾਬ ਦੀ ਪੰਥਕ ਸਿਆਸਤ ਵਿੱਚ ਨਵਾਂ ਪਹਿਲੂ ਜੋੜਿਆ ਹੈ।

ਭਾਵੇਂ ਇਸ ਧਿਰ ਦੀ ਚੋਣ ਕਮਿਸ਼ਨ ਕੋਲ ਰਜਿਸਟ੍ਰੇਸ਼ਨ ਦੀ ਸਥਿਤੀ ਬਾਰੇ ਅਧਿਕਾਰਤ ਪੁਸ਼ਟੀ ਲੋੜੀਂਦੀ ਹੈ, ਪਰ ਇਸ ਨਾਲ ਜੁੜੇ ਆਗੂਆਂ ਅਤੇ ਸਮਰਥਕਾਂ ਵੱਲੋਂ ਬਾਜ ਦੇ ਪ੍ਰਤੀਕ ਨੂੰ ਉਭਾਰਨ ਦੀ ਗੱਲ ਸਿਆਸੀ ਤੌਰ ਉੱਤੇ ਮਹੱਤਵਪੂਰਨ ਹੈ।

ਇਸ ਪਿੱਛੇ ਇੱਕ ਸੰਭਾਵੀ ਰਣਨੀਤੀ ਇਹ ਹੋ ਸਕਦੀ ਹੈ ਕਿ ਪਾਰਟੀ ਆਪਣੇ ਆਪ ਨੂੰ ਰਵਾਇਤੀ ਅਕਾਲੀ ਦਲ ਤੋਂ ਵੱਖਰੀ ਪੰਥਕ ਪਛਾਣ ਦੇਣਾ ਚਾਹੁੰਦੀ ਹੋਵੇ। ਸ਼੍ਰੋਮਣੀ ਅਕਾਲੀ ਦਲ ਦਾ ਚੋਣ ਨਿਸ਼ਾਨ 'ਤੱਕੜੀ' ਲੰਬੇ ਸਮੇਂ ਤੋਂ ਪੰਜਾਬ ਦੀ ਪੰਥਕ ਸਿਆਸਤ ਨਾਲ ਜੁੜਿਆ ਰਿਹਾ ਹੈ। ਅਜਿਹੇ ਵਿੱਚ ਬਾਜ ਵਰਗੇ ਪ੍ਰਤੀਕ ਦੀ ਵਰਤੋਂ ਇੱਕ ਨਵੀਂ ਸਿਆਸੀ ਪਛਾਣ ਬਣਾਉਣ ਦੀ ਕੋਸ਼ਿਸ਼ ਵਜੋਂ ਵੇਖੀ ਜਾ ਸਕਦੀ ਹੈ।

ਹਾਲਾਂਕਿ ਕਿਸੇ ਪ੍ਰਤੀਕ ਨੂੰ ਪਾਰਟੀ ਦੇ ਝੰਡੇ, ਪੋਸਟਰ ਜਾਂ ਪ੍ਰਚਾਰ ਵਿੱਚ ਵਰਤਣਾ ਅਤੇ ਉਸ ਨੂੰ ਚੋਣ ਕਮਿਸ਼ਨ ਤੋਂ ਅਧਿਕਾਰਤ ਚੋਣ ਨਿਸ਼ਾਨ ਵਜੋਂ ਪ੍ਰਾਪਤ ਕਰਨਾ ਦੋ ਵੱਖਰੀਆਂ ਗੱਲਾਂ ਹਨ।

ਮਨਪ੍ਰੀਤ ਸਿੰਘ ਇਆਲੀ ਦਾ ਇੱਕੋ ਚੋਣ ਨਿਸ਼ਾਨ ਉੱਤੇ ਚੋਣ ਲੜਨ ਦਾ ਐਲਾਨ

ਇਸ ਸਿਆਸੀ ਚਰਚਾ ਨੂੰ ਉਸ ਵੇਲੇ ਹੋਰ ਬਲ ਮਿਲਿਆ ਜਦੋਂ ਵਾਰਿਸ ਪੰਜਾਬ ਦੇ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਇੱਕੋ ਚੋਣ ਨਿਸ਼ਾਨ ਉੱਤੇ ਵਿਧਾਨ ਸਭਾ ਚੋਣਾਂ ਲੜਨ ਲਈ ਯਤਨਸ਼ੀਲ ਹੈ। ਉਨ੍ਹਾਂ ਨੇ ਚੋਣ ਨਿਸ਼ਾਨ ਦਾ ਨਾਂ ਸਪੱਸ਼ਟ ਨਹੀਂ ਕੀਤਾ, ਪਰ ਪਾਰਟੀ ਨਾਲ ਜੁੜੇ ਸੂਤਰਾਂ ਅਨੁਸਾਰ 'ਬਾਜ' ਤਰਜੀਹੀ ਚੋਣ ਹੋ ਸਕਦਾ ਹੈ। ਕੁਝ ਹੋਰ ਨਿਸ਼ਾਨਾਂ ਉੱਤੇ ਵੀ ਵਿਚਾਰ ਹੋ ਰਿਹਾ ਹੈ। ਦਿਲਚਸਪ ਗੱਲ ਇਹ ਹੈ ਕਿ ਇਯਾਲੀ ਸਮੇਤ ਕਈ ਆਗੂਆਂ ਨੇ ਆਪਣੇ ਵਟਸਐਪ ਪ੍ਰੋਫਾਈਲ ਅਤੇ ਸਟੇਟਸ ਉੱਤੇ 'ਵਾਰਿਸ ਪੰਜਾਬ ਦੇ' ਲਿਖੇ ਬਾਜ ਦੀ ਤਸਵੀਰ ਵਰਤਣੀ ਸ਼ੁਰੂ ਕੀਤੀ ਹੈ। ਪੰਜਾਬ ਦੇ ਵੱਖ-ਵੱਖ ਇਲਾਕਿਆਂ ਵਿੱਚ ਇਸ ਪ੍ਰਤੀਕ ਵਾਲੇ ਪੋਸਟਰ ਵੀ ਸਾਹਮਣੇ ਆਏ ਹਨ।

ਇਸ ਤੋਂ ਸੰਕੇਤ ਮਿਲਦਾ ਹੈ ਕਿ ਪਾਰਟੀ ਚੋਣ ਕਮਿਸ਼ਨ ਦੇ ਅੰਤਿਮ ਫ਼ੈਸਲੇ ਤੋਂ ਪਹਿਲਾਂ ਹੀ ਬਾਜ ਨੂੰ ਲੋਕਾਂ ਦੀ ਯਾਦ ਵਿੱਚ ਆਪਣੀ ਸਿਆਸੀ ਪਛਾਣ ਵਜੋਂ ਸਥਾਪਤ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

ਰਜਿਸਟ੍ਰੇਸ਼ਨ ਦਾ ਮਾਮਲਾ ਦਿੱਲੀ ਹਾਈ ਕੋਰਟ ਵਿੱਚ

ਅਕਾਲੀ ਦਲ ਵਾਰਿਸ ਪੰਜਾਬ ਦੇ ਲਈ ਸਭ ਤੋਂ ਵੱਡੀ ਚੁਣੌਤੀ ਚੋਣ ਕਮਿਸ਼ਨ ਤੋਂ ਰਜਿਸਟ੍ਰੇਸ਼ਨ ਪ੍ਰਾਪਤ ਕਰਨਾ ਹੈ। ਪਾਰਟੀ ਨੇ 22 ਜਨਵਰੀ 2025 ਨੂੰ ਰਜਿਸਟ੍ਰੇਸ਼ਨ ਲਈ ਅਰਜ਼ੀ ਦਿੱਤੀ ਸੀ। ਇਸ ਉੱਤੇ ਫ਼ੈਸਲਾ ਨਾ ਹੋਣ ਕਾਰਨ ਮਾਮਲਾ ਦਿੱਲੀ ਹਾਈ ਕੋਰਟ ਪਹੁੰਚ ਗਿਆ। ਪਹਿਲੀ ਜੁਲਾਈ 2026 ਦੇ ਅਦਾਲਤੀ ਹੁਕਮ ਵਿੱਚ ਇਸ ਅਰਜ਼ੀ ਅਤੇ ਚੋਣ ਕਮਿਸ਼ਨ ਨੂੰ ਜਾਰੀ ਨੋਟਿਸ ਦਾ ਜ਼ਿਕਰ ਹੈ। ਬਾਅਦ ਵਿੱਚ 29 ਸਤੰਬਰ ਦੀ ਸੁਣਵਾਈ ਦੌਰਾਨ ਚੋਣ ਕਮਿਸ਼ਨ ਨੇ ਪਾਰਟੀ ਦੀ ਰਜਿਸਟ੍ਰੇਸ਼ਨ ਸਬੰਧੀ ਕੌਮੀ ਸੁਰੱਖਿਆ ਦੀਆਂ ਕੁਝ ਚਿੰਤਾਵਾਂ ਪ੍ਰਗਟ ਕੀਤੀਆਂ। ਪਾਰਟੀ ਨੇ ਇਨ੍ਹਾਂ ਇਤਰਾਜ਼ਾਂ ਦਾ ਵਿਰੋਧ ਕੀਤਾ ਹੈ।

ਇੱਥੇ ਇਹ ਵੀ ਮਹੱਤਵਪੂਰਨ ਹੈ ਕਿ ਰਜਿਸਟਰਡ ਪਾਰਟੀ ਹੋਣ ਨਾਲ ਆਪਣੇ ਆਪ ਮਨਪਸੰਦ ਚੋਣ ਨਿਸ਼ਾਨ ਮਿਲਣ ਦੀ ਗਾਰੰਟੀ ਨਹੀਂ ਬਣਦੀ। ਸਾਂਝੇ ਚੋਣ ਨਿਸ਼ਾਨ ਦੀ ਅਲਾਟਮੈਂਟ ਚੋਣ ਕਮਿਸ਼ਨ ਦੇ ਨਿਯਮਾਂ ਅਤੇ ਉਪਲਬਧ ਨਿਸ਼ਾਨਾਂ ਉੱਤੇ ਨਿਰਭਰ ਕਰਦੀ ਹੈ।

ਹਰਸਿਮਰਤ ਕੌਰ ਬਾਦਲ ਦੇ ਬਿਆਨ ਨਾਲ ਨਵੀਂ ਚਰਚਾ

ਬਾਜ ਦੀ ਚਰਚਾ ਸਿਰਫ਼ ਵਾਰਿਸ ਪੰਜਾਬ ਦੇ ਅਕਾਲੀ ਦਲ ਤੱਕ ਸੀਮਤ ਨਹੀਂ ਰਹੀ। ਸ਼੍ਰੋਮਣੀ ਅਕਾਲੀ ਦਲ ਦੀ ਸੀਨੀਅਰ ਆਗੂ ਅਤੇ ਬਠਿੰਡਾ ਤੋਂ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਵੱਲੋਂ ਵੀ ਇਸ ਦਾ ਜ਼ਿਕਰ ਕੀਤਾ ਗਿਆ।

13 ਅਗਸਤ 2026 ਨੂੰ ਮਹਾਰਾਸ਼ਟਰ ਦੇ ਨਾਂਦੇੜ ਵਿਖੇ ਗੁਰਦੁਆਰਾ ਮਾਤਾ ਸਾਹਿਬ ਕੌਰ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਉੱਤੇ ਕਿਰਪਾਨ ਨਾਲ ਹਮਲਾ ਹੋਇਆ ਸੀ। ਇਸ ਘਟਨਾ ਵਿੱਚ ਉਨ੍ਹਾਂ ਦੇ ਹੱਥ ਉੱਤੇ ਸੱਟ ਲੱਗੀ ਸੀ ਅਤੇ ਉਨ੍ਹਾਂ ਦੀ ਸੁਰੱਖਿਆ ਕਰਦਿਆਂ ਇੱਕ ਪੁਲਿਸ ਅਧਿਕਾਰੀ ਵੀ ਜ਼ਖ਼ਮੀ ਹੋਇਆ ਸੀ।

ਇਸ ਘਟਨਾ ਤੋਂ ਬਾਅਦ ਹਰਸਿਮਰਤ ਕੌਰ ਬਾਦਲ ਨੇ ਦਾਅਵਾ ਕੀਤਾ ਕਿ ਨਾਂਦੇੜ ਦੇ ਹਸਪਤਾਲ ਦੇ ਉੱਪਰ ਇੱਕ ਬਾਜ ਚੱਕਰ ਲਗਾਉਂਦਾ ਦੇਖਿਆ ਗਿਆ ਸੀ। ਮੁੱਖ ਮੰਤਰੀ ਭਗਵੰਤ ਮਾਨ ਨੇ ਇਸ ਦਾਅਵੇ ਉੱਤੇ ਸਵਾਲ ਉਠਾਏ, ਜਿਸ ਕਾਰਨ ਦੋਵਾਂ ਧਿਰਾਂ ਵਿਚਾਲੇ ਸਿਆਸੀ ਬਿਆਨਬਾਜ਼ੀ ਵੀ ਹੋਈ। ਹਾਲਾਂਕਿ ਬਾਜ ਦੇ ਦਿਖਾਈ ਦੇਣ ਦੇ ਦਾਅਵੇ ਦੀ ਸੁਤੰਤਰ ਪੁਸ਼ਟੀ ਸਾਹਮਣੇ ਨਹੀਂ ਆਈ।

ਇਸ ਘਟਨਾ ਦਾ ਸਿਆਸੀ ਪਹਿਲੂ ਇਹ ਹੈ ਕਿ ਬਾਦਲ ਪਰਿਵਾਰ ਵੱਲੋਂ ਵੀ ਬਾਜ ਨੂੰ ਧਾਰਮਿਕ ਭਾਵਨਾਵਾਂ ਨਾਲ ਜੋੜ ਕੇ ਪੇਸ਼ ਕੀਤਾ ਗਿਆ। ਭਾਵੇਂ ਇਸ ਦਾ ਕਿਸੇ ਚੋਣ ਨਿਸ਼ਾਨ ਨਾਲ ਸਿੱਧਾ ਸਬੰਧ ਨਹੀਂ, ਪਰ ਇਸ ਨੇ ਸਿੱਖ ਸਿਆਸਤ ਵਿੱਚ ਬਾਜ ਦੀ ਪ੍ਰਤੀਕਾਤਮਕ ਮਹੱਤਤਾ ਨੂੰ ਮੁੜ ਚਰਚਾ ਵਿੱਚ ਲਿਆ ਦਿੱਤਾ।

ਤੱਕੜੀ ਦੇ ਮੁਕਾਬਲੇ ਬਾਜ: ਕੀ ਬਦਲੇਗੀ ਅਕਾਲੀ ਸਿਆਸਤ?

ਸ਼੍ਰੋਮਣੀ ਅਕਾਲੀ ਦਲ ਦੀ ਸਿਆਸੀ ਪਛਾਣ ਦਹਾਕਿਆਂ ਤੋਂ ਤੱਕੜੀ ਨਾਲ ਜੁੜੀ ਰਹੀ ਹੈ। ਪਿੰਡਾਂ ਤੋਂ ਲੈ ਕੇ ਸ਼ਹਿਰਾਂ ਤੱਕ ਤੱਕੜੀ ਦਾ ਨਿਸ਼ਾਨ ਅਕਾਲੀ ਦਲ ਦੀ ਚੋਣ ਰਾਜਨੀਤੀ ਦਾ ਅਹਿਮ ਹਿੱਸਾ ਰਿਹਾ ਹੈ।

ਹੁਣ ਜੇਕਰ ਨਵੀਂ ਪੰਥਕ ਧਿਰ ਬਾਜ ਨੂੰ ਆਪਣੀ ਸਿਆਸੀ ਪਛਾਣ ਵਜੋਂ ਸਥਾਪਤ ਕਰਨ ਵਿੱਚ ਸਫ਼ਲ ਹੁੰਦੀ ਹੈ ਤਾਂ ਪੰਜਾਬ ਵਿੱਚ ਪੰਥਕ ਵੋਟਰਾਂ ਸਾਹਮਣੇ ਦੋ ਵੱਖਰੇ ਪ੍ਰਤੀਕਾਂ ਵਾਲੀਆਂ ਸਿਆਸੀ ਧਿਰਾਂ ਆ ਸਕਦੀਆਂ ਹਨ।

ਇਸ ਨਾਲ ਖ਼ਾਸ ਕਰਕੇ ਮਾਝੇ ਅਤੇ ਮਾਲਵੇ ਦੇ ਉਨ੍ਹਾਂ ਹਲਕਿਆਂ ਵਿੱਚ ਦਿਲਚਸਪ ਮੁਕਾਬਲਾ ਬਣ ਸਕਦਾ ਹੈ, ਜਿੱਥੇ ਅਕਾਲੀ ਸਿਆਸਤ ਦਾ ਇਤਿਹਾਸਕ ਪ੍ਰਭਾਵ ਰਿਹਾ ਹੈ।

ਪਰ ਇਹ ਕਹਿਣਾ ਜਲਦਬਾਜ਼ੀ ਹੋਵੇਗੀ ਕਿ ਬਾਜ ਦਾ ਪ੍ਰਤੀਕ ਆਪਣੇ ਆਪ ਵੋਟਰਾਂ ਨੂੰ ਕਿਸੇ ਇੱਕ ਪਾਰਟੀ ਵੱਲ ਖਿੱਚ ਲਵੇਗਾ। ਵੋਟਰਾਂ ਦੇ ਫ਼ੈਸਲੇ ਵਿੱਚ ਆਗੂਆਂ ਦੀ ਭਰੋਸੇਯੋਗਤਾ, ਪਾਰਟੀ ਦੀਆਂ ਨੀਤੀਆਂ, ਸਥਾਨਕ ਉਮੀਦਵਾਰਾਂ ਅਤੇ ਪੰਜਾਬ ਦੇ ਅਸਲ ਮੁੱਦਿਆਂ ਦੀ ਵੀ ਅਹਿਮ ਭੂਮਿਕਾ ਰਹੇਗੀ।

2027 ਦੀਆਂ ਚੋਣਾਂ ਵਿੱਚ ਬਾਜ ਕਿੰਨਾ ਪ੍ਰਭਾਵਸ਼ਾਲੀ ਹੋਵੇਗਾ?

ਵਾਰਿਸ ਪੰਜਾਬ ਦੇ ਅਕਾਲੀ ਦਲ ਲਈ 2027 ਦੀਆਂ ਵਿਧਾਨ ਸਭਾ ਚੋਣਾਂ ਇੱਕ ਵੱਡੀ ਸਿਆਸੀ ਪ੍ਰੀਖਿਆ ਹੋਣਗੀਆਂ। ਪਾਰਟੀ ਨੂੰ ਆਪਣੀ ਰਜਿਸਟ੍ਰੇਸ਼ਨ, ਚੋਣ ਨਿਸ਼ਾਨ, ਉਮੀਦਵਾਰਾਂ ਦੀ ਚੋਣ ਅਤੇ ਜਥੇਬੰਦਕ ਢਾਂਚੇ ਵਰਗੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪਵੇਗਾ।

ਇਸ ਦੇ ਨਾਲ ਹੀ ਪਾਰਟੀ ਨੂੰ ਇਹ ਵੀ ਸਪੱਸ਼ਟ ਕਰਨਾ ਹੋਵੇਗਾ ਕਿ ਉਹ ਸਿਰਫ਼ ਪੰਥਕ ਭਾਵਨਾਵਾਂ ਦੇ ਆਧਾਰ ਉੱਤੇ ਸਿਆਸਤ ਕਰੇਗੀ ਜਾਂ ਕਿਸਾਨੀ, ਬੇਰੁਜ਼ਗਾਰੀ, ਨਸ਼ਿਆਂ, ਸਿੱਖਿਆ, ਸਿਹਤ ਅਤੇ ਪੰਜਾਬ ਦੇ ਆਰਥਿਕ ਸੰਕਟ ਬਾਰੇ ਵੀ ਇੱਕ ਠੋਸ ਬਦਲ ਪੇਸ਼ ਕਰੇਗੀ।

ਦੂਜੇ ਪਾਸੇ ਸ਼੍ਰੋਮਣੀ ਅਕਾਲੀ ਦਲ ਲਈ ਵੀ ਇਹ ਚੁਣੌਤੀ ਹੈ ਕਿ ਉਹ ਆਪਣੀ ਪੁਰਾਣੀ ਪੰਥਕ ਪਛਾਣ ਅਤੇ ਵੋਟਰਾਂ ਦੇ ਭਰੋਸੇ ਨੂੰ ਕਿਵੇਂ ਮੁੜ ਮਜ਼ਬੂਤ ਕਰਦਾ ਹੈ।

ਅਸਲ ਸਵਾਲ ਇਹ ਨਹੀਂ ਕਿ ਬਾਜ ਕਿਸ ਪਾਰਟੀ ਨੂੰ ਮਿਲੇਗਾ, ਸਗੋਂ ਇਹ ਹੈ ਕਿ ਸਿੱਖ ਵੋਟਰ ਕਿੰਸ ਸਿਆਸੀ ਧਿਰ ਨੂੰ ਆਪਣੀਆਂ ਧਾਰਮਿਕ ਭਾਵਨਾਵਾਂ, ਪੰਜਾਬ ਦੇ ਹਿੱਤਾਂ ਅਤੇ ਭਵਿੱਖ ਦੀਆਂ ਉਮੀਦਾਂ ਦਾ ਸੱਚਾ ਪ ਤੀਨਿਧ ਮੰਨਣਗੇ।

ਬਾਜ ਸਿੱਖ ਇਤਿਹਾਸ ਵਿੱਚ ਸਾਂਝੀ ਵਿਰਾਸਤ ਦਾ ਪ੍ਰਤੀਕ ਹੈ। ਹੁਣ ਵੇਖਣਾ ਇਹ ਹੋਵੇਗਾ ਕਿ ਇਸ ਦੀ ਵਧ ਰਹੀ ਸਿਆਸੀ ਵਰਤੋਂ ਪੰਜਾਬ ਵਿੱਚ ਕਿਸੇ ਨਵੀਂ ਪੰਥਕ ਲਹਿਰ ਨੂੰ ਜਨਮ ਦਿੰਦੀ ਹੈ ਜਾਂ ਸਿਰਫ਼ ਚੋਣ ਪ੍ਰਚਾਰ ਦਾ ਇੱਕ ਪ੍ਰਭਾਵਸ ਾਲੀ ਹਿੱਸਾ ਬਣ ਕੇ ਰਹਿ ਜਾਂਦੀ ਹੈ।

ਇੱਕ ਗੱਲ ਸਪੱਸ਼ਟ ਹੈ ਕਿ 2027 ਦੀਆਂ ਚੋਣਾਂ ਤੋਂ ਪਹਿਲਾਂ ਪੰਜਾਬ ਦੀ ਪੰਥਕ ਸਿਆਸਤ ਵਿੱਚ 'ਤੱਕੜੀ' ਦੇ ਨਾਲ 'ਬਾਜ' ਦੀ ਚਰਚਾ ਵੀ ਆਉਣ ਵਾਲੇ ਮਹੀਨਿਆਂ ਦੌਰਾਨ ਹੋਰ ਤੇਜ਼ ਹੋ ਸਕਦੀ ਹੈ।

ਜਿਸ ਨੇ ਸੁਖਬੀਰ ਬਾਦਲ ਦੀ ਜਾਨ ਬਚਾਈ ਉਸੇ ਆਗੂ ਨੇ ਛੱਡਿਆ ਅਕਾਲੀ ਦਲ

ਵਿਸ਼ੇਸ਼ ਰਿਪੋਰਟ | ਸੰਗਰੂਰ

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਦਸੰਬਰ 2024 ਵਿੱਚ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਜਾਨਲੇਵਾ ਹਮਲੇ ਦੌਰਾਨ ਜਾਨ ਬਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਸੀਨੀਅਰ ਅਕਾਲੀ ਆਗੂ ਗੁਰਦੀਪ ਸਿੰਘ ਮਕਰੋੜ ਨੇ ਪਾਰਟੀ ਦੇ ਸਾਰੇ ਅਹੁਦਿਆਂ ਤੋਂ ਅਸਤੀਫ਼ਾ ਦੇ ਦਿੱਤਾ ਹੈ। ਹੈਰਾਨੀ ਵਾਲੀ ਗੱਲ ਇਹ ਹੈ ਕਿ ਉਨ੍ਹਾਂ ਦੀ ਨਾਰਾਜ਼ਗੀ ਦਾ ਤਾਜ਼ਾ ਕਾਰਨ ਕੋਈ ਵੱਡਾ ਸਿਆਸੀ ਫ਼ੈਸਲਾ ਜਾਂ ਅਹੁਦੇ ਦੀ ਮੰਗ ਨਹੀਂ, ਸਗੋਂ ਸੁਖਬੀਰ ਬਾਦਲ ਵੱਲੋਂ ਉਨ੍ਹਾਂ ਦੇ ਘਰ ਚਾਹ ਪੀਣ ਲਈ ਨਾ ਪੁੱਜਣਾ ਬਣਿਆ ਹੈ।

ਸੰਗਰੂਰ ਜ਼ਿਲ੍ਹੇ ਦੇ ਲਹਿਰਾਗਾਗਾ ਵਿਧਾਨ ਸਭਾ ਹਲਕੇ ਦੇ ਪਿੰਡ ਮਕਰੋੜ ਸਾਹਿਬ ਦੇ ਵਸਨੀਕ ਗੁਰਦੀਪ ਸਿੰਘ ਮਕਰੋੜ ਸ਼੍ਰੋਮਣੀ ਅਕਾਲੀ ਦਲ ਦੀ ਸਿਆਸੀ ਮਾਮਲਿਆਂ ਬਾਰੇ ਕਮੇਟੀ ਦੇ ਮੈਂਬਰ ਰਹੇ ਹਨ। ਉਨ੍ਹਾਂ ਦਾ ਪਰਿਵਾਰ ਤਿੰਨ ਪੀੜ੍ਹੀਆਂ ਤੋਂ ਅਕਾਲੀ ਸਿਆਸਤ ਨਾਲ ਜੁੜਿਆ ਹੋਇਆ ਹੈ। ਪਰ ਹੁਣ ਉਨ੍ਹਾਂ ਨੇ ਪਾਰਟੀ ਲੀਡਰਸ਼ਿਪ ਦੇ ਰਵੱਈਏ ਤੋਂ ਦੁਖੀ ਹੋ ਕੇ ਸਿਆਸੀ ਸਰਗਰਮੀਆਂ ਤੋਂ ਪਿੱਛੇ ਹਟਣ ਦਾ ਐਲਾਨ ਕੀਤਾ ਹੈ।

ਸੁਖਬੀਰ ਬਾਦਲ ਦੀ ਉਡੀਕ ਵਿੱਚ ਘਰ ਨੂੰ ਕਰਵਾਇਆ ਸੀ ਰੰਗ-ਰੋਗਨ

ਗੁਰਦੀਪ ਸਿੰਘ ਮਕਰੋੜ ਨੇ ਦਿ ਇੰਡੀਅਨ ਐਕਸਪ੍ਰੈਸ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸੁਖਬੀਰ ਸਿੰਘ ਬਾਦਲ ਨੇ ਉਨ੍ਹਾਂ ਦੇ ਘਰ ਚਾਹ ਪੀਣ ਆਉਣ ਦਾ ਭਰੋਸਾ ਦਿ

ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣਾ ਮਾਨ ਸਰਕਾਰ ਦਾ ਮੁੱਖ ਟੀਚਾ: ਅਮਨ ਅਰੋੜਾ

➢ ਕੈਬਨਿਟ ਮੰਤਰੀ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-4 ਤਹਿਤ ਸੁਨਾਮ ਵਿਖੇ ਰਾਜ ਪੱਧਰੀ ਵੇਟਲਿਫਟਿੰਗ ਮੁਕਾਬਲਿਆਂ ਦਾ ਆਗਾਜ਼ ➢ਰਾਸ਼ਟਰਮੰਡਲ ਖੇਡਾਂ ਦੀ ਕਾਂਸੀ ਤਮਗਾ ਜੇਤੂ ਹਰਜਿੰਦਰ ਕੌਰ ਨੇ ਖਿਡਾਰੀਆਂ ਦੀ ਕੀਤੀ ਹੌਂਸਲਾ ਅਫ਼ਜ਼ਾਈ

ਸੁਨਾਮ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਅਤੇ ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਊਰਜਾ ਨੂੰ ਉਸਾਰੂ ਦਿਸ਼ਾ ਦੇਣ ਲਈ ਉਨ੍ਹਾਂ ਨੂੰ ਖੇਡ ਮੈਦਾਨਾਂ ਨਾਲ ਜੋੜਨਾ ਅਤੇ ਆਪਣੀ ਪ੍ਰਤਿਭਾ ਨਿਖਾਰਨ ਦੇ ਢੁੱਕਵੇਂ ਮੌਕੇ ਪ੍ਰਦਾਨ ਕਰਨਾ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ।

ਕੈਬਨਿਟ ਮੰਤਰੀ ਅੱਜ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਡ ਵਿਭਾਗ, ਪੰਜਾਬ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਸੀਜ਼ਨ-4 ਤਹਿਤ ਨਿਆਈ ਸਾਹਿਬ ਵਾਲੀ ਧਰਮਸ਼ਾਲਾ, ਸੁਨਾਮ ਵਿਖੇ ਕਰਵਾਏ ਜਾ ਰਹੇ ਰਾਜ ਪੱਧਰੀ ਵੇਟਲਿਫਟਿੰਗ ਮੁਕਾਬਲਿਆਂ ਦਾ ਆਗਾਜ਼ ਕਰਨ ਮੌਕੇ ਖਿਡਾਰੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਕੌਮਾਂਤਰੀ ਵੇਟਲਿਫਟਰ ਅਤੇ ਰਾਸ਼ਟਰਮੰਡਲ ਖੇਡਾਂ ਦੀ ਕਾਂਸੀ ਤਮਗਾ ਜੇਤੂ ਹਰਜਿੰਦਰ ਕੌਰ ਨੇ ਵੀ ਵਿਸ ਤੌਰ

'ਤੇ ਸ਼ਿਰਕਤ ਕਰਕੇ ਖਿਡਾਰੀਆਂ ਦੀ ਹੌਂਸਲਾ ਅਫ਼ਜ਼ਾਈ ਕੀਤੀ।

ਅਮਨ ਅਰੋੜਾ ਨੇ ਵੱਖ-ਵੱਖ ਜ਼ਿਲ੍ਹਿਆਂ ਤੋਂ ਪਹੁੰਚੇ ਖਿਡਾਰੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਵਧੀਆ ਪ੍ਰਦਰਸ਼ਨ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਰਾਜ ਪੱਧਰੀ ਮੁਕਾਬਲਿਆਂ ਵਿੱਚ ਹਿੱਸਾ ਲੈਣਾ ਖਿਡਾਰੀਆਂ ਦੀ ਮਿਹਨਤ, ਲਗਨ ਅਤੇ ਨਿਰੰਤਰ ਅਭਿਆਸ ਦਾ ਨਤੀਜਾ ਹੈ। ਉਨ੍ਹਾਂ ਖਿਡਾਰੀਆਂ ਨੂੰ ਖੇਡ ਭਾਵਨਾ, ਅਨੁਸ਼ਾਸਨ ਅਤੇ ਆਪਸੀ ਸਤਿਕਾਰ ਨਾਲ ਮੁਕਾਬਲਿਆਂ ਵਿੱਚ ਹਿੱਸਾ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਹਰ ਮੁਕਾਬਲੇ ਤੋਂ ਮਿਲਿਆ ਤਜਰਬਾ ਭਵਿੱਖ ਦੀਆਂ ਪ੍ਰਾਪਤੀਆਂ ਲਈ ਰਾਹ ਪੱਧਰਾ ਕਰਦਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਨੇ ਪਿੰਡਾਂ ਅਤੇ ਸ਼ਹਿਰਾਂ ਦੇ ਖਿਡਾਰੀਆਂ ਨੂੰ ਆਪਣੀ ਕਾਬਲੀਅਤ ਦਿਖਾਉਣ ਲਈ ਸਾਂਝਾ ਮੰਚ ਪ੍ਰਦਾਨ ਕੀਤਾ ਹੈ। ਇਨ੍ਹਾਂ ਮੁਕਾਬਲਿਆਂ ਰਾਹੀਂ ਉੱਭਰਦੀ ਖੇਡ ਪ੍ਰਤਿਭਾ ਦੀ ਪਛਾਣ ਹੋਣ ਦੇ ਨਾਲ-ਨਾਲ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਰੁਚੀ ਵੀ ਵਧ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਖਿਡਾਰੀਆਂ ਨੂੰ ਅਜਿਹਾ ਮਾਹੌਲ ਮੁਹੱਈਆ ਕਰਵਾਉਣਾ ਹੈ, ਜਿਸ ਵਿੱਚ ਉਹ ਆਪਣੀ ਸਮਰੱਥਾ ਅਨੁਸਾਰ ਅੱਗੇ ਵਧ ਸਕਣ ਅਤੇ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਪ੍ਰਾਪਤੀਆਂ ਹਾਸਲ ਕਰ ਸਕਣ।

ਹਰਜਿੰਦਰ ਕੌਰ ਦੀਆਂ ਖੇਡ ਪ੍ਰਾਪਤੀਆਂ ਦੀ ਸ਼ਲਾਘਾ ਕਰਦਿਆਂ ਅਮਨ ਅਰੋੜਾ ਨੇ ਕਿਹਾ ਕਿ ਉਨ੍ਹਾਂ ਨੇ ਕੌਮਾਂਤਰੀ ਪੱਧਰ 'ਤੇ ਪੰਜਾਬ ਅਤੇ ਦੇਸ਼ ਦਾ ਮਾਣ ਵਧਾਇਆ ਹੈ। ਉਨ੍ਹਾਂ ਕਿਹਾ ਕਿ ਹਰਜਿੰਦਰ ਕੌਰ ਵਰਗੀਆਂ ਖਿਡਾਰਨਾਂ ਦੀਆਂ ਪ੍ਰਾਪਤੀਆਂ ਨੌਜਵਾਨ ਪੀੜ੍ਹੀ, ਖ਼ਾਸ ਕਰਕੇ ਲੜਕੀਆਂ ਲਈ ਪ੍ਰੇਰਨਾ ਦਾ ਸਰੋਤ ਹਨ। ਅਜਿਹੇ ਖਿਡਾਰੀਆਂ ਦੀ ਮੁਕਾਬਲਿਆਂ ਵਿੱਚ ਮੌਜੂਦਗੀ ਉੱਭਰਦੇ ਖਿਡਾਰੀਆਂ ਦਾ ਹੌਂਸਲਾ ਵਧਾਉਂਦੀ ਹੈ ਅਤੇ ਉਨ੍ਹਾਂ ਨੂੰ ਹੋਰ ਮਿਹਨਤ ਕਰਨ ਲਈ ਉਤਸ਼ਾਹਿਤ ਕਰਦੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਬਿਹਤਰ ਸਿਖਲਾਈ ਸਹੂਲਤਾਂ ਉਪਲਬਧ ਕਰਵਾਉਣ ਅਤੇ ਪ੍ਰਾਪਤੀਆਂ ਕਰਨ ਵਾਲੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਵੱਲ ਵਿਸ਼ੇਸ਼ ਧਿਆਨ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਖਿਡਾਰੀਆਂ ਨੂੰ ਆਪਣੀ ਤਿਆਰੀ ਲਈ ਲੋੜੀਂਦੀਆਂ ਸਹੂਲਤਾਂ ਮਿਲਣ ਨਾਲ ਉਹ ਓਲੰਪਿਕ, ਏਸ਼ੀਆਈ ਅਤੇ ਰਾਸ਼ਟਰਮੰਡਲ ਖੇਡਾਂ ਵਰਗੇ ਵੱਡੇ ਮੁਕਾਬਲਿਆਂ ਵਿੱਚ ਹੋਰ ਬਿਹਤਰ ਪ੍ਰਦਰਸ਼ਨ ਕਰ ਸਕਣਗੇ।

ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਸੁਨਾਮ ਵਿਖੇ ਆਧੁਨਿਕ ਹਾਕੀ ਗਰਾਊਂਡ ਦਾ ਨਿਰਮਾਣ ਕਾਰਜ ਲਗਭਗ ਮੁਕੰਮਲ ਹੋ ਚੁੱਕਾ ਹੈ ਅਤੇ ਇਸੇ ਮਹੀਨੇ ਇਹ ਗਰਾਊਂਡ ਖਿਡਾਰੀਆਂ ਨੂੰ ਸਮਰਪਿਤ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਹੂਲਤ ਨਾਲ ਇਲਾਕੇ ਦੇ ਹਾਕੀ ਖਿਡਾਰੀਆਂ ਨੂੰ ਅਭਿਆਸ ਲਈ ਬਿਹਤਰ ਮਾਹੌਲ ਮਿਲੇਗਾ ਅਤੇ ਨਵੇਂ ਖਿਡਾਰੀਆਂ ਨੂੰ ਵੀ ਇਸ ਖੇਡ ਨਾਲ ਜੁੜਨ ਲਈ ਉਤਸ਼ਾਹ ਮਿਲੇਗਾ।

ਹਾਕੀ ਕਲੱਬ ਵੱਲੋਂ ਗਰਾਊਂਡ ਵਿੱਚ ਕਮਰੇ ਦੀ ਲੋੜ ਸਬੰਧੀ ਉਠਾਈ ਮੰਗ ਬਾਰੇ ਅਮਨ ਅਰੋੜਾ ਨੇ ਭਰੋਸਾ ਦਿੱਤਾ ਕਿ ਖਿਡਾਰੀਆਂ ਦੀ ਲੋੜ ਅਨੁਸਾਰ ਕਮਰੇ ਦੀ ਉਸਾਰੀ ਵੀ ਜਲਦ ਕਰਵਾਈ ਜਾਵੇਗੀ।

ਉਨ੍ਹਾਂ ਕਿਹਾ ਕਿ ਕਰੋੜਾਂ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਜਾ ਰਹੇ ਇਸ ਖੇਡ ਪ੍ਰੋਜੈਕਟ ਵਿੱਚ ਲੋੜੀਂਦੀਆਂ ਸਹੂਲਤਾਂ ਦੀ ਘਾਟ ਨਹੀਂ ਰਹਿਣ ਦਿੱਤੀ ਜਾਵੇਗੀ।

ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਸੁਨਾਮ ਹਲਕੇ ਵਿੱਚ ਖੇਡ ਸਹੂਲਤਾਂ ਦੇ ਵਿਸਥਾਰ ਵੱਲ ਵਿਸ਼ੇਸ਼ ਤਵੱਜੋ ਦਿੱਤੀ ਜਾ ਰਹੀ ਹੈ ਤਾਂ ਜੋ ਨੌਜਵਾਨ ਆਪਣੇ ਨੇੜਲੇ ਖੇਤਰਾਂ ਵਿੱਚ ਹੀ ਅਭਿਆਸ ਕਰ ਸਕਣ। ਉਨ੍ਹਾਂ ਕਿਹਾ ਕਿ ਖੇਡਾਂ ਸਰੀਰਕ ਤੰਦਰੁਸਤੀ ਦੇ ਨਾਲ-ਨਾਲ ਅਨੁਸ਼ਾਸਨ, ਆਤਮਵਿਸ਼ਵਾਸ ਅਤੇ ਮਿਹਨਤ ਦੀ ਭਾਵਨਾ ਪੈਦਾ ਕਰਦੀਆਂ ਹਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਦੂਰ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਮਾਪਿਆਂ ਅਤੇ ਕੋਚਾਂ ਨੂੰ ਵੀ ਬੱਚਿਆਂ ਦੀ ਖੇਡ ਪ੍ਰਤਿਭਾ ਪਛਾਣਨ ਅਤੇ ਉਨ੍ਹਾਂ ਨੂੰ ਲਗਾਤਾਰ ਉਤਸ਼ਾਹਿਤ ਕਰਨ ਦੀ ਅਪੀਲ ਕੀਤੀ।

ਇਸ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ, ਖੇਡ ਵਿਭਾਗ ਦੇ ਨੁਮਾਇੰਦੇ, ਕੋਚ, ਵੱਖ-ਵੱਖ ਜ਼ਿਲ੍ਹਿਆਂ ਤੋਂ ਪਹੁੰਚੇ ਖਿਡਾਰੀ ਅਤੇ ਖੇਡ ਪ੍ਰੇਮੀ ਹਾਜ਼ਰ ਸਨ।

ਅਧਿਆਪਕ ਖ਼ੁਦ ਜਲ ਕੇ ਦੂਜਿਆਂ ਦੀ ਜ਼ਿੰਦਗੀ ਰੁਸ਼ਨਾਉਂਦਾ ਹੈ : ਅਮਰਿੰਦਰ ਸਿੰਘ ਸੰਧੂ

ਜੈਤੋਂ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-



ਅਧਿਆਪਕ ਸਿਰਫ਼ ਪਾਠ-ਪੁਸਤਕਾਂ ਦਾ ਗਿਆਨ ਦੇਣ ਵਾਲਾ ਵਿਅਕਤੀ ਨਹੀਂ, ਸਗੋਂ ਉਹ ਸ਼ਖ਼ਸੀਅਤ ਹੈ, ਜੋ ਬੱਚਿਆਂ ਦੇ ਸੁਪਨਿਆਂ ਨੂੰ ਦਿਸ਼ਾ, ਸੋਚ ਨੂੰ ਵਿਸ਼ਾਲਤਾ ਅਤੇ ਜੀਵਨ ਨੂੰ ਨੈਤਿਕਤਾ ਦਾ ਆਧਾਰ ਦਿੰਦੀ ਹੈ। ਮੋਮਬੱਤੀ ਵਾਂਗ ਖ਼ੁਦ ਜਲ ਕੇ ਦੂਜਿਆਂ ਦੇ ਜੀਵਨ ਵਿੱਚ ਚਾਨਣ ਕਰਨ ਵਾਲੇ ਅਧਿਆਪਕ ਦੀ ਭੂਮਿਕਾ ਅੱਜ ਦੇ ਬਦਲਦੇ ਸਮਾਜ ਅਤੇ ਡਿਜੀਟਲ ਯੁੱਗ ਵਿੱਚ ਹੋਰ ਵੀ ਮਹੱਤਵਪੂਰਨ ਹੋ ਗਈ ਹੈ।

ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ, ਜੈਤੋ ਦੇ ਲੈਕਚਰਾਰ ਅਮਰਿੰਦਰ ਸਿੰਘ ਸੰਧੂ ਨੇ ਮੀਡੀਆ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਸਿੱਖਿਆ ਦੇ ਮੌਜੂਦਾ ਸਰੂਪ, ਅਧਿਆਪਕਾਂ ਦੀਆਂ ਜ਼ਿੰਮੇਵਾਰੀਆਂ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਬਾਰੇ ਚਾਨਣਾ ਪਾਇਆ।

ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਵਿੱਚ ਅਧਿਆਪਕ ਦੀ ਭੂਮਿਕਾ ਜਮਾਤ ਵਿੱਚ ਪੜ੍ਹਾਉਣ ਤੱਕ ਸੀਮਤ ਨਹੀਂ ਰਹੀ। ਪੜ੍ਹਾਈ ਦੇ ਨਾਲ-ਨਾਲ ਆਨਲਾਈਨ ਪੋਰਟਲਾਂ, ਈਮੇਲ, ਸਰਕਾਰੀ ਵੈੱਬਸਾਈਟਾਂ ਅਤੇ ਵੱਖ-ਵੱਖ ਪ੍ਰਸ਼ਾਸਕੀ ਕੰਮਾਂ ਦੀਆਂ ਜ਼ਿੰਮੇਵਾਰੀਆਂ ਵੀ ਅਧਿਆਪਕਾਂ ਨੂੰ ਨਿਭਾਉਣੀਆਂ ਪੈਂਦੀਆਂ ਹਨ। ਅਜਿਹੇ ਮਾਹੌਲ ਵਿੱਚ ਵਿਦਿਆਰਥੀਆਂ ਨੂੰ ਗੁਣਵੱਤਾਪੂਰਨ ਸਿੱਖਿਆ ਦੇਣ ਲਈ ਸਮੇਂ ਅਤੇ ਸਰੋਤਾਂ ਦੀ ਸੁਚੱਜੀ ਵਰਤੋਂ ਜ਼ਰੂਰੀ ਹੈ।

ਲੈਕਚਰਾਰ ਅਮਰਿੰਦਰ ਸਿੰਘ ਸੰਧੂ ਨੇ ਕਿਹਾ ਕਿ ਸਿੱਖਿਆ ਦਾ ਉਦੇਸ਼ ਕੇਵਲ ਪ੍ਰੀਖਿਆਵਾਂ ਵਿੱਚ ਚੰਗੇ ਅੰਕ ਪ੍ਰਾਪਤ ਕਰਨਾ ਨਹੀਂ, ਸਗੋਂ ਬੱਚਿਆਂ ਵਿੱਚ ਨੈਤਿਕ ਕਦਰਾਂ-ਕੀਮਤਾਂ, ਅਨੁਸ਼ਾਸਨ, ਤਰਕਸ਼ੀਲ ਸੋਚ, ਸਹਿਣਸ਼ੀਲਤਾ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਵੀ ਹੈ। ਅਧਿਆਪਕ ਵਿਦਿਆਰਥੀਆਂ ਨੂੰ ਸਹੀ ਅਤੇ ਗ਼ਲਤ ਵਿਚਕਾਰ ਫ਼ਰਕ ਸਮਝਣ ਦੇ ਯੋਗ ਬਣਾਉਂਦਾ ਹੈ ਅਤੇ ਉਨ੍ਹਾਂ ਨੂੰ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਕਰਦਾ ਹੈ।

ਉਨ੍ਹਾਂ ਅਨੁਸਾਰ, ਡਿਜੀਟਲ ਯੁੱਗ ਵਿੱਚ ਵਿਦਿਆਰਥੀਆਂ ਨੂੰ ਮੋਬਾਈਲ ਫ਼ੋਨ ਅਤੇ ਸੋਸ਼ਲ ਮੀਡੀਆ ਦੀ ਸੂਝ-ਬੂਝ ਨਾਲ ਵਰਤੋਂ ਕਰਨ ਲਈ ਜਾਗਰੂਕ ਕਰਨਾ ਸਮੇਂ ਦੀ ਲੋੜ ਹੈ। ਮਾਪਿਆਂ ਨੂੰ ਵੀ ਬੱਚਿਆਂ ਦੀ ਪੜ੍ਹਾਈ, ਮਾਨਸਿਕ ਵਿਕਾਸ ਅਤੇ ਰੋਜ਼ਾਨਾ ਦੀਆਂ ਸਰਗਰਮੀਆਂ ਵਿੱਚ ਦਿਲਚਸਪੀ ਲੈਣੀ ਚਾਹੀਦੀ ਹੈ।

ਉਨ੍ਹਾਂ ਕਿਹਾ ਕਿ ਅਧਿਆਪਕਾਂ ਦਾ ਸਤਿਕਾਰ, ਮਾਪਿਆਂ ਦਾ ਸਹਿਯੋਗ ਅਤੇ ਵਿਦਿਆਰਥੀਆਂ ਦੀ ਮਿਹਨਤ ਸਿੱਖਿਆ ਪ੍ਰਣਾਲੀ ਦੇ ਤਿੰਨ ਅਹਿਮ ਥੰਮ੍ਹ ਹਨ। ਇਨ੍ਹਾਂ ਦੇ ਆਪਸੀ ਤਾਲਮੇਲ ਨਾਲ ਹੀ ਗਿਆਨਵਾਨ, ਸੰਵੇਦਨਸ਼ੀਲ, ਇਮਾਨਦਾਰ ਅਤੇ ਸਮਾਜ ਪ੍ਰਤੀ ਜਵਾਬਦੇਹ ਪੀੜ੍ਹੀ ਦੀ ਸਿਰਜਣਾ ਸੰਭਵ ਹੈ।

ਅਜੈਵੀਰ ਸਿੰਘ ਲਾਲਪੁਰਾ ਦੀ ਅਗਵਾਈ ਹੇਠ ਭਾਜਪਾ ਦੀ ਜ਼ਿਲ੍ਹਾ ਕਾਰਜਕਾਰਨੀ ਦੀ ਮੀਟਿੰਗ ਆਯੋਜਿਤ, ਸੰਗਠਨ ਦੀ ਮਜ਼ਬੂਤੀ ਬਾਰੇ ਹੋਇਆ ਵਿਚਾਰ-ਵਟਾਂਦਰਾ

ਰੂਪਨਗਰ, 23 ਅਕਤੂਬਰ-
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਰੂਪਨਗਰ ਵਿੱਚ ਭਾਰਤੀ ਜਨਤਾ ਪਾਰਟੀ ਦੀ ਜ਼ਿਲ੍ਹਾ ਕਾਰਜਕਾਰਨੀ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਦੀ ਅਗਵਾਈ ਹੇਠ ਆਯੋਜਿਤ ਕੀਤੀ ਗਈ। ਇਸ ਮੌਕੇ ਭਾਜਪਾ ਦੇ ਜ਼ਿਲ੍ਹਾ ਇੰਚਾਰਜ ਰਣਜੀਤ ਸਿੰਘ ਗਿੱਲ ਦਾ ਪਾਰਟੀ ਦੇ ਅਹੁਦੇਦਾਰਾਂ ਅਤੇ ਵਰਕਰਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਮੀਟਿੰਗ ਦੌਰਾਨ ਸੰਗਠਨਾਤਮਕ ਮਾਮਲਿਆਂ, ਪਾਰਟੀ ਦੀਆਂ ਗਤੀਵਿਧੀਆਂ ਅਤੇ ਆਉਣ ਵਾਲੀ ਰਣਨੀਤੀ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਇੰਚਾਰਜ ਰਣਜੀਤ ਸਿੰਘ ਗਿੱਲ ਨੇ ਕਿਹਾ ਕਿ ਕਿਸੇ ਵੀ ਸਿਆਸੀ ਪਾਰਟੀ ਦੀ ਅਸਲ ਤਾਕਤ ਉਸ ਦਾ ਮਜ਼ਬੂਤ ਸੰਗਠਨ ਅਤੇ ਸਮਰਪਿਤ ਵਰਕਰ ਹੁੰਦੇ ਹਨ। ਉਨ੍ਹਾਂ ਕਿਹਾ ਕਿ ਵਰਕਰਾਂ ਨੂੰ ਪਾਰਟੀ ਦੀਆਂ ਨੀਤੀਆਂ ਅਤੇ ਕੇਂਦਰ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਲਈ ਲਗਾਤਾਰ ਯਤਨ

ਕਰਨੇ ਚਾਹੀਦੇ ਹਨ। ਉਨ੍ਹਾਂ ਨੇ ਸੰਗਠਨ ਨੂੰ ਬੂਥ ਪੱਧਰ ਤੱਕ ਮਜ਼ਬੂਤ ਬਣਾਉਣ, ਲੋਕਾਂ ਨਾਲ ਸਿੱਧਾ ਸੰਪਰਕ ਕਾਇਮ ਰੱਖਣ ਅਤੇ ਆਪਸੀ ਤਾਲਮੇਲ ਨਾਲ ਕੰਮ ਕਰਨ ਦੀ ਲੋੜ @ਤੇ ਜ਼ੋਰ ਦਿੱਤਾ।

ਇਸ ਤੋਂ ਬਾਅਦ ਜ਼ਿਲ੍ਹਾ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜ਼ਿਲ੍ਹਾ ਰੂਪਨਗਰ ਵਿੱਚ ਭਾਜਪਾ ਦੇ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪਾਰਟੀ ਦੀ ਤਰੱਕੀ ਵਿੱਚ ਹਰੇਕ ਅਹੁਦੇਦਾਰ ਅਤੇ ਵਰਕਰ ਦੀ ਅਹਿਮ ਭੂਮਿਕਾ ਹੈ। ਉਨ੍ਹਾਂ ਨੇ ਵਰਕਰਾਂ ਨੂੰ ਪੂਰੀ ਲਗਨ, ਅਨੁਸ਼ਾਸਨ ਅਤੇ ਏਕਤਾ ਨਾਲ ਕੰਮ ਕਰਨ ਦਾ ਸੱਦਾ ਦਿੱਤਾ।

ਅਜੈਵੀਰ ਸਿੰਘ ਲਾਲਪੁਰਾ ਨੇ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਣਾ ਅਤੇ ਉਨ੍ਹਾਂ ਦੀ ਆਵਾਜ਼ ਨੂੰ ਉਚਿਤ ਮੰਚ ਤੱਕ ਪਹੁੰਚਾਉਣਾ ਸੰਗਠਨ ਦੀ ਅਹਿਮ ਜ਼ਿੰਮੇਵਾਰੀ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸਾਰੇ ਅਹੁਦੇਦਾਰਾਂ ਅਤੇ ਵਰਕਰਾਂ ਦੇ ਸਹਿਯੋਗ ਨਾਲ ਜ਼ਿਲ੍ਹੇ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ੀ ਮਿਲੇਗੀ ਅਤੇ ਸੰਗਠਨ ਨੂੰ ਜ਼ਮੀਨੀ ਪੱਧਰ @ਤੇ ਮਜ਼ਬੂਤ ਬਣਾਇਆ ਜਾਵੇਗਾ।

ਇਸ ਮੌਕੇ ਵਰਿੰਦਰ ਰਾਣਾ, ਜਤਿੰਦਰ ਅਠਵਾਲ, ਪ੍ਰਵੇਸ਼ ਗੋਇਲ, ਬਲ ਕ੍ਰਿਸ਼ਨ ਕੁੱਕੂ, ਜਗਦੀਸ਼ ਚੰਦਰ ਕਜਲਾ, ਰਮਨ ਜਿੰਦਲ, ਮੋਨਿਕਾ ਸ਼ਰਮਾ, ਓਂਕਾਰ ਅਭਿਆਣਾ, ਐਡਵੋਕੇਟ ਨਿਪੁਣ ਸੋਨੀ, ਰਾਜੇਸ਼ ਚੌਧਰੀ, ਅਰਵਿੰਦ ਮਿੱਤਲ, ਜੀਵਨ ਕੁਮਾਰ ਚੌਧਰੀ, ਕ੍ਰਿਸ਼ਨ ਕੁਮਾਰ ਅੱਤਰੀ, ਰਤਨ ਸਿੰਘ ਧਨੇਰ, ਇੰਦਰਪਾਲ ਸਿੰਘ, ਜਗਮੰਦੀਪ ਸਿੰਘ ਪਰਹੀ, ਧਰਮਿੰਦਰ ਸਿੰਘ ਭਿੰਦਾ ਅਤੇ ਨਵੀਨ ਕੁਮਾਰ ਸਮੇਤ ਹੋਰ ਪਾਰਟੀ ਅਹੁਦੇਦਾਰ ਅਤੇ ਵਰਕਰ ਹਾਜ਼ਰ ਸਨ।

ਮੀਟਿੰਗ ਦੇ ਅੰਤ ਵਿੱਚ ਜਗਦੀਸ਼ ਚੰਦਰ ਕਜਲਾ ਨੇ ਹਾਜ਼ਰ ਸਾਰੇ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕੀਤਾ ਅਤੇ ਸੰਗਠਨ ਦੀ ਮਜ਼ਬੂਤੀ ਲਈ ਸਾਰਿਆਂ ਨੂੰ ਮਿਲ ਕੇ ਕੰਮ ਕਰਨ ਦੀ ਅਪੀਲ ਕੀਤੀ।

ਅਲੀਸ਼ੇਰ ਸੜਕ ਹਾਦਸਾ: 8 ਵਿਅਕਤੀਆਂ ਦੀ ਮੌਤ; 12 ਜ਼ਖ਼ਮੀ

ਲਹਿਰਾਗਾਗਾ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਡਿਪਟੀ ਕਮਿਸ਼ਨਰ ਸ਼੍ਰੀਮਤੀ ਪੂਨਮਦੀਪ ਕੌਰ ਨੇ ਦੱਸਿਆ ਕਿ ਲਹਿਰਾਗਾਗਾ - ਜਾਖਲ

ਮੱਛੀ ਪਾਲਕਾਂ ਅਤੇ ਝੀਂਗਾ ਪਾਲਕਾਂ ਦੀ ਹੋਈ ਬੱਲੇ-ਬੱਲੇਸ ਖੇਤੀਬਾੜੀ ਫੀਡਰਾਂ ਤੋਂ ਬਿਜਲੀ ਮਿਲੇਗੀ ਸਿਰਫ਼ 10 ਪੈਸੇ ਪ੍ਰਤੀ ਯੂਨਿਟ

ਮੱਛੀ ਪਾਲਕਾਂ ਨੂੰ ਕੋਈ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ : ਸ੍ਰੀ ਸ਼ਿਆਮ ਸਿੰਘ ਰਾਣਾ

ਚੰਡੀਗੜ੍ਹ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਅਤੇ ਮੱਛੀ ਪਾਲਣ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਕਿਹਾ ਕਿ ਸੂਬੇ ਵਿੱਚ ਮੱਛੀ ਪਾਲਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਨੂੰ ਜਿੱਥੇ ਉੱਚ ਗੁਣਵੱਤਾ ਵਾਲਾ ਬੀਜ ਮੁਹੱਈਆ ਕਰਵਾਇਆ ਜਾਵੇਗਾ, ਉੱਥੇ ਹੀ ਉਨ੍ਹਾਂ ਦੀਆਂ ਮੱਛੀਆਂ ਅਤੇ ਝੀਂਗਿਆਂ ਦੀ ਵਿਕਰੀ ਲਈ ਵੱਖ ਤੋਂ ਮੰਡੀ ਦਾ ਪ੍ਰਬੰਧ ਵੀ ਕੀਤਾ ਜਾਵੇਗਾ।

ਸ੍ਰੀ ਰਾਣਾ ਅੱਜ ਮੱਛੀ ਪਾਲਣ ਵਿਭਾਗ ਦੇ ਅਧਿਕਾਰੀਆਂ ਦੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਇਸ ਮੌਕੇ ਉਨ੍ਹਾਂ ਨੇ ਵਿਭਾਗ ਨਾਲ ਸਬੰਧਤ ਮੁੱਖ ਮੰਤਰੀ ਦੀਆਂ ਘੋਸ਼ਣਾਵਾਂ ਅਤੇ ਬਜਟ ਘੋਸ਼ਣਾਵਾਂ ਦੀ ਵੀ ਸਮੀਖਿਆ ਕੀਤੀ ਅਤੇ ਇਨ੍ਹਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਪੂਰਾ ਕਰਨ ਦੇ ਨਿਰਦੇਸ਼ ਦਿੱਤੇ। ਮੀਟਿੰਗ ਵਿੱਚ ਮੱਛੀ ਪਾਲਣ ਵਿਭਾਗ ਦੇ ਪ੍ਰਧਾਨ ਸਕੱਤਰ ਸ੍ਰੀ ਰਾਜੀਵ ਰੰਜਨ, ਡਾਇਰੈਕਟਰ ਸ੍ਰੀ ਪਵਨ ਕੁਮਾਰ ਤੋਂ ਇਲਾਵਾ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ।

ਮੱਛੀ ਪਾਲਣ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਮੀਟਿੰਗ ਤੋਂ ਬਾਅਦ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿੱਤੀ ਸਾਲ 2026-27 ਦੀ ਉਸ ਬਜਟ ਘੋਸ਼ਣਾ ਨੂੰ ਪੂਰਾ ਕਰ ਦਿੱਤਾ ਗਿਆ ਹੈ, ਜਿਸ ਵਿੱਚ ਮੱਛੀ ਪਾਲਣ ਅਤੇ ਝੀਂਗਾ ਪਾਲਣ ਲਈ ਖੇਤੀਬਾੜੀ ਫੀਡਰਾਂ ਤੋਂ ਬਿਜਲੀ ਪ੍ਰਾਪਤ ਕਰਨ ਵਾਲੇ ਖਪਤਕਾਰਾਂ ਨੂੰ 10 ਪੈਸੇ ਪ੍ਰਤੀ ਯੂਨਿਟ ਦੀ ਰਿਆਇਤੀ ਦਰ 'ਤੇ ਬਿਜਲੀ ਦੇਣ ਦੀ ਗੱਲ ਕਹੀ ਗਈ ਸੀ। ਇਸ ਤੋਂ ਇਲਾਵਾ, ਗੈਰ-ਖੇਤੀਬਾੜੀ ਫੀਡਰਾਂ ਨਾਲ ਜੁੜੇ 20 ਕਿਲੋਵਾਟ ਤੱਕ ਦੇ ਲੋਡ ਵਾਲੇ ਖਪਤਕਾਰਾਂ ਨੂੰ ਐੱਫਪੀਓ/ਖੇਤੀਬਾੜੀ

ਉਦਯੋਗ ਸ਼੍ਰੇਣੀ ਅਧੀਨ 4.75 ਰੁਪਏ ਪ੍ਰਤੀ ਯੂਨਿਟ ਦੀ ਦਰ ਨਾਲ ਬਿਜਲੀ ਦੇਣੀ ਸ਼ੁਰੂ ਕਰ ਦਿੱਤੀ ਗਈ ਹੈ। ਇਸ ਸ਼੍ਰੇਣੀ ਵਿੱਚ ਲੋਡ ਦੀ ਸੀਮਾ ਵੀ 20 ਕਿਲੋਵਾਟ ਤੋਂ ਵਧਾ ਕੇ 40 ਕਿਲੋਵਾਟ ਕਰ ਦਿੱਤੀ ਗਈ ਹੈ ਅਤੇ ਬਿਜਲੀ ਦੀ ਦਰ 6.60 ਰੁਪਏ ਪ੍ਰਤੀ ਯੂਨਿਟ ਤੋਂ ਘਟਾ ਕੇ 4.75 ਰੁਪਏ ਪ੍ਰਤੀ ਯੂਨਿਟ ਕਰ ਦਿੱਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਮੱਛੀ ਪਾਲਕਾਂ ਦੀ ਮੰਗ ਅਨੁਸਾਰ ਯਮੁਨਾਨਗਰ, ਰੋਹਤਕ ਅਤੇ ਫਰੀਦਾਬਾਦ ਵਿੱਚ ਨਵੀਆਂ ਮਿੱਟੀ ਅਤੇ ਪਾਣੀ ਦੀ ਜਾਂਚ ਕਰਨ ਵਾਲੀਆਂ ਪ੍ਰਯੋਗਸ਼ਾਲਾਵਾਂ ਸਥਾਪਤ ਕੀਤੀਆਂ ਜਾਣਗੀਆਂ। ਮੁੱਖ ਮੰਤਰੀ ਨੇ ਇਸ ਕੰਮ ਨੂੰ ਮਨਜ਼ੂਰੀ ਦੇ ਦਿੱਤੀ ਹੈ, ਜਿਸ 'ਤੇ ਲਗਭਗ 6.04 ਕਰੋੜ ਰੁਪਏ ਦੀ ਲਾਗਤ ਆਵੇਗੀ। ਮਾਰਚ 2027 ਤੱਕ ਇਨ੍ਹਾਂ ਤਿੰਨਾਂ ਪ੍ਰਯੋਗਸ਼ਾਲਾਵਾਂ ਦੇ ਸ਼ੁਰੂ ਹੋਣ ਦੀ ਸੰਭਾਵਨਾ ਹੈ।

ਸ੍ਰੀ ਸ਼ਿਆਮ ਸਿੰਘ ਰਾਣਾ ਨੇ ਅੱਗੇ ਦੱਸਿਆ ਕਿ ਜੋਤਿਸਰ ਅਤੇ ਸਾਂਪਲਾ ਸਥਿਤ ਸਰਕਾਰੀ ਮੱਛੀ ਬੀਜ ਫਾਰਮਾਂ ਨੂੰ ਮਜ਼ਬੂਤ ਅਤੇ ਨਵੀਨੀਕਰਨ ਕੀਤਾ ਜਾ ਰਿਹਾ ਹੈ, ਜਿਨ੍ਹਾਂ 'ਤੇ ਲਗਭਗ 20.48 ਕਰੋੜ ਰੁਪਏ ਖਰਚ ਹੋਣ ਦਾ ਅਨੁਮਾਨ ਹੈ। ਇਨ੍ਹਾਂ ਬੀਜ ਫਾਰਮਾਂ ਤੋਂ ਬਾਅਦ ਹੋਰ ਫਾਰਮਾਂ ਨੂੰ ਵੀ ਪੜਾਅਵਾਰ ਢੰਗ ਨਾਲ ਮਜ਼ਬੂਤ ਅਤੇ ਨਵੀਨੀਕਰਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ 'ਪ੍ਰਧਾਨ ਮੰਤਰੀ ਮਤਸਯ ਸੰਪਦਾ ਯੋਜਨਾ' ਤਹਿਤ ਹਿਸਾਰ ਅਤੇ ਫਰੀਦਾਬਾਦ ਜ਼ਿਲ੍ਹਿਆਂ ਵਿੱਚ ਕੁੱਲ 100 ਕਰੋੜ ਰੁਪਏ ਦੀ ਲਾਗਤ ਨਾਲ ਦੋ ਆਧੁਨਿਕ ਮੱਛੀ ਮੰਡੀਆਂ ਸਥਾਪਤ ਕੀਤੀਆਂ ਜਾ ਰਹੀਆਂ ਹਨ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਨ੍ਹਾਂ ਨੂੰ ਮਨਜ਼ੂਰੀ ਦੇ ਦਿੱਤੀ ਹੈ। ਜਲਦੀ ਹੀ ਵਿਸਥਾਰ ਪ੍ਰੋਜੈਕਟ ਰਿਪੋਰਟ (ਡੀਪੀਆਰ) ਤਿਆਰ ਕਰਕੇ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਇਸੇ ਯੋਜਨਾ ਤਹਿਤ ਕਰਨਾਲ ਵਿੱਚ 50 ਕਰੋੜ ਰੁਪਏ ਦੀ ਲਾਗਤ ਨਾਲ ਮੱਛੀ ਪ੍ਰੋਸੈਸਿੰਗ ਯੂਨਿਟ ਸਥਾਪਤ ਕਰਨ ਦੀ ਦਿਸ਼ਾ ਵਿੱਚ ਕੰਮ ਸ਼ੁਰੂ ਹੋ ਗਿਆ ਹੈ। ਇਸ ਦਾ ਕੰਮ ਦਸੰਬਰ 2028 ਤੱਕ ਪੂਰਾ ਹੋ ਜਾਵੇਗਾ। ਸ੍ਰੀ ਸ਼ਿਆਮ ਸਿੰਘ ਰਾਣਾ ਨੇ ਪਿਛਲੇ ਵਿੱਤੀ ਸਾਲ ਦੀਆਂ ਪੈਂਡਿੰਗ ਘੋਸ਼ਣਾਵਾਂ ਦੀ ਸਥਿਤੀ ਬਾਰੇ ਵੀ ਜਾਣਕਾਰੀ ਲਈ ਅਤੇ ਅਧਿਕਾਰੀਆਂ ਨੂੰ ਬਕਾਇਆ ਘੋਸ਼ਣਾਵਾਂ ਜਲਦੀ ਤੋਂ ਜਲਦੀ ਪੂਰੀਆਂ ਕਰਨ ਦੇ ਨਿਰਦੇਸ਼ ਦਿੱਤੇ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਸਵੀਡਨ ਦੌਰੇ ਦੌਰਾਨ 4000 ਕਰੋੜ ਰੁਪਏ ਦੇ ਐਲਓਆਈ 'ਤੇ ਦਸਤਖ਼ਤ

ਚੰਡੀਗੜ੍ਹ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸਵੀਡਨ ਦੇ ਇਤਿਹਾਸਕ ਦੌਰੇ ਦੌਰਾਨ ਸੂਬਾ ਸਰਕਾਰ ਅਤੇ ਸਵੀਡਿਸ਼ ਕੰਪਨੀਆਂ ਵਿਚਕਾਰ ਕੁੱਲ 4000 ਕਰੋੜ ਰੁਪਏ ਦੇ ਲੈਟਰ ਆਫ਼ ਇੰਟੈਂਟ (ਐਲਓਆਈ) 'ਤੇ ਦਸਤਖ਼ਤ ਕੀਤੇ ਗਏ। ਇਸ ਮਹੱਤਵਪੂਰਨ ਦੌਰੇ ਨੇ ਹਰਿਆਣਾ ਅਤੇ ਸਵੀਡਨ ਵਿਚਕਾਰ ਵਪਾਰ, ਨਿਵੇਸ਼, ਆਰਥਿਕ ਸਹਿਯੋਗ ਅਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਰਾਹ ਖੋਲ੍ਹੇ ਹਨ। ਇਸ ਮੌਕੇ ਸ਼ਹਿਰੀ ਸਥਾਨਕ ਸਰਕਾਰਾਂ ਮੰਤਰੀ ਸ੍ਰੀ ਵਿਪੁਲ ਗੋਇਲ ਵੀ ਨਾਲ ਮੌਜੂਦ ਰਹੇ।

ਦੌਰੇ ਦੌਰਾਨ ਗੁਰੂਗ੍ਰਾਮ ਅਤੇ ਸਟਾਕਹੋਮ ਸ਼ਹਿਰਾਂ ਵਿਚਕਾਰ ਸਿਟੀ-ਟੂ-ਸਿਟੀ ਸਹਿਯੋਗ ਸਮਝੌਤਾ ਹੋਇਆ। ਦੋਵੇਂ ਸ਼ਹਿਰ ਤਕਨੀਕੀ ਨਵੀਨਤਾ, ਸਮਾਰਟ ਸਿਟੀ ਹੱਲ, ਟਿਕਾਊ ਸ਼ਹਿਰੀ ਵਿਕਾਸ, ਗਿਆਨ ਦੇ ਆਦਾਨ-ਪ੍ਰਦਾਨ ਅਤੇ ਨਿਵੇਸ਼ ਨੂੰ ਉਤਸ਼ਾਹਿਤ ਕਰਨ ਦੇ ਖੇਤਰਾਂ ਵਿੱਚ ਮਿਲ ਕੇ ਕੰਮ ਕਰਨਗੇ। ਇਹ ਸਹਿਯੋਗ ਦੋਵਾਂ ਸ਼ਹਿਰਾਂ ਵਿਚਕਾਰ ਲੰਬੇ ਸਮੇਂ ਦੀ ਭਾਈਵਾਲੀ ਨੂੰ ਮਜ਼ਬੂਤ ਕਰੇਗਾ।

ਸਸ਼ਕਤ ਭਾਰਤ-ਆਤਮਨਿਰਭਰ ਭਾਰਤ ਦੇ ਵਿਜ਼ਨ ਦੇ ਅਨੁਸਾਰ ਹਰਿਆਣਾ ਸਰਕਾਰ ਨੇ 3000 ਕਰੋੜ ਰੁਪਏ ਦੇ ਇੱਕ ਵੱਡੇ ਐਲਓਆਈ 'ਤੇ ਦਸਤਖ਼ਤ ਕੀਤੇ। ਇਸ ਤੋਂ ਇਲਾਵਾ ਰਿਟੇਲ ਸੈਕਟਰ ਅਤੇ ਵੇਅਰਹਾਊਸਿੰਗ ਸੈਕਟਰ ਵਿੱਚ 1000 ਕਰੋੜ ਰੁਪਏ ਦੇ ਐਲਓਆਈ 'ਤੇ ਵੀ ਸਹਿਮਤੀ ਬਣੀ। ਇਨ੍ਹਾਂ ਸਮਝੌਤਿਆਂ ਨਾਲ ਸੂਬੇ ਵਿੱਚ ਆਧੁਨਿਕ ਵੇਅਰਹਾਊਸਿੰਗ ਬੁਨਿਆਦੀ ਢਾਂਚੇ, ਰਿਟੇਲ ਚੇਨਾਂ ਦੇ ਵਿਸਥਾਰ ਅਤੇ ਲੌਜਿਸਟਿਕਸ ਖੇਤਰ ਵਿੱਚ ਨਵੇਂ ਨਿਵੇਸ਼ ਆਉਣ ਦੀ ਉਮੀਦ ਹੈ।

ਹਰਿਆਣਾ ਅਤੇ ਸਵੀਡਨ ਵਿਚਕਾਰ ਵਪਾਰ ਵਧਾਉਣ ਅਤੇ ਆਰਥਿਕ ਸਹਿਯੋਗ ਨੂੰ ਉਤਸ਼ਾਹਿਤ ਕਰਨ ਲਈ ਵੀ ਮਹੱਤਵਪੂਰਨ ਸਮਝੌਤਾ ਹੋਇਆ। ਸਵੀਡਿਸ਼ ਕੰਪਨੀਆਂ ਨੇ ਹਰਿਆਣਾ ਦੇ ਹੁਨਰਮੰਦ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਉਪਲਬਧ ਕਰਵਾਉਣ ਦਾ ਭਰੋਸਾ ਦਿੱਤਾ ਹੈ। ਇਸ ਨਾਲ ਸੂਬੇ ਦੇ ਨੌਜਵਾਨਾਂ ਲਈ ਅੰਤਰਰਾਸ਼ਟਰੀ ਪੱਧਰ ਦੇ ਹੁਨਰ ਵਿਕਾਸ, ਸਿਖਲਾਈ ਅਤੇ ਰੁਜ਼ਗਾਰ ਦੇ ਨਵੇਂ ਰਾਹ ਖੁੱਲ੍ਹਣਗੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇਹ ਦੌਰਾ ਹਰਿਆਣਾ ਨੂੰ ਵਿਸ਼ਵ ਪੱਧਰ 'ਤੇ ਨਿਵੇਸ਼ ਦੇ ਨਕਸ਼ੇ 'ਤੇ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਸਵੀਡਨ ਦੀ ਉੱਨਤ ਤਕਨਾਲੋਜੀ, ਨਵੀਨਤਾ ਅਤੇ ਟਿਕਾਊ ਵਿਕਾਸ ਦੇ ਮਾਡਲ ਨੂੰ ਹਰਿਆਣਾ ਦੀ ਗਤੀਸ਼ੀਲ ਅਰਥਵਿਵਸਥਾ ਅਤੇ ਨੌਜਵਾਨ ਸ਼ਕਤੀ ਨਾਲ ਜੋੜ ਕੇ ਸੂਬੇ ਨੂੰ ਆਤਮਨਿਰਭਰ ਭਾਰਤ ਦੇ ਟੀਚੇ ਵੱਲ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ।

ਇਹ ਸਮਝੌਤੇ ਹਰਿਆਣਾ ਵਿੱਚ ਰੁਜ਼ਗਾਰ ਸਿਰਜਣ, ਉਦਯੋਗਿਕ ਵਿਕਾਸ, ਨਿਰਯਾਤ ਵਿੱਚ ਵਾਧੇ ਅਤੇ ਸ਼ਹਿਰੀ ਆਧੁਨਿਕੀਕਰਨ ਨੂੰ ਨਵੀਂ ਗਤੀ ਪ੍ਰਦਾਨ ਕਰਨਗੇ। ਸੂਬਾ ਸਰਕਾਰ ਇਨ੍ਹਾਂ ਨਿਵੇਸ਼ਾਂ ਨੂੰ ਜਲਦ ਤੋਂ ਜਲਦ ਅਮਲੀ ਰੂਪ ਦੇਣ ਲਈ ਸਾਰੀਆਂ ਲੋੜੀਂਦੀਆਂ ਸਹੂਲਤਾਂ ਉਪਲਬਧ ਕਰਵਾਏਗੀ।

ਟੀਚਾ ਹਾਸਲ ਕਰਨ ਲਈ ਮੈਦਾਨ ਵਿੱਚ ਉਤਰਨਾ ਜ਼ਰੂਰੀ, ਜਿੱਤ-ਹਾਰ ਤੋਂ ਨਿਰਾਸ਼ ਨਾ ਹੋਣ ਖਿਡਾਰੀ : ਰਾਓ ਨਰਬੀਰ ਸਿੰਘ

ਚੰਡੀਗੜ੍ਹ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਨੇ ਕਿਹਾ ਕਿ ਜੀਵਨ ਵਿੱਚ ਨਿਰਧਾਰਤ ਟੀਚਿਆਂ ਨੂੰ ਹਾਸਲ ਕਰਨ ਲਈ ਮੈਦਾਨ ਵਿੱਚ ਉਤਰਨਾ ਜ਼ਰੂਰੀ ਹੈ, ਭਾਵੇਂ ਉਹ ਖੇਡ ਦਾ ਮੈਦਾਨ ਹੋਵੇ ਜਾਂ ਸੰਘਰਸ਼ ਦਾ। ਸਫਲਤਾ ਦੇ ਰਾਹ 'ਤੇ ਚੱਲਣ ਲਈ ਯਤਨ ਕਰਨਾ ਅਤੇ ਚੁਣੌਤੀਆਂ ਦਾ ਸਾਹਮਣਾ ਕਰਨਾ ਪਹਿਲੀ ਸ਼ਰਤ ਹੈ। ਜਿੱਤਣ ਵਾਲਿਆਂ ਨੂੰ ਵਧਾਈਆਂ ਮਿਲਦੀਆਂ ਹਨ, ਪਰ ਕਿਸੇ ਕਾਰਨ ਟੀਚਾ ਹਾਸਲ ਨਾ ਕਰ ਸਕਣ ਵਾਲਿਆਂ ਨੂੰ ਵੀ ਨਿਰਾਸ਼ ਨਹੀਂ ਹੋਣਾ ਚਾਹੀਦਾ, ਕਿਉਂਕਿ ਹਰ ਯਤਨ ਅੱਗੇ ਵਧਣ ਦਾ ਨਵਾਂ ਮੌਕਾ ਦਿੰਦਾ ਹੈ।

ਕੈਬਨਿਟ ਮੰਤਰੀ ਗੁਰੂਗ੍ਰਾਮ ਵਿੱਚ ਸਮਾਲ ਸਾਈਡ ਹਰਿਆਣਾ ਫੁੱਟਬਾਲ ਐਸੋਸੀਏਸ਼ਨ ਵੱਲੋਂ ਕਰਵਾਈ ਗਈ ਰਾਓ ਮਹਾਬੀਰ ਸਿੰਘ ਮੈਮੋਰੀਅਲ ਸਮਾਲ ਸਾਈਡ ਇਨਵੀਟੇਸ਼ਨਲ ਨੈਸ਼ਨਲ ਫੁੱਟਬਾਲ ਚੈਂਪੀਅਨਸ਼ਿਪ ਵਿੱਚ ਮੁੱਖ ਮਹਿਮਾਨ ਵਜੋਂ ਖਿਡਾਰੀਆਂ ਨੂੰ ਸੰਬੋਧਨ ਕਰ ਰਹੇ ਸਨ। ਇਹ ਮੁਕਾਬਲਾ ਪ੍ਰਾਈਮ ਸਕਾਲਰਜ਼ ਇੰਟਰਨੈਸ਼ਨਲ ਸਕੂਲ ਵਿੱਚ 16 ਤੋਂ 18 ਅਕਤੂਬਰ ਤੱਕ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਅੰਡਰ-

14 ਅਤੇ ਅੰਡਰ-17 ਉਮਰ ਵਰਗ ਦੇ ਲੜਕੇ ਖਿਡਾਰੀ ਹਿੱਸਾ ਲੈ ਰਹੇ ਹਨ।

ਉਨ੍ਹਾਂ ਕਿਹਾ ਕਿ ਹਰਿਆਣਾ ਦੀ ਆਬਾਦੀ ਦੇਸ਼ ਦੀ ਕੁੱਲ ਆਬਾਦੀ ਦਾ ਲਗਭਗ ਦੋ ਪ੍ਰਤੀਸ਼ਤ ਹੈ, ਪਰ ਜਦੋਂ ਖੇਡਾਂ ਦੀ ਗੱਲ ਆਉਂਦੀ ਹੈ ਤਾਂ ਸੂਬੇ ਦੇ ਖਿਡਾਰੀ ਕਾਮਨਵੈਲਥ ਖੇਡਾਂ, ਏਸ਼ਿਆਈ ਖੇਡਾਂ, ਪੈਰਾਲੰਪਿਕ ਅਤੇ ਓਲੰਪਿਕ ਵਰਗੇ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਦੇਸ਼ ਦਾ ਨਾਂ ਰੌਸ਼ਨ ਕਰਦੇ ਹਨ। ਉਨ੍ਹਾਂ ਕਿਹਾ ਕਿ ਸੂਬੇ ਦੇ ਪ੍ਰਤਿਭਾਸ਼ਾਲੀ ਖਿਡਾਰੀਆਂ ਦੀ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਕਾਰਨ ਹਰਿਆਣਾ ਨੇ ਖੇਡਾਂ ਦੇ ਖੇਤਰ ਵਿੱਚ ਆਪਣੀ ਵਿਸ਼ੇਸ਼ ਪਛਾਣ ਬਣਾਈ ਹੈ।

ਉਦਯੋਗ ਮੰਤਰੀ ਨੇ ਕਿਹਾ ਕਿ 21ਵੀਂ ਸਦੀ ਵਿੱਚ ਭਾਰਤ ਨੂੰ ਕਿਸ ਦਿਸ਼ਾ ਅਤੇ ਦਸ਼ਾ ਵਿੱਚ ਅੱਗੇ ਲੈ ਕੇ ਜਾਣਾ ਹੈ, ਇਹ ਅੱਜ ਦੀ ਨੌਜਵਾਨ ਪੀੜ੍ਹੀ ਤੈਅ ਕਰੇਗੀ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਸਾਲ 2047 ਤੱਕ, ਭਾਵ ਦੇਸ਼ ਦੀ ਆਜ਼ਾਦੀ ਦੇ 100 ਸਾਲ ਪੂਰੇ ਹੋਣ ਤੱਕ, ਭਾਰਤ ਨੂੰ ਇੱਕ ਵਿਕਸਤ ਰਾਸ਼ਟਰ ਬਣਾਉਣ ਦਾ ਟੀਚਾ ਰੱਖਿਆ ਹੈ। ਉਨ੍ਹਾਂ ਕਿਹਾ ਕਿ ਵਿਕਸਤ ਭਾਰਤ ਦਾ ਅਰਥ ਸਿਰਫ਼ ਆਰਥਿਕ ਵਿਕਾਸ ਜਾਂ ਅਰਥਵਿਵਸਥਾ ਦੇ ਆਕਾਰ ਵਿੱਚ ਵਾਧਾ ਕਰਨਾ ਨਹੀਂ ਹੈ, ਸਗੋਂ ਖੇਡਾਂ, ਸਿਹਤ, ਵਾਤਾਵਰਣ ਦੀ ਸੰਭਾਲ, ਸਮਾਜਿਕ ਵਿਹਾਰ, ਵਿਗਿਆਨ ਅਤੇ ਤਕਨਾਲੋਜੀ ਸਮੇਤ ਹਰ ਖੇਤਰ ਵਿੱਚ ਤਰੱਕੀ ਕਰਨਾ ਹੈ।

ਉਨ੍ਹਾਂ ਕਿਹਾ ਕਿ ਭਾਰਤ ਨੂੰ ਵਿਕਸਤ ਰਾਸ਼ਟਰ ਬਣਾਉਣ ਲਈ ਨੌਜਵਾਨ ਪੀੜ੍ਹੀ ਨੂੰ ਆਪਣੀ ਪ੍ਰਤਿਭਾ ਅਤੇ ਊਰਜਾ ਦੀ ਸਕਾਰਾਤਮਕ ਵਰਤੋਂ ਕਰਨੀ ਹੋਵੇਗੀ। ਸਾਡੇ ਪੁਰਖਿਆਂ ਨੇ ਭਾਰਤ ਦੇ ਵਿਸ਼ਵਗੁਰੂ ਹੋਣ ਦੀ ਮਾਣਮੱਤੀ ਪਰੰਪਰਾ ਬਾਰੇ ਦੱਸਿਆ ਹੈ।

ਦੇਸ਼ ਨੂੰ ਮੁੜ ਇਸ ਸਥਾਨ 'ਤੇ ਪਹੁੰਚਾਉਣ ਲਈ ਸਿੱਖਿਆ, ਨਵੀਨਤਾ, ਤਕਨੀਕੀ ਵਿਕਾਸ ਅਤੇ ਹਰ ਖੇਤਰ ਵਿੱਚ ਉੱਤਮਤਾ ਹਾਸਲ ਕਰਨਾ ਜ਼ਰੂਰੀ ਹੈ। ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਖੇਡਾਂ ਦੇ ਨਾਲ-ਨਾਲ ਸਿੱਖਿਆ, ਹੁਨਰ ਵਿਕਾਸ ਅਤੇ ਤਕਨੀਕੀ ਖੇਤਰ ਵਿੱਚ ਵੀ ਅੱਗੇ ਵਧਣ ਅਤੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ।

ਹਰਿਆਣਾ ਸਰਕਾਰ ਨੇ ਰੈਗੂਲਰਾਈਜ਼ੇਸ਼ਨ ਪਾਲਿਸੀ ਤਹਿਤ ਰੈਗੂਲਰ ਕੀਤੇ ਗਏ ਕਰਮਚਾਰੀਆਂ ਦਾ ਵੇਰਵਾ ਮੰਗਿਆ

ਚੰਡੀਗੜ੍ਹ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਸਰਕਾਰ ਨੇ ਸਾਲ 2014 ਦੀਆਂ ਰੈਗੂਲਰਾਈਜ਼ੇਸ਼ਨ ਨੀਤੀਆਂ ਅਤੇ ਹੋਰ ਸਮਾਨ ਨੀਤੀਆਂ ਤਹਿਤ ਰੈਗੂਲਰ ਕੀਤੇ ਗਏ ਕਰਮਚਾਰੀਆਂ ਦਾ ਵੇਰਵਾ ਇਕੱਠਾ ਕਰਨ ਲਈ ਸਾਰੇ ਸਬੰਧਤ ਵਿਭਾਗਾਂ, ਦਫ਼ਤਰਾਂ ਅਤੇ ਸੰਗਠਨਾਂ ਨੂੰ ਨਿਰਦੇਸ਼ ਜਾਰੀ ਕੀਤੇ ਹਨ।

ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਜਾਰੀ ਇਨ੍ਹਾਂ ਨਿਰਦੇਸ਼ਾਂ ਅਨੁਸਾਰ, 16 ਜੂਨ, 18 ਜੂਨ ਅਤੇ 7 ਜੁਲਾਈ, 2014 ਨੂੰ ਜਾਰੀ ਕੀਤੀਆਂ ਗਈਆਂ ਰੈਗੂਲਰਾਈਜ਼ੇਸ਼ਨ ਨੀਤੀਆਂ ਅਤੇ ਸਮੇਂ-ਸਮੇਂ 'ਤੇ ਇਨ੍ਹਾਂ ਵਿੱਚ ਕੀਤੀਆਂ ਗਈਆਂ ਸੋਧਾਂ ਅਤੇ ਹੋਰ ਸਮਾਨ ਨੀਤੀਆਂ ਤਹਿਤ ਰੈਗੂਲਰ ਕੀਤੇ ਗਏ ਗਰੁੱਪ-ਬੀ, ਸੀ ਅਤੇ ਡੀ ਦੇ ਕਰਮਚਾਰੀਆਂ ਦੀ ਗਿਣਤੀ ਨਾਲ ਸਬੰਧਤ ਜਾਣਕਾਰੀ ਨਿਰਧਾਰਤ ਪ੍ਰੋਫਾਰਮੇ ਵਿੱਚ ਉਪਲਬਧ ਕਰਵਾਉਣੀ ਹੋਵੇਗੀ।

ਪੰਜਾਬ ਸਰਕਾਰ ਵੱਲੋਂ 2027 ਦੀਆਂ ਗਜ਼ਟਿਡ ਛੁੱਟੀਆਂ ਦਾ ਐਲਾਨ

ਚੰਡੀਗੜ੍ਹ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਨੇ ਸਾਲ 2027 ਦੌਰਾਨ ਸਰਕਾਰੀ ਦਫ਼ਤਰਾਂ ਵਿੱਚ ਮਨਾਈਆਂ ਜਾਣ ਵਾਲੀਆਂ ਗਜ਼ਟਿਡ ਛੁੱਟੀਆਂ ਦੀ ਸੂਚੀ ਜਾਰੀ ਕਰ ਦਿੱਤੀ ਹੈ। ਸਰਕਾਰ ਦੇ ਪਰਸੋਨਲ ਵਿਭਾਗ ਵੱਲੋਂ 15 ਅਕਤੂਬਰ ਨੂੰ ਇਸ ਸਬੰਧੀ ਨੋਟੀਫਿਕੇਸ਼ਨ ਜਾ

ਇੰਟਰਸਟੇਟ ਬੈਰੀਅਰ ਮਾਰਕੀਟ ਕਮੇਟੀ ਦੁਧਨਸਾਧਾਂ ਵਿਖੇ ਉੱਤਰ ਪ੍ਰਦੇਸ਼ ਤੋਂ ਆ ਰਹੇ ਪੀ.ਆਰ. ਝੋਨੇ ਨਾਲ ਭਰੇ ਟਰੱਕ ਨੂੰ ਕੀਤਾ ਪੁਲਿਸ ਹਵਾਲੇ

ਪਟਿਆਲਾ, 23 ਅਕਤੂਬਰ:
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਵੱਲੋਂ ਸਾਉਣੀ ਸੀਜ਼ਨ 2026-27 ਦੌਰਾਨ ਪੰਜਾਬ ਦੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕਰਨ ਅਤੇ ਬਾਹਰਲੇ ਰਾਜਾਂ ਤੋਂ ਗ਼ੈਰਕਾਨੂੰਨੀ ਢੰਗ ਨਾਲ ਝੋਨਾ ਲਿਆ ਕੇ ਪੰਜਾਬ ਦੀਆਂ ਮੰਡੀਆਂ ਵਿੱਚ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 'ਤੇ ਵੇਚਣ ਦੀਆਂ ਕੋਸ਼ਿਸ਼ਾਂ ਨੂੰ ਰੋਕਣ ਲਈ ਵੱਖ-ਵੱਖ ਵਿਭਾਗਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਹੋਈਆ ਹਨ। ਇਹ ਜਾਣਕਾਰੀ ਦਿੰਦਿਆਂ ਦੁਧਨਸਾਧਾਂ ਦੇ ਸਕੱਤਰ ਮਾਰਕੀਟ ਕਮੇਟੀ ਅਸ਼ੋਕ ਕੁਮਾਰ ਜਿੰਦਲ ਨੇ ਦੱਸਿਆ ਕਿ ਡਿਪਟੀ ਜਨਰਲ ਮੈਨੇਜਰ ਰਜਨੀਸ਼ ਗੋਇਲ ਦੇ ਦਿਸ਼ਾ-ਨਿਰਦੇਸ਼ਾਂ, ਪਟਿਆਲਾ ਜ਼ਿਲ੍ਹਾ ਮੰਡੀ ਅਫ਼ਸਰ ਅਸਲਮ ਮੁਹੰਮਦ ਦੀ ਅਗਵਾਈ ਅਤੇ ਦੁਧਨਸਾਧਾਂ ਦੇ ਐਸ ਡੀ ਐਮ ਹਰਜੀਤ ਕੌਰ ਦੀਆਂ ਹਦਾਇਤਾਂ ਅਨੁਸਾਰ ਇੰਟਰਸਟੇਟ ਬੈਰੀਅਰ ਮਾਰਕੀਟ ਕਮੇਟੀ ਦੁਧਨਸਾਧਾਂ ਵਿਖੇ ਉੱਤਰ ਪ੍ਰਦੇਸ਼ ਤੋਂ ਆ ਰਹੇ ਪੀ.ਆਰ. ਝੋਨੇ ਨਾਲ ਭਰੇ ਟਰੱਕ ਨੂੰ ਕਾਬੂ ਕਰਕੇ ਪੁਲਿਸ ਹਵਾਲੇ ਕੀਤਾ ਗਿਆ ਹੈ। ਸਕੱਤਰ ਨੇ ਦੱਸਿਆ ਕਿ ਸਰਕਾਰੀ ਹਦਾਇਤਾਂ ਦੀ ਪਾਲਣਾ ਕਰਦਿਆਂ ਮਾਰਕੀਟ ਕਮੇਟੀ ਅਤੇ ਖੁਰਾਕ ਅਤੇ ਸਿਵਲ ਸਪਲਾਈਜ ਵਿਭਾਗ ਵੱਲੋਂ ਇੰਟਰਸਟੇਟ ਬੈਰੀਅਰ ਮਾਰਕੀਟ ਕਮੇਟੀ ਦੁਧਨਸਾਧਾਂ ਅਤੇ ਹੋਰ ਨਾਕਿਆਂ 'ਤੇ 24 ਘੰਟੇ ਸ਼ਿਫਟਾਂ ਅਨੁਸਾਰ ਮੁਲਾਜਮਾਂ ਦੀਆਂ ਡਿਊਟੀਆਂ ਲਗਾ ਕੇ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ। ਇਸ ਮੁਹਿੰਮ ਤਹਿਤ ਮਿਤੀ 15 ਅਕਤੂਬਰ ਨੂੰ ਰਾਤ ਤਕਰੀਬਨ 7:40 ਵਜੇ ਇੰਟਰਸਟੇਟ ਬੈਰੀਅਰ ਮਾਰਕੀਟ ਕਮੇਟੀ ਦੁਧਨਸਾਧਾਂ ਵਿਖੇ ਮਾਰਕੀਟ ਕਮੇਟੀ ਅਤੇ ਖੁਰਾਕ ਅਤੇ ਸਿਵਲ ਸਪਲਾਈਜ ਵਿਭਾਗ ਦੇ ਮੁਲਾਜਮਾਂ ਵੱਲੋਂ ਸਾਂਝੇ ਤੌਰ 'ਤੇ ਚੈਕਿੰਗ ਕੀਤੀ ਜਾ ਰਹੀ ਸੀ।

ਉਨ੍ਹਾਂ ਦੱਸਿਆ ਕਿ ਇਸ ਦੌਰਾਨ ਟਰੱਕ ਨੰਬਰ ਐਚ ਪੀ 72 ਡੀ 5277 ਨੂੰ ਰੋਕ ਕੇ ਜਾਂਚ ਕੀਤੀ ਗਈ, ਤਾਂ ਟਰੱਕ ਵਿੱਚ ਪੀ.ਆਰ. ਝੋਨਾ ਲੱਦਿਆ ਹੋਇਆ ਪਾਇਆ ਗਿਆ, ਜਿਸ ਸਬੰਧੀ ਟਰੱਕ ਦੇ ਡਰਾਈਵਰ ਕੋਲ ਕੋਈ ਦਸਤਾਵੇਜ਼ ਮੌਜੂਦ ਨਹੀਂ ਸਨ। ਟਰੱਕ ਵਿੱਚ ਡਰਾਈਵਰ ਤੋਂ ਇਲਾਵਾ ਰਮੇਸ਼ ਲਾਲ ਪੁੱਤਰ ਸੁੰਦਰ ਲਾਲ, ਵਾਸੀ ਰਮਾਣਾ ਰਮਾਣੀ, ਜ਼ਿਲ੍ਹਾ ਕਰਨਾਲ, ਹਰਿਆਣਾ, ਵੀ ਮੌਜੂਦ ਸੀ। ਪੁੱਛਗਿੱਛ ਦੌਰਾਨ ਉਸ ਨੇ ਦੱਸਿਆ ਕਿ ਉਕਤ ਝੋਨਾ ਹਰਦੋਈ, ਉੱਤਰ ਪ੍ਰਦੇਸ਼ ਤੋਂ ਲਿਆਂਦਾ ਗਿਆ ਸੀ ਅਤੇ ਇਸ ਨੂੰ ਪਟਿਆਲਾ ਲਿਜਾਇਆ ਜਾ ਰਿਹਾ ਸੀ। ਵਿਭਾਗੀ ਮੁਲਾਜਮਾਂ ਵੱਲੋਂ ਮੌਕੇ 'ਤੇ ਸੈਂਪਲਿੰਗ ਵੀ ਕੀਤੀ ਗਈ। ਟਰੱਕ ਦੀ ਜਾਂਚ ਦੌਰਾਨ ਡਰਾਈਵਰ ਅਤੇ ਉਸ ਦੇ ਨਾਲ ਮੌਜੂਦ ਵਿਅਕਤੀ ਨੂੰ ਝੋਨੇ ਸਬੰਧੀ ਲੋੜੀਂਦੇ ਦਸਤਾਵੇਜ਼ ਪੇਸ਼ ਕਰਨ ਕਿਹਾ ਗਿਆ, ਪਰੰਤੂ ਉਨ੍ਹਾਂ ਨੇ ਕੋਈ ਵੀ ਅਜਿਹਾ ਤਸੱਲੀਬਖ਼ਸ਼ ਜਵਾਬ ਜਾਂ ਦਸਤਾਵੇਜ਼ ਪੇਸ਼ ਨਹੀਂ ਕੀਤਾ, ਜਿਸ ਨਾਲ ਉਕਤ ਝੋਨੇ ਦੀ ਆਮਦ ਨੂੰ ਨਿਯਮਾਂ ਅਨੁਸਾਰ ਸਹੀ ਸਾਬਤ ਕੀਤਾ ਜਾ ਸਕੇ। ਇਸ ਉਪਰੰਤ ਵਿਭਾਗੀ ਮੁਲਾਜ਼ਮਾਂ ਵੱਲੋਂ ਅਗਲੇਰੀ ਕਾਰਵਾਈ ਲਈ ਟਰੱਕ ਸਮੇਤ ਸਬੰਧਤ ਵਿਅਕਤੀਆਂ ਨੂੰ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ। ਅਸ਼ੋਕ ਕੁਮਾਰ ਜਿੰਦਲ ਨੇ ਦੱਸਿਆ ਕਿ ਇਸ ਸਬੰਧੀ ਪੁਲਿਸ ਵੱਲੋਂ ਮੁਕੱਦਮਾ ਨੰਬਰ 155/2026, ਬੀ.ਐਨ.ਐਸ. ਦੀ ਧਾਰਾ 318(4) 61(2) ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਉਨ੍ਹਾਂ ਹੋਰ ਕਿਹਾ ਕਿ ਸਬੰਧਤ ਵਿਭਾਗਾਂ ਦੇ ਮੁਲਾਜਮਾਂ ਵੱਲੋਂ ਆਪਸੀ ਤਾਲਮੇਲ ਨਾਲ ਗੈਰ-ਕਾਨੂੰਨੀ ਢੰਗ ਨਾਲ ਝੋਨੇ ਦੀ ਆਮਦ ਨੂੰ ਰੋਕਣ ਲਈ ਲਗਾਤਾਰ ਚੌਕਸੀ ਵਰਤੀ ਜਾ ਰਹੀ ਹੈ। ਇਸ ਸਬੰਧੀ ਉਪ ਮੰਡਲ ਮੈਜਿਸਟਰੇਟ, ਦੁਧਨ ਸਾਧਾਂ, ਹਰਜੋਤ ਕੌਰ ਨੇ ਵੀ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ। ਮਾਰਕੀਟ ਕਮੇਟੀ ਦੁੱਧਨਸਾਧਾਂ ਦੇ ਸਕੱਤਰ ਅਸ਼ੋਕ ਕੁਮਾਰ ਜਿੰਦਲ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਅਤੇ ਝੋਨੇ ਦੀ ਖਰੀਦ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਯਕੀਨੀ ਬਣਾਉਣਾ ਵਿਭਾਗ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਮਾਰਕੀਟ ਕਮੇਟੀ ਦੁੱਧਨਸਾਧਾਂ ਵੱਲੋਂ ਬੈਰੀਅਰਾਂ ਅਤੇ ਹੋਰ ਸੰਵੇਦਨਸ਼ੀਲ ਥਾਵਾਂ 'ਤੇ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਵਿਭਾਗ ਵੱਲੋਂ ਆਪਣੀ ਜ਼ਿੰਮੇਵਾਰੀ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਦੇ ਹਿੱਤਾਂ ਦੀ ਸੁਰੱਖਿਆ ਅਤੇ ਝੋਨੇ ਦੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਚੈਕਿੰਗ ਅਤੇ ਨਿਗਰਾਨੀ ਦੀ ਮੁਹਿੰਮ ਲਗਾਤਾਰ ਜਾਰੀ ਰਹੇਗੀ। ਸਕੱਤਰ ਨੇ ਸਪੱਸ਼ਟ ਕੀਤਾ ਕਿ ਭਵਿੱਖ ਵਿੱਚ ਵੀ ਜੇਕਰ ਕੋਈ ਵਿਅਕਤੀ, ਆੜ੍ਹਤੀ, ਲੇਬਰ ਜਾਂ ਹੋਰ ਕੋਈ ਸ਼ਰਾਰਤੀ ਅਨਸਰ ਗੈਰ-ਕਾਨੂੰਨੀ ਢੰਗ ਨਾਲ ਝੋਨਾ ਲਿਆਉਣ ਜਾਂ ਇਸ ਵਿੱਚ ਸ਼ਾਮਲ ਪਾਇਆ ਜਾਂਦਾ ਹੈ, ਤਾਂ ਉਸ ਵਿਰੁੱਧ ਨਿਯਮਾਂ ਅਨੁਸਾਰ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਸਾਨਾਂ, ਵਪਾਰੀਆਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਵੀ ਬਾਹਰਲੇ ਰਾਜਾਂ ਤੋਂ ਗੈਰ-ਕਾਨੂੰਨੀ ਢੰਗ ਨਾਲ ਝੋਨਾ ਲਿਆਉਣ ਸਬੰਧੀ ਕੋਈ ਜਾਣਕਾਰੀ ਮਿਲਦੀ ਹੈ, ਤਾਂ ਉਹ ਮਾਰਕੀਟ ਕਮੇਟੀ ਦੁੱਧਨਸਾਧਾਂ ਦੇ ਦਫ਼ਤਰ ਵਿਖੇ ਸੂਚਿਤ ਕਰ ਸਕਦਾ ਹੈ। ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਗੁਪਤ ਰੱਖਿਆ ਜਾਵੇਗਾ ਅਤੇ ਪ੍ਰਾਪਤ ਜਾਣਕਾਰੀ ਦੇ ਆਧਾਰ 'ਤੇ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।

ਪੰਜਾਬ ਦੀਆਂ ਸਾਫ਼ ਹਵਾ ਸਬੰਧੀ ਪਹਿਲਕਦਮੀਆਂ ਰਾਸ਼ਟਰੀ ਸਰਵੋਤਮ ਅਭਿਆਸਾਂ ਦੀ ਸੂਚੀ ਵਿੱਚ ਸ਼ਾਮਲ

ਪਟਿਆਲਾ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀਪੀਸੀਬੀ) ਨੇ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਈ ਕੀਤੀਆਂ ਆਪਣੀਆਂ ਨਵੀਨਤਮ ਪਹਿਲਕਦਮੀਆਂ ਰਾਹੀਂ ਰਾਸ਼ਟਰੀ ਪੱਧਰ 'ਤੇ ਮਾਨਤਾ ਹਾਸਲ ਕੀਤੀ ਹੈ। ਮਿਸ਼ਨ ਕਲੀਨ ਪਟਿਆਲਾ ਅਤੇ ਪਟਿਆਲਾ ਦੇ ਇੱਕ ਸ਼ਮਸ਼ਾਨਘਾਟ ਵਿੱਚ ਏਅਰ ਪਾਲਿਊਸ਼ਨ ਕੰਟਰੋਲ ਡਿਵਾਈਸ (ਏਪੀਸੀਡੀ) ਦੀ ਸਥਾਪਨਾ ਨੂੰ ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ (ਸੀਪੀਸੀਬੀ) ਵੱਲੋਂ ਰਾਸ਼ਟਰੀ ਸਾਫ਼ ਹਵਾ ਪ੍ਰੋਗਰਾਮ (ਐਨਸੀਏਪੀ), 2026 ਤਹਿਤ ਜਾਰੀ ਕੀਤੇ ਗਏ 'ਬੈਸਟ ਪ੍ਰੈਕਟਿਸਿਜ਼' ਸੰਕਲਨ ਵਿੱਚ ਸ਼ਾਮਲ ਕੀਤਾ ਗਿਆ ਹੈ। ਇਸ ਤੋਂ ਇਲਾਵਾ ਮੰਡੀ ਗੋਬਿੰਦਗੜ੍ਹ ਦਾ ਗੈਸ ਆਧਾਰਿਤ ਸ਼ਮਸ਼ਾਨਘਾਟ ਅਤੇ ਗੋਬਿੰਦਗੜ੍ਹ ਦਾ ਬਾਇਓ-ਮੀਥੇਨੇਸ਼ਨ ਪਲਾਂਟ ਵੀ ਪੰਜਾਬ ਦੀਆਂ ਸਰਵੋਤਮ ਪਹਿਲਕਦਮੀਆਂ ਵਿੱਚ ਸ਼ਾਮਲ ਹਨ।

ਇਹ ਮਾਨਤਾ ਹਵਾ ਪ੍ਰਦੂਸ਼ਣ ਦੇ ਵੱਖ-ਵੱਖ ਸਰੋਤਾਂ ਨਾਲ ਨਜਿੱਠਣ ਲਈ ਪੰਜਾਬ ਵੱਲੋਂ ਕੀਤੇ ਜਾ ਰਹੇ ਯਤਨਾਂ ਨੂੰ ਉਜਾਗਰ ਕਰਦੀ ਹੈ। ਇਨ੍ਹਾਂ ਵਿੱਚ ਲੋਕਾਂ ਦੀ ਭਾਗੀਦਾਰੀ, ਤਕਨਾਲੋਜੀ ਆਧਾਰਿਤ ਹੱਲ ਅਤੇ ਟਿਕਾਊ ਕੂੜਾ ਪ੍ਰਬੰਧਨ ਸ਼ਾਮਲ ਹਨ। ਇਹ ਪਹਿਲਕਦਮੀਆਂ ਦਰਸਾਉਂਦੀਆਂ ਹਨ ਕਿ ਸਥਾਨਕ ਪੱਧਰ 'ਤੇ ਕੀਤੀ ਕਾਰਵਾਈ, ਸੰਸਥਾਗਤ ਸਹਿਯੋਗ ਅਤੇ ਵਿਹਾਰਕ ਹੱਲ ਦੇਸ਼ ਵਿੱਚ ਸਾਫ਼ ਹਵਾ ਦੇ ਵੱਡੇ ਟੀਚੇ ਵਿੱਚ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ।

ਮਿਸ਼ਨ ਕਲੀਨ ਪਟਿਆਲਾ: ਸਾਫ਼-ਸੁਥਰੇ ਮਾਹੌਲ ਨੂੰ ਲੋਕ ਲਹਿਰ ਬਣਾਉਣਾ

ਪੀਪੀਸੀਬੀ ਦੁਆਰਾ ਜ਼ਿਲ੍ਹਾ ਪ੍ਰਸ਼ਾਸਨ ਅਤੇ ਨਗਰ ਨਿਗਮ, ਪਟਿਆਲਾ ਦੇ ਸਹਿਯੋਗ ਨਾਲ ਸ਼ੁਰੂ ਕੀਤਾ ਗਿਆ, ਅਤੇ ਸੈਂਟਰ ਫਾਰ ਦਿ ਸਟੱਡੀ ਆਫ਼ ਸਾਇੰਸ, ਟੈਕਨਾਲੋਜੀ ਐਂਡ ਪਾਲਿਸੀ (ਸੀਐਸਟੀਈਪੀ) ਦੇ ਸਹਿਯੋਗ ਨਾਲ ਸੰਕਲਪਿਤ, ਮਿਸ਼ਨ ਕਲੀਨ ਪਟਿਆਲਾ ਨੇ ਵਿਦਿਅਕ ਸੰਸਥਾਵਾਂ, ਸਰਕਾਰੀ ਵਿਭਾਗਾਂ, ਸੰਗਠਨਾਂ ਅਤੇ ਨਾਗਰਿਕਾਂ ਨੂੰ ਸ਼ਹਿਰੀ ਸਫਾਈ ਨੂੰ ਬਿਹਤਰ ਬਣਾਉਣ ਅਤੇ ਵਾਤਾਵਰਣ ਸੁਰੱਖਿਆ ਵਿੱਚ ਭਾਈਚਾਰਕ ਭਾਗੀਦਾਰੀ ਨੂੰ ਮਜ਼ਬੂਤ ਕਰਨ ਲਈ ਲਾਮਬੰਦ ਕੀਤਾ ਹੈ। ਨਿਯਮਤ ਸੜਕ ਸਫ਼ਾਈ ਮੁਹਿੰਮਾਂ ਰਾਹੀਂ ਇਹ ਪਹਿਲਕਦਮੀ ਇਕੱਠੇ ਹੋਏ ਕੂੜੇ ਨੂੰ ਹਟਾਉਣ, ਖੁੱਲ੍ਹੇ ਵਿੱਚ ਕੂੜਾ ਸਾੜਨ ਨੂੰ ਰੋਕਣ ਅਤੇ ਜ਼ਿੰਮੇਵਾਰ ਕੂੜਾ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ 'ਤੇ ਧਿਆਨ ਕੇਂਦਰਿਤ ਕਰਦੀ ਹੈ। ਵਿਦਿਆਰਥੀਆਂ, ਸਰਕਾਰੀ ਏਜੰਸੀਆਂ ਅਤੇ ਸਥਾਨਕ ਭਾਈਚਾਰਿਆਂ ਨੂੰ ਨਾਲ ਜੋੜ ਕੇ ਇਹ ਮੁਹਿੰਮ ਸਫ਼ਾਈ ਨੂੰ ਕਿਸੇ ਇੱਕ ਮੌਕੇ ਤੱਕ ਸੀਮਿਤ ਰੱਖਣ ਦੀ ਬਜਾਏ ਇੱਕ ਲਗਾਤਾਰ ਨਾਗਰਿਕ ਆਦਤ ਬਣਾਉਣ ਦਾ ਯਤਨ ਕਰਦੀ ਹੈ। ਇਹ ਪਹਿਲਕਦਮੀ ਠੋਸ ਕੂੜਾ ਪ੍ਰਬੰਧਨ ਅਤੇ ਹਵਾ ਦੀ ਗੁਣਵੱਤਾ ਵਿਚਕਾਰ ਸਬੰਧ ਨੂੰ ਵੀਮਜ਼ਬੂਤ ਕਰਦੀ ਹੈ। ਕੂੜੇ ਦੇ ਇਕੱਠ ਅਤੇ ਖੁੱਲ੍ਹੇ ਵਿੱਚ ਕੂੜਾ ਸਾੜਨ ਤੋਂ ਰੋਕਣ ਨਾਲ ਪਾਰਟੀਕੁਲੇਟ ਮੈਟਰ ਅਤੇ ਹੋਰ ਹਾਨੀਕਾਰਕ ਪ੍ਰਦੂਸ਼ਕਾਂ ਦੇ ਨਿਕਾਸ ਨੂੰ ਘਟਾਉਣ ਵਿੱਚ ਮਦਦ ਮਿਲ ਸਕਦੀ ਹੈ।

ਸਾਫ਼-ਸੁਥਰੇ ਰਵਾਇਤੀ ਅੰਤਿਮ ਸੰਸਕਾਰ ਲਈ ਤਕਨਾਲੋਜੀ

ਪਟਿਆਲਾ ਦੇ ਇੱਕ ਰਵਾਇਤੀ ਲੱਕੜ ਆਧਾਰਿਤ ਸ਼ਮਸ਼ਾਨਘਾਟ ਵਿੱਚ ਏਅਰ ਪਾਲਿਊਸ਼ਨ ਕੰਟਰੋਲ ਡਿਵਾਈਸ ਦੀ ਸਥਾਪਨਾ ਧਾਰਮਿਕ ਅਤੇ ਸੱਭਿਆਚਾਰਕ ਰਵਾਇਤਾਂ ਦਾ ਸਨਮਾਨ ਕਰਦੇ ਹੋਏ ਹਵਾ ਵਿੱਚ ਪੈਦਾ ਹੋਣ ਵਾਲੇ ਪਾਰਟੀਕੁਲੇਟ ਪ੍ਰਦੂਸ਼ਣ ਨੂੰ ਘਟਾਉਣ ਦੀ ਕੋਸ਼ਿਸ਼ ਹੈ। ਐਨਸੀਏਪੀ ਤਹਿਤ ਪਾਇਲਟ ਪ੍ਰੋਜੈਕਟ ਵਜੋਂ ਲਾਗੂ ਕੀਤੀ ਗਈ ਇਹ ਪਹਿਲਕਦਮੀ ਰਵਾਇਤੀ ਅੰਤਿਮ ਸੰਸਕਾਰ ਦੌਰਾਨ ਪੈਦਾ ਹੋਣ ਵਾਲੇ ਪਾਰਟੀਕੁਲੇਟ ਪ੍ਰਦੂਸ਼ਣ ਨੂੰ ਘਟਾਉਣ ਲਈ ਤਿਆਰ ਕੀਤੀ ਗਈ ਹੈ। ਇਹ ਪਹਿਲਕਦਮੀ ਦਰਸਾਉਂਦੀ ਹੈ ਕਿ ਤਕਨਾਲੋਜੀ ਆਧਾਰਿਤ ਹੱਲ ਮੌਜੂਦਾ ਰਵਾਇਤਾਂ ਦੇ ਨਾਲ ਤਾਲਮੇਲ ਬਣਾ ਕੇ, ਬਿਨਾਂ ਭਾਈਚਾਰੇ ਦੀਆਂ ਧਾਰਮਿਕ ਅਤੇ ਸੱਭਿਆਚਾਰਕ ਭਾਵਨਾਵਾਂ ਨੂੰ ਨਜ਼ਰਅੰਦਾਜ਼ ਕੀਤੇ, ਸਾਫ਼ ਹਵਾ ਲਈ ਯੋਗਦਾਨ ਪਾ ਸਕਦੇ ਹਨ।

ਮੰਡੀ ਗੋਬਿੰਦਗੜ੍ਹ ਵਿੱਚ ਗੈਸ ਆਧਾਰਿਤ ਸ਼ਮਸ਼ਾਨਘਾਟਾਂ ਨੂੰ ਸ਼ਾਮਲ ਕੀਤਾ ਜਾਣਾ ਰਵਾਇਤੀ ਲੱਕੜ ਆਧਾਰਿਤ ਅੰਤਿਮ ਸੰਸਕਾਰ 'ਤੇ ਨਿਰਭਰਤਾ ਘਟਾਉਣ ਅਤੇ ਇਸ ਨਾਲ ਜੁੜੇ ਪ੍ਰਦੂਸ਼ਣ ਨੂੰ ਘਟਾਉਣ ਵੱਲ ਇੱਕ ਵਿਕਲਪਿਕ ਪਹੁੰਚ ਨੂੰ ਦਰਸਾਉਂਦਾ ਹੈ। ਗੋਬਿੰਦਗੜ੍ਹ ਦਾ ਬਾਇਓ-ਮੀਥੇਨੇਸ਼ਨ ਪਲਾਂਟ ਟਿਕਾਊ ਸ਼ਹਿਰੀ ਵਾਤਾਵਰਣ ਪ੍ਰਬੰਧਨ ਦੀਇੱਕ ਉਦਾਹਰਨ ਹੈ। ਇਹ ਜੈਵਿਕ ਕੂੜੇ ਦੀ ਪ੍ਰੋਸੈਸਿੰਗ ਕਰਕੇ ਬਾਇਓਗੈਸ ਪੈਦਾ ਕਰਨਵਿੱਚ ਮਦਦ ਕਰਦਾ ਹੈ। ਇਸ ਨਾਲ ਢੁਕਵੇਂ ਕੂੜੇ ਨੂੰ ਰਵਾਇਤੀ ਨਿਪਟਾਰੇ ਦੇ ਤਰੀਕਿਆਂਤੋਂ ਹਟਾ ਕੇ ਸਰੋਤਾਂ ਦੀ ਮੁੜ ਵਰਤੋਂ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ। ਪ੍ਰਭਾਵਸ਼ਾਲੀ ਕੂੜਾ ਵੱਖਰੀਕਰਨ ਅਤੇ ਪਲਾਂਟ ਦੇ ਸੁਚਾਰੂ ਸੰਚਾਲਨ ਨਾਲ ਅਜਿਹੀਆਂ ਸਹੂਲਤਾਂ ਬਿਹਤਰ ਕੂੜਾ ਪ੍ਰਬੰਧਨ ਅਤੇ ਵਾਤਾਵਰਣ 'ਤੇ ਘੱਟ ਪ੍ਰਭਾਵ ਪਾਉਣ ਵਿੱਚ ਯੋਗਦਾਨ ਪਾ ਸਕਦੀਆਂ ਹਨ।

ਇਹ ਸਾਰੀਆਂ ਪਹਿਲਕਦਮੀਆਂ ਮਿਲ ਕੇ ਦਰਸਾਉਂਦੀਆਂ ਹਨ ਕਿ ਹਵਾ ਪ੍ਰਦੂਸ਼ਣ ਨਾਲ ਨਜਿੱਠਣ ਲਈ ਕਈ ਪੱਧਰਾਂ 'ਤੇ ਕੰਮ ਕਰਨ ਦੀ ਲੋੜ ਹੈ - ਜਿਸ ਵਿੱਚ ਸਾਫ਼ ਤਕਨਾਲੋਜੀ, ਕੂੜਾ ਪ੍ਰਬੰਧਨ, ਲੋਕਾਂ ਦੀ ਭਾਗੀਦਾਰੀ ਅਤੇ ਪ੍ਰਦੂਸ਼ਣ ਨੂੰ ਸਰੋਤ 'ਤੇ ਹੀ ਰੋਕਣ ਵਰਗੇ ਕਦਮ ਸ਼ਾਮਲ ਹਨ।

ਇਹ ਪਹਿਲਕਦਮੀਆਂ ਤਕਨਾਲੋਜੀਕਲ ਹੱਲਾਂ ਨੂੰ ਮੌਜੂਦਾ ਰਵਾਇਤਾਂ ਦੇ ਨਾਲ ਜੋੜ ਕੇਸਾਫ਼ ਹਵਾ ਲਈ ਕੰਮ ਕਰਨ ਦਾ ਮਾਡਲ ਪੇਸ਼ ਕਰਦੀਆਂ ਹਨ। ਪ੍ਰਦਰਸ਼ਨ ਦੇ ਮੁਲਾਂਕਣਅਤੇ ਸਥਾਨਕ ਲੋੜਾਂ ਦੇ ਆਧਾਰ 'ਤੇ ਇਨ੍ਹਾਂ ਨੂੰ ਹੋਰ ਸ਼ਹਿਰਾਂ ਵਿੱਚ ਵੀ ਅਪਣਾਇਆ ਜਾ ਸਕਦਾ ਹੈ।

ਸੀਪੀਸੀਬੀ ਦੇ ਐਨਸੀਏਪੀ 'ਬੈਸਟ ਪ੍ਰੈਕਟਿਸਿਜ਼' ਸੰਕਲਨ ਵਿੱਚ ਇਨ੍ਹਾਂ ਪਹਿਲਕਦਮੀਆਂ ਦੀਸ਼ਮੂਲੀਅਤ ਸਥਾਨਕ ਲੋੜਾਂ ਮੁਤਾਬਕ ਹੱਲ ਵਿਕਸਿਤ ਕਰਨ ਦੀ ਮਹੱਤਤਾ ਨੂੰ ਉਜਾਗਰ ਕਰਦੀ ਹੈ। ਇਹ ਪਹਿਲਕਦਮੀਆਂ ਦੇਸ਼ ਦੇ ਹੋਰ ਹਿੱਸਿਆਂ ਵਿੱਚ ਵਾਤਾਵਰਣ ਸੁਰੱਖਿਆਲਈ ਵੀ ਮਾਰਗਦਰਸ਼ਨ ਪ੍ਰਦਾਨ ਕਰ ਸਕਦੀਆਂ ਹਨ। ਇਹ ਮਾਨਤਾ ਤਕਨਾਲੋਜੀ ਆਧਾਰਿਤ ਦਖ਼ਲਅੰਦਾਜ਼ੀ ਨੂੰ ਲੋਕਾਂ ਦੀ ਭਾਗੀਦਾਰੀ ਅਤੇ ਲਗਾਤਾਰ ਕਾਰਵਾਈ ਨਾਲ ਜੋੜਨ ਦੀ ਮਹੱਤਤਾ ਨੂੰ ਵੀ ਦਰਸਾਉਂਦੀ ਹੈ।

ਪੀਪੀਸੀਬੀ ਦੀ ਚੇਅਰਪਰਸਨ ਗੀਨਾ ਗੁਪਤਾ ਨੇ ਕਿਹਾ, ਪੰਜਾਬ ਦੀਆਂ ਸਾਫ਼ ਹਵਾ ਸਬੰਧੀ ਪਹਿਲਕਦਮੀਆਂ ਨੂੰ ਰਾਸ਼ਟਰੀ ਪੱਧਰ 'ਤੇ ਮਿਲੀ ਮਾਨਤਾ ਸਾਡੇ ਇਸ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਦੀ ਹੈ ਕਿ ਟਿਕਾਊ ਵਾਤਾਵਰਣਕ ਬਦਲਾਅ ਵਿਗਿਆਨਕ ਹੱਲਾਂ ਅਤੇ ਲੋਕਾਂਦੀ ਭਾਗੀਦਾਰੀ ਨੂੰ ਇਕੱਠੇ ਲਿਆਉਣ ਨਾਲ ਹੀ ਸੰਭਵ ਹੈ। ਮਿਸ਼ਨ ਕਲੀਨ ਪਟਿਆਲਾ ਰਾਹੀਂ ਸਫ਼ਾਈ ਨੂੰ ਸਾਂਝੀ ਨਾਗਰਿਕ ਜ਼ਿੰਮੇਵਾਰੀ ਬਣਾਉਣ ਤੋਂ ਲੈ ਕੇ ਰਵਾਇਤੀ ਸ਼ਮਸ਼ਾਨਘਾਟਾਂ ਵਿੱਚ ਪ੍ਰਦੂਸ਼ਣ ਕੰਟਰੋਲ ਤਕਨਾਲੋਜੀ ਦੀ ਵਰਤੋਂ ਤੱਕ, ਸਾਡਾ ਧਿਆਨ ਪ੍ਰਦੂਸ਼ਣ ਨੂੰ ਇਸਦੇ ਸਰੋਤ 'ਤੇ ਹੀ ਰੋਕਣ ਅਤੇ ਅਜਿਹੇ ਮਾਡਲ ਤ

ਲਗਭਗ ਸਾਢੇ ਨੌਂ ਸਾਲ ਕੇਂਦਰ ਦੇ ਸਿੱਧੇ ਕੰਟਰੋਲ ਹੇਠ ਰਿਹਾ ਪੰਜਾਬ; ਸਾਬਕਾ ਘੱਟ-ਗਿਣਤੀ ਕਮਿਸ਼ਨ ਚੇਅਰਮੈਨ ਸ. ਤਰਲੋਚਨ ਸਿੰਘ ਵੱਲੋਂ ਉਠਾਏ ਵਿਸ਼ੇ ਨੇ ਛੇੜੀ ਸੰਵਿਧਾਨਕ ਅਤੇ ਸਿਆਸੀ ਬਹਿਸ

ਵਿਸ਼ੇਸ਼ ਰਿਪੋਰਟ | ਚੰਡੀਗੜ੍ਹ

ਪੰਜਾਬ ਦੇ ਸਿਆਸੀ ਇਤਿਹਾਸ ਵਿੱਚ ਰਾਜਪਾਲਾਂ ਦੀ ਭੂਮਿਕਾ ਹਮੇਸ਼ਾ ਚਰਚਾ ਅਤੇ ਵਿਵਾਦ ਦਾ ਵਿਸ਼ਾ ਰਹੀ ਹੈ। ਦੇਸ਼ ਦੀ ਆਜ਼ਾਦੀ ਤੋਂ ਬਾਅਦ ਪੰਜਾਬ ਨੇ ਅਨੇਕਾਂ ਸਿਆਸੀ ਉਤਰਾਅ-ਚੜ੍ਹਾਅ ਦੇਖੇ ਹਨ। ਕਦੇ ਚੁਣੀਆਂ ਹੋਈਆਂ ਸਰਕਾਰਾਂ ਨੂੰ ਬਰਖ਼ਾਸਤ ਕੀਤਾ ਗਿਆ, ਕਦੇ ਸਿਆਸੀ ਅਸਥਿਰਤਾ ਕਾਰਨ ਵਿਧਾਨ ਸਭਾਵਾਂ ਭੰਗ ਹੋਈਆਂ ਅਤੇ ਕਦੇ ਅਮਨ-ਕਾਨੂੰਨ ਦੀ ਸਥਿਤੀ ਦਾ ਹਵਾਲਾ ਦੇ ਕੇ ਸੂਬੇ ਨੂੰ ਕੇਂਦਰ ਸਰਕਾਰ ਦੇ ਸਿੱਧੇ ਕੰਟਰੋਲ ਹੇਠ ਲਿਆਂਦਾ ਗਿਆ।

ਪੰਜਾਬ ਵਿੱਚ ਹੁਣ ਤੱਕ ਅੱਠ ਵਾਰ ਰਾਸ਼ਟਰਪਤੀ ਰਾਜ ਲੱਗ ਚੁੱਕਾ ਹੈ। ਇਸ ਦੀ ਕੁੱਲ ਮਿਆਦ ਲਗਭਗ 3,500 ਦਿਨ, ਭਾਵ ਸਾਢੇ ਨੌਂ ਸਾਲ ਦੇ ਕਰੀਬ ਬਣਦੀ ਹੈ। ਇਹ ਦੇਸ਼ ਦੇ ਸਭ ਤੋਂ ਲੰਬੇ ਸਮੇਂ ਤੱਕ ਰਾਸ਼ਟਰਪਤੀ ਰਾਜ ਹੇਠ ਰਹੇ ਸੂਬਿਆਂ ਵਿੱਚੋਂ ਇੱਕ ਹੈ। ਹਾਲਾਂਕਿ ਪੰਜਾਬ ਸਭ ਤੋਂ ਵੱਧ ਵਾਰ ਰਾਸ਼ਟਰਪਤੀ ਰਾਜ ਲੱਗਣ ਵਾਲਾ ਸੂਬਾ ਨਹੀਂ ਹੈ; ਹੋਰ ਸੂਬਿਆਂ ਵਿੱਚ ਇਸ ਦੀ ਗਿਣਤੀ ਵੱਧ ਰਹੀ ਹੈ।

ਇਸ ਇਤਿਹਾਸਕ ਪਿਛੋਕੜ ਵਿੱਚ ਕੌਮੀ ਘੱਟ-ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਅਤੇ ਸਾਬਕਾ ਰਾਜ ਸਭਾ ਮੈਂਬਰ ਸ. ਤਰਲੋਚਨ ਸਿੰਘ ਵੱਲੋਂ ਵੀਡੀਓ ਵਿੱਚ ਚੁੱਕੇ ਗਏ ਦੱਸੇ ਜਾ ਰਹੇ ਵਿਸ਼ੇ ਨੇ ਇੱਕ ਮਹੱਤਵਪੂਰਨ ਸਵਾਲ ਸਾਹਮਣੇ ਲਿਆਂਦਾ ਹੈ ਕਿ ਜਦੋਂ ਪੰਜਾਬ ਲੰਬੇ ਸਮੇਂ ਤੱਕ ਰਾਜਪਾਲਾਂ ਰਾਹੀਂ ਚਲਾਇਆ ਜਾਂਦਾ ਰਿਹਾ ਤਾਂ ਉਨ੍ਹਾਂ ਨੇ ਸੂਬੇ ਦੀਆਂ ਸਮੱਸਿਆਵਾਂ ਦੇ ਹੱਲ, ਪੰਜਾਬ ਦੇ ਹੱਕਾਂ ਅਤੇ ਲੋਕਾਂ ਦੀ ਭਲਾਈ ਲਈ ਕੀ ਯੋਗਦਾਨ ਪਾਇਆ?

ਤਰਲੋਚਨ ਸਿੰਘ ਪੰਜਾਬ ਅਤੇ ਕੇਂਦਰ ਸਰਕਾਰ ਦੇ ਪ੍ਰਸ਼ਾਸਨਿਕ ਢਾਂਚੇ ਨਾਲ ਲੰਬੇ ਸਮੇਂ ਤੋਂ ਜੁੜੇ ਰਹੇ ਹਨ। ਉਹ 2003 ਤੋਂ 2006 ਤੱਕ ਕੌਮੀ ਘੱਟ-ਗਿਣਤੀ ਕਮਿਸ਼ਨ ਦੇ ਚੇਅਰਮੈਨ ਅਤੇ 2004 ਤੋਂ 2010 ਤੱਕ ਰਾਜ ਸਭਾ ਮੈਂਬਰ ਰਹੇ।

ਪੰਜਾਬ ਵਿੱਚ ਰਾਸ਼ਟਰਪਤੀ ਰਾਜ ਦਾ ਇਤਿਹਾਸ

ਪੰਜਾਬ ਵਿੱਚ ਪਹਿਲੀ ਵਾਰ 20 ਜੂਨ 1951 ਨੂੰ ਰਾਸ਼ਟਰਪਤੀ ਰਾਜ ਲਾਗੂ ਕੀਤਾ ਗਿਆ। ਉਸ ਸਮੇਂ ਕਾਂਗਰਸ ਦੇ ਅੰਦਰੂਨੀ ਮਤਭੇਦਾਂ ਅਤੇ ਸਿਆਸੀ ਅਸਥਿਰਤਾ ਕਾਰਨ ਗੋਪੀ ਚੰਦ ਭਾਰਗਵ ਦੀ ਸਰਕਾਰ ਦਾ ਅੰਤ ਹੋਇਆ। ਅਪਰੈਲ 1952 ਵਿੱਚ ਚੁਣੀ ਹੋਈ ਸਰਕਾਰ ਮੁੜ ਸੱਤਾ ਵਿੱਚ ਆਈ।

ਦੂਜੀ ਵਾਰ 1966 ਵਿੱਚ ਪੰਜਾਬ ਦੇ ਪੁਨਰਗਠਨ ਦੌਰਾਨ ਰਾਸ਼ਟਰਪਤੀ ਰਾਜ ਲੱਗਿਆ। ਇਹ ਉਹ ਸਮਾਂ ਸੀ ਜਦੋਂ ਪੰਜਾਬੀ ਸੂਬੇ ਦੀ ਮੰਗ ਦੇ ਨਤੀਜੇ ਵਜੋਂ ਪੰਜਾਬ ਅਤੇ ਹਰਿਆਣਾ ਦੀ ਵੰਡ ਹੋਈ ਅਤੇ ਚੰਡੀਗੜ੍ਹ ਨੂੰ ਕੇਂਦਰ ਸ਼ਾਸਿਤ ਪ੍ਰਦੇਸ਼ ਬਣਾਇਆ ਗਿਆ।

1968 ਅਤੇ 1971 ਵਿੱਚ ਸਿਆਸੀ ਅਸਥਿਰਤਾ ਕਾਰਨ ਮੁੜ ਰਾਸ਼ਟਰਪਤੀ ਰਾਜ ਲੱਗਿਆ। ਇਸ ਤੋਂ ਬਾਅਦ 1977 ਅਤੇ 1980 ਵਿੱਚ ਕੇਂਦਰ ਦੀ ਸੱਤਾ ਬਦਲਣ ਨਾਲ ਪੰਜਾਬ ਦੀਆਂ ਚੁਣੀਆਂ ਸਰਕਾਰਾਂ ਨੂੰ ਵੀ ਬਰਖ਼ਾਸਤ ਕਰ ਦਿੱਤਾ ਗਿਆ।

ਸਭ ਤੋਂ ਦੁਖਦਾਈ ਦੌਰ 1983 ਤੋਂ 1985 ਅਤੇ ਫਿਰ 1987 ਤੋਂ 1992 ਤੱਕ ਰਿਹਾ। ਇਸ ਸਮੇਂ ਪੰਜਾਬ ਹਿੰਸਾ, ਅੱਤਵਾਦ, ਪੁਲਿਸ ਕਾਰਵਾਈਆਂ ਅਤੇ ਗੰਭੀਰ ਮਨੁੱਖੀ ਅਧਿਕਾਰਾਂ ਦੇ ਸਵਾਲਾਂ ਨਾਲ ਜੂਝ ਰਿਹਾ ਸੀ।

ਰਾਜਪਾਲਾਂ ਦੀ ਭੂਮਿਕਾ ਉੱਤੇ ਕਿਉਂ ਉੱਠਦੇ ਹਨ ਸਵਾਲ?

ਭਾਰਤੀ ਸੰਵਿਧਾਨ ਅਨੁਸਾਰ ਰਾਜਪਾਲ ਸੂਬੇ ਦਾ ਸੰਵਿਧਾਨਕ ਮੁਖੀ ਹੁੰਦਾ ਹੈ। ਆਮ ਹਾਲਾਤ ਵਿੱਚ ਅਸਲ ਪ੍ਰਸ਼ਾਸਨਿਕ ਸ਼ਕਤੀ ਚੁਣੀ ਹੋਈ ਸਰਕਾਰ ਕੋਲ ਹੁੰਦੀ ਹੈ। ਪਰ ਧਾਰਾ 356 ਅਧੀਨ ਰਾਸ਼ਟਰਪਤੀ ਰਾਜ ਲਾਗੂ ਹੋਣ ਉੱਤੇ ਰਾਜਪਾਲ ਕੇਂਦਰ ਦੀ ਨਿਗਰਾਨੀ ਹੇਠ ਪ੍ਰਸ਼ਾਸਨ ਚਲਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ।

ਪੰਜਾਬ ਵਿੱਚ ਇਸ ਪ੍ਰਬੰਧ ਦੀ ਵਾਰ-ਵਾਰ ਵਰਤੋਂ ਕਾਰਨ ਇਹ ਸਵਾਲ ਉੱਠਦਾ ਰਿਹਾ ਹੈ ਕਿ ਕੀ ਰਾਜਪਾਲ ਸੂਬੇ ਦੇ ਸੰਵਿਧਾਨਕ ਹਿੱਤਾਂ ਦੇ ਰਾਖੇ ਬਣੇ ਜਾਂ ਕੇਂਦਰ ਸਰਕਾਰ ਦੀਆਂ ਸਿਆਸੀ ਦਹਾਕਾ ਸਭ ਤੋਂ ਵੱਧ ਸੰਵੇਦਨਸ਼ੀਲ ਮੰਨਿਆ ਜਾਂਦਾ ਹੈ। ਇਸ ਸਮੇਂ ਭੈਰਵ ਦੱਤ ਪਾਂਡੇ, ਕੇ.ਟੀ. ਸਤਾਰਾਵਾਲਾ, ਅਰਜੁਨ ਸਿੰਘ ਅਤੇ ਸਿਧਾਰਥ ਸ਼ੰਕਰ ਰੇਅ ਸਮੇਤ ਕਈ ਰਾਜਪਾਲਾਂ ਨੇ ਅਹੁਦਾ ਸੰਭਾਲਿਆ।

1984 ਵਿੱਚ ਸ੍ਰੀ ਦਰਬਾਰ ਸਾਹਿਬ ਵਿਖੇ ਫ਼ੌਜੀ ਕਾਰਵਾਈ, ਉਸ ਤੋਂ ਬਾਅਦ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਅਤੇ ਨਵੰਬਰ 1984 ਵਿੱਚ ਸਿੱਖਾਂ ਦੇ ਕਤਲੇਆਮ ਨੇ ਪੰਜਾਬ ਅਤੇ ਸਿੱਖ ਭਾਈਚਾਰੇ ਨੂੰ ਡੂੰਘੇ ਜ਼ਖ਼ਮ ਦਿੱਤੇ।

1985 ਵਿੱਚ ਰਾਜਪਾਲ ਅਰਜੁਨ ਸਿੰਘ ਦੇ ਕਾਰਜਕਾਲ ਦੌਰਾਨ ਰਾਜੀਵ-ਲੌਂਗੋਵਾਲ ਸਮਝੌਤਾ ਹੋਇਆ। ਇਸ ਸਮਝੌਤੇ ਰਾਹੀਂ ਪੰਜਾਬ ਦੀਆਂ ਕਈ ਮੰਗਾਂ ਦੇ ਹੱਲ ਦੀ ਉਮੀਦ ਜਾਗੀ ਸੀ। ਚੰਡੀਗੜ੍ਹ ਪੰਜਾਬ ਨੂੰ ਦੇਣ ਲਈ 26 ਜਨਵਰੀ 1986 ਦੀ ਤਰੀਕ ਵੀ ਤੈਅ ਕੀਤੀ ਗਈ ਸੀ, ਪਰ ਸਮਝੌਤੇ ਦੇ ਅਹਿਮ ਹਿੱਸੇ ਲਾਗੂ ਨਹੀਂ ਹੋ ਸਕੇ। ਅਰਜੁਨ ਸਿੰਘ ਨੇ ਆਪਣੀਆਂ ਯਾਦਾਂ ਵਿੱਚ ਵੀ ਸਮਝੌਤੇ ਨੂੰ ਲਾਗੂ ਕਰਨ ਵਿੱਚ ਆਈਆਂ ਸਿਆਸੀ ਅਤੇ ਪ੍ਰਸ਼ਾਸਨਿਕ ਰੁਕਾਵਟਾਂ ਦਾ ਜ਼ਿਕਰ ਕੀਤਾ।

ਇਹ ਸਵਾਲ ਅੱਜ ਵੀ ਬਰਕਰਾਰ ਹੈ ਕਿ ਜਦੋਂ ਕੇਂਦਰ ਅਤੇ ਰਾਜਪਾਲ ਪ੍ਰਸ਼ਾਸਨ ਕੋਲ ਵੱਡੀਆਂ ਸ਼ਕਤੀਆਂ ਸਨ ਤਾਂ ਪੰਜਾਬ ਦੇ ਲੰਬੇ ਸਮੇਂ ਤੋਂ ਲਟਕਦੇ ਮਸਲਿਆਂ ਦਾ ਪੱਕਾ ਹੱਲ ਕਿਉਂ ਨਹੀਂ ਨਿਕਲਿਆ?

ਸਿਧਾਰਥ ਸ਼ੰਕਰ ਰੇਅ ਦਾ ਕਾਰਜਕਾਲ ਅਤੇ ਵਿਵਾਦ

ਸਿਧਾਰਥ ਸ਼ੰਕਰ ਰੇਅ ਅਪਰੈਲ 1986 ਤੋਂ ਦਸੰਬਰ 1989 ਤੱਕ ਪੰਜਾਬ ਦੇ ਰਾਜਪਾਲ ਰਹੇ। ਉਨ੍ਹਾਂ ਦੇ ਕਾਰਜਕਾਲ ਦੌਰਾਨ ਮਈ 1987 ਵਿੱਚ ਸੁਰਜੀਤ ਸਿੰਘ ਬਰਨਾਲਾ ਦੀ ਸਰਕਾਰ ਬਰਖ਼ਾਸਤ ਕਰ ਦਿੱਤੀ ਗਈ। ਕੇਂਦਰ ਸਰਕਾਰ ਨੇ ਅਮਨ-ਕਾਨੂੰਨ ਦੀ ਵਿਗੜਦੀ ਸਥਿਤੀ ਨੂੰ ਇਸ ਫ਼ੈਸਲੇ ਦਾ ਆਧਾਰ ਬਣਾਇਆ। ਇਸ ਤੋਂ ਬਾਅਦ ਪੰਜਾਬ ਵਿੱਚ ਸੁਰੱਖਿਆ ਬਲਾਂ ਦੀਆਂ ਕਾਰਵਾਈਆਂ ਤੇਜ਼ ਹੋਈਆਂ। ਇਸ ਦੌਰ ਵਿੱਚ ਇੱਕ ਪਾਸੇ ਅੱਤਵਾਦੀ ਹਿੰਸਾ ਕਾਰਨ ਨਿਰਦੋਸ਼ ਲੋਕਾਂ ਦੀਆਂ ਜਾਨਾਂ ਗਈਆਂ, ਦੂਜੇ ਪਾਸੇ ਹਿਰਾਸਤਾਂ ਅਤੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਬਾਰੇ ਗੰਭੀਰ ਦੋਸ਼ ਵੀ ਸਾਹਮਣੇ ਆਏ।

ਰਾਜਪਾਲ ਪ੍ਰਸ਼ਾਸਨ ਦੇ ਸਮਰਥਕਾਂ ਦਾ ਤਰਕ ਸੀ ਕਿ ਹਿੰਸਾ ਰੋਕਣ ਅਤੇ ਸਰਕਾਰੀ ਪ੍ਰਬੰਧ ਕਾਇਮ ਰੱਖਣ ਲਈ ਸਖ਼ਤ ਕਾਰਵਾਈ ਜ਼ਰੂਰੀ ਸੀ। ਆਲੋਚਕਾਂ ਦਾ ਮੰਨਣਾ ਸੀ ਕਿ ਸਿਰਫ਼ ਸੁਰੱਖਿਆ ਕਾਰਵਾਈਆਂ ਨਾਲ ਪੰਜਾਬ ਦੀ ਸਿਆਸੀ ਸਮੱਸਿਆ ਦਾ ਹੱਲ ਨਹੀਂ ਹੋ ਸਕਦਾ।

ਇਸ ਲਈ ਰਾਜਪਾਲਾਂ ਦੇ ਕੰਮ ਦਾ ਮੁਲਾਂਕਣ ਸਿਰਫ਼ ਸੁਰੱਖਿਆ ਪ੍ਰਬੰਧਾਂ ਨਾਲ ਨਹੀਂ, ਸਗੋਂ ਅਮਨ ਦੀ ਬਹਾਲੀ, ਨਾਗਰਿਕ ਅਧਿਕਾਰਾਂ ਅਤੇ ਲੋਕਤੰਤਰੀ ਪ੍ਰਕਿਰਿਆ ਦੀ ਵਾਪਸੀ ਦੇ ਆਧਾਰ ਉੱਤੇ ਵੀ ਹੋਣਾ ਚਾਹੀਦਾ ਹੈ।

ਪੰਜਾਬ ਦੇ ਅਣਸੁਲਝੇ ਮੁੱਦੇ

ਪੰਜਾਬ ਦੇ ਪੁਨਰਗਠਨ ਤੋਂ ਬਾਅਦ ਚੰਡੀਗੜ੍ਹ, ਦਰਿਆਈ ਪਾਣੀਆਂ ਦੀ ਵੰਡ, ਪੰਜਾਬੀ ਬੋਲਦੇ ਇਲਾਕਿਆਂ ਅਤੇ ਕੇਂਦਰ-ਰਾਜ ਸਬੰਧਾਂ ਵਰਗੇ ਮੁੱਦੇ ਲੰਬੇ ਸਮੇਂ ਤੋਂ ਸਿਆਸੀ ਵਿਵਾਦ ਦਾ ਹਿੱਸਾ ਰਹੇ ਹਨ।

ਵੱਖ-ਵੱਖ ਸਮਿਆਂ ਵਿੱਚ ਰਾਜਪਾਲਾਂ ਨੇ ਪ੍ਰਸ਼ਾਸਨ ਚਲਾਇਆ, ਚੋਣਾਂ ਕਰਵਾਉਣ ਦੀ ਪ੍ਰਕਿਰਿਆ ਵਿੱਚ ਭੂਮਿਕਾ ਨਿਭਾਈ ਅਤੇ ਕੇਂਦਰ ਨਾਲ ਤਾਲਮੇਲ ਬਣਾਇਆ। ਪਰ ਇਨ੍ਹਾਂ ਬੁਨਿਆਦੀ ਵਿਵਾਦਾਂ ਦਾ ਸਥਾਈ ਨਿਪਟਾਰਾ ਨਹੀਂ ਹੋ ਸਕਿਆ।

ਇੱਥੇ ਇਹ ਵੀ ਸਮਝਣਾ ਜ਼ਰੂਰੀ ਹੈ ਕਿ ਇਨ੍ਹਾਂ ਸਾਰੇ ਮੁੱਦਿਆਂ ਦਾ ਹੱਲ ਕਰਨਾ ਇਕੱਲੇ ਰਾਜਪਾਲ ਦੇ ਸੰਵਿਧਾਨਕ ਅਧਿਕਾਰ ਖੇਤਰ ਵਿੱਚ ਨਹੀਂ ਆਉਂਦਾ। ਕਈ ਮਾਮਲਿਆਂ ਵਿੱਚ ਕੇਂਦਰ ਸਰਕਾਰ, ਸੰਸਦ, ਅਦਾਲਤਾਂ ਅਤੇ ਗੁਆਂਢੀ ਸੂਬਿਆਂ ਦੀ ਸਹਿਮਤੀ ਵੀ ਜ਼ਰੂਰੀ ਹੁੰਦੀ ਹੈ।

ਇਸ ਦੇ ਬਾਵਜੂਦ ਰਾਜਪਾਲਾਂ ਤੋਂ ਇਹ ਉਮੀਦ ਜ਼ਰੂਰ ਕੀਤੀ ਜਾ ਸਕਦੀ ਹੈ ਕਿ ਉਹ ਪੰਜਾਬ ਦੇ ਲੋਕਾਂ ਦੀਆਂ ਚਿੰਤਾਵਾਂ ਅਤੇ ਜਾਇਜ਼ ਮੰਗਾਂ ਨੂੰ ਕੇਂਦਰ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ।

ਰਾਜਪਾਲ ਸੰਵਿਧਾਨ ਦੇ ਰਾਖੇ ਜਾਂ ਕੇਂਦਰ ਦੇ ਪ੍ਰਤੀਨਿਧ?

ਪੰਜਾਬ ਦਾ ਇਤਿਹਾਸ ਭਾਰਤੀ ਸੰਘੀ ਢਾਂਚੇ ਬਾਰੇ ਇੱਕ ਵੱਡਾ ਸਵਾਲ ਖੜ੍ਹਾ ਕਰਦਾ ਹੈ। ਜੇਕਰ ਕਿਸੇ ਸੂਬੇ ਦੀ ਚੁਣੀ ਹੋਈ ਸਰਕਾਰ ਨੂੰ ਵਾਰ-ਵਾਰ ਹਟਾ ਕੇ ਕੇਂਦਰੀ ਪ੍ਰਸ਼ਾਸਨ ਲਾਗੂ ਕੀਤਾ ਜਾਂਦਾ ਹੈ ਤਾਂ ਕੀ ਇਸ ਨਾਲ ਲੋਕਤੰਤਰੀ ਸੰਸਥਾਵਾਂ ਮਜ਼ਬੂਤ ਹੁੰਦੀਆਂ ਹਨ ਜਾਂ ਕਮਜ਼ੋਰ?

1977 ਅਤੇ 1980 ਵਿੱਚ ਵੱਖ-ਵੱਖ ਕੇਂਦਰੀ ਸਰਕਾਰਾਂ ਵੱਲੋਂ ਵਿਰੋਧੀ ਪਾਰਟੀਆਂ ਦੀਆਂ ਸੂਬਾਈ ਸਰਕਾਰਾਂ ਬਰਖ਼ਾਸਤ ਕਰਨ ਦੀਆਂ ਕਾਰਵਾਈਆਂ ਇਸ ਸਵਾਲ ਦੀਆਂ ਮਹੱਤਵਪੂਰਨ ਉਦਾਹਰਨਾਂ ਹਨ।

ਸੰਵਿਧਾਨਕ ਮਾਹਿਰਾਂ ਅਨੁਸਾਰ ਰਾਜਪਾਲ ਦਾ ਅਹੁਦਾ ਪਾਰਟੀ ਸਿਆਸਤ ਤੋਂ ਉੱਪਰ ਹੋਣਾ ਚਾਹੀਦਾ ਹੈ। ਰਾਜਪਾਲ ਦਾ ਕੰਮ ਸੰਵਿਧਾਨ ਦੀ ਰੱਖਿਆ ਕਰਨਾ ਹੈ, ਨਾ ਕਿ ਕਿਸੇ ਸਿਆਸੀ ਪਾਰਟੀ ਦੇ ਹਿੱਤਾਂ ਨੂੰ ਅੱਗੇ ਵਧਾਉਣਾ।

ਤਰਲੋਚਨ ਸਿੰਘ ਵੱਲੋਂ ਉਠਾਏ ਵਿਸ਼ੇ ਦੀ ਅਹਿਮੀਅਤ

ਸ. ਤਰਲੋਚਨ ਸਿੰਘ ਵਰਗੇ ਤਜਰਬੇਕਾਰ ਜਨਤਕ ਜੀਵਨ ਨਾਲ ਜੁੜੇ ਵਿਅਕਤੀ ਵੱਲੋਂ ਰਾਜਪਾਲਾਂ ਦੇ ਯੋਗਦਾਨ ਬਾਰੇ ਚਰਚਾ ਕਰਨਾ ਇਸ ਲਈ ਮਹੱਤਵਪੂਰਨ ਹੈ ਕਿਉਂਕਿ ਇਹ ਸਵਾਲ ਸਿਰਫ਼ ਇਤਿਹਾਸ ਨਾਲ ਨਹੀਂ, ਪੰਜਾਬ ਦੇ ਵਰਤਮਾਨ ਅਤੇ ਭਵਿੱਖ ਨਾਲ ਵੀ ਸਬੰਧਤ ਹੈ।

ਪੰਜਾਬ ਦੇ ਲੋਕਾਂ ਨੂੰ ਇਹ ਜਾਣਨ ਦਾ ਹੱਕ ਹੈ ਕਿ ਲੰਬੇ ਸਮੇਂ ਦੌਰਾਨ ਕੇਂਦਰੀ ਸ਼ਾਸਨ ਦੌਰਾਨ ਕਿਹੜੇ ਵਿਕਾਸ ਕਾਰਜ ਹੋਏ, ਕਿਹੜੇ ਮੁੱਦੇ ਹੱਲ ਹੋਏ ਅਤੇ ਕਿਹੜੀਆਂ ਸਮੱਸਿਆਵਾਂ ਹੋਰ ਗੰਭੀਰ ਬਣੀਆਂ।

ਇਸ ਲਈ ਇੱਕ ਨਿਰਪੱਖ ਇਤਿਹਾਸਕ ਪੜਤਾਲ ਦੀ ਲੋੜ ਹੈ, ਜਿਸ ਵਿੱਚ ਹਰ ਰਾਜਪਾਲ ਦੇ ਕਾਰਜਕਾਲ, ਮਹੱਤਵਪੂਰਨ ਪ੍ਰਸ਼ਾਸਨਿਕ ਫ਼ੈਸਲਿਆਂ, ਮਨੁੱਖੀ ਅਧਿਕਾਰਾਂ ਦੀ ਸਥਿਤੀ ਅਤੇ ਪੰਜਾਬ ਦੇ ਸੰਵਿਧਾਨਕ ਹਿੱਤਾਂ ਲਈ ਕੀਤੇ ਯਤਨਾਂ ਦਾ ਲੇਖਾ-ਜੋਖਾ ਹੋਵੇ।

ਪੰਜਾਬ ਵਿੱਚ ਰਾਸ਼ਟਰਪਤੀ ਰਾਜ ਦਾ ਇਤਿਹਾਸ ਸਿਰਫ਼ ਅੱਠ ਵਾਰ ਸਰਕਾਰਾਂ ਬਦਲਣ ਦੀ ਕਹਾਣੀ ਨਹੀਂ, ਸਗੋਂ ਕੇਂਦਰ-ਰਾਜ ਸਬੰਧਾਂ, ਪੰਜਾਬ ਦੇ ਹੱਕਾਂ ਅਤੇ ਲੋਕਤੰਤਰੀ ਸੰਸਥਾਵਾਂ ਦੀ ਇੱਕ ਲੰਬੀ ਪੀੜਿਆ ਹੈ।

ਅੱਜ ਲੋੜ ਇਸ ਗੱਲ ਦੀ ਹੈ ਕਿ ਰਾਜਪਾਲਾਂ ਦੇ ਯੋਗਦਾਨ ਨੂੰ ਨਾ ਤਾਂ ਬਿਨਾਂ ਪੜਤਾਲ ਪੂਰੀ ਤਰ੍ਹਾਂ ਨਕਾਰਿਆ ਜਾਵੇ ਅਤੇ ਨਾ ਹੀ ਉਨ੍ਹਾਂ ਦੇ ਕਾਰਜਕਾਲਾਂ ਨੂੰ ਸਵਾਲਾਂ ਤੋਂ ਉੱਪਰ ਰੱਖਿਆ ਜਾਵੇ। ਪੰਜਾਬ ਦੇ ਇਤਿਹਾਸ ਨਾਲ ਇਨਸਾਫ਼ ਕਰਨ ਲਈ ਤੱਥਾਂ ਉੱਤੇ ਆਧਾਰਿਤ ਮੁਲਾਂਕਣ ਹੀ ਸਭ ਤੋਂ ਢੁੱਕਵਾਂ ਰਾਹ ਹੈ।

ਸ੍ਰ. ਉਜਲ ਸਿੰਘ 1965 ਤੋਂ 1966 ਤੱਕ ਪੰਜਾਬ ਦੇ ਰਾਜਪਾਲ ਰਹੇ। ਉਹ ਪੰਜਾਬੀ ਭਾਸ਼ਾ, ਸਿੱਖ ਵਿਰਾਸਤ ਅਤੇ ਸਿੱਖਿਆ ਦੇ ਵਿਕਾਸ ਦੇ ਹਮਾਇਤੀ ਸਨ। ਉਨ੍ਹਾਂ ਦਾ ਨਾਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਿਕਾਸ ਅਤੇ ਗੁਰੂ ਗੋਬਿੰਦ ਸਿੰਘ ਭਵਨ ਵਰਗੇ ਮਹੱਤਵਪੂਰਨ ਵਿੱਦਿਅਕ ਤੇ ਸੱਭਿਆਚਾਰਕ ਪ੍ਰਾਜੈਕਟਾਂ ਨਾਲ ਜੁੜਿਆ ਹੋਇਆ ਹੈ। ਗੁਰੂ ਨਾਨਕ ਦੇਵ ਜੀ ਦੀ ਯਾਦ ਨੂੰ ਸਮਰਪਿਤ ਸੰਸਥਾਵਾਂ ਦੇ ਵਿਕਾਸ ਵਿੱਚ ਵੀ ਉਨ੍ਹਾਂ ਦੀ ਦਿਲਚਸਪੀ ਰਹੀ।

ਉਨ੍ਹਾਂ ਦਾ ਵੱਡਾ ਯੋਗਦਾਨ ਪੰਜਾਬੀ ਯੂਨੀਵਰਸਿਟੀ ਦੀ ਸਥਾਪਨਾ ਵਿੱਚ ਸੀ। ਉਹ 1960 ਦੇ ਪੰਜਾਬੀ ਯੂਨੀਵਰਸਿਟੀ ਕਮਿਸ਼ਨ ਦੇ ਮੈਂਬਰ ਸਨ ਅਤੇ ਚੰਡੀਗੜ੍ਹ ਦੇ ਗੁਰੂ ਨਾਨਕ ਪਬਲਿਕ ਸਕੂਲ ਦੇ ਬਾਨੀ ਪ੍ਰਧਾਨ ਵੀ ਰਹੇ

ਚੰਡੀਗੜ੍ਹ: ਪੰਜਾਬ ਦੇ ਸਾਬਕਾ ਰਾਜਪਾਲ ਭੈਰਵ ਦੱਤ ਪਾਂਡੇ (ਬੀ. ਡੀ. ਪਾਂਡੇ) 10 ਅਕਤੂਬਰ 1983 ਤੋਂ 27 ਜੂਨ 1984 ਤੱਕ ਪੰਜਾਬ ਦੇ ਰਾਜਪਾਲ ਰਹੇ। ਇਮਾਨਦਾਰੀ ਅਤੇ ਸੰਵਿਧਾਨਕ ਅਸੂਲਾਂ ਪ੍ਰਤੀ ਵਚਨਬੱਧਤਾ ਲਈ ਜਾਣੇ ਜਾਂਦੇ ਪਾਂਡੇ ਨੇ ਸਾਕਾ ਨੀਲਾ ਤਾਰਾ ਤੋਂ ਬਾਅਦ ਆਪਣੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ।

ਉਨ੍ਹਾਂ ਦੀ ਕਿਤਾਬ In the Service of Free India: Memoir of a Civil Servant ਸਾਲ 2021 ਵਿੱਚ ਮਰਨ ਉਪਰੰਤ ਪ੍ਰਕਾਸ਼ਿਤ ਹੋਈ। ਇਸ ਵਿੱਚ ਉਨ੍ਹਾਂ ਨੇ ਜੂਨ 1984 ਦੀ ਫ਼ੌਜੀ ਕਾਰਵਾਈ ਤੋਂ ਪਹਿਲਾਂ ਕੇਂਦਰ ਸਰਕਾਰ ਦੇ ਫ਼ੈਸਲਿਆਂ, ਪੰਜਾਬ ਦੀ ਅਸਲ ਸਥਿਤੀ ਅਤੇ ਪਰਦੇ ਪਿੱਛੇ ਹੋਈਆਂ ਗੱਲਬਾਤਾਂ ਬਾਰੇ ਆਪਣੇ ਤਜਰਬੇ ਦਰਜ ਕੀਤੇ।

ਪਾਂਡੇ ਨੇ ਦਾਅਵਾ ਕੀਤਾ ਕਿ ਪੰਜਾਬ ਦੇ ਹਾਲਾਤ ਬਾਰੇ ਗ਼ਲਤ ਬਿਰਤਾਂਤ ਸਿਰਜਿਆ ਗਿਆ, ਜਿਸ ਦੇ ਗੰਭੀਰ ਨਤੀਜੇ ਨਿਕਲੇ। ਉਨ੍ਹਾਂ ਦੀਆਂ ਯਾਦਾਂ ਸਾਕਾ ਨੀਲਾ ਤਾਰਾ ਦੇ ਸਿਆਸੀ ਅਤੇ ਪ੍ਰਸ਼ਾਸਨਿਕ ਪਿਛੋਕੜ ਨੂੰ ਸਮਝਣ ਲਈ ਮਹੱਤਵਪੂਰਨ ਇਤਿਹਾਸਕ ਦਸਤਾਵੇਜ਼ ਹਨ।

ਦਿੱਲੀ ਹਾਈ ਕੋਰਟ ਵੱਲੋਂ ਜੁਡੀਸ਼ੀਅਲ ਹਿਰਾਸਤ ਨੂੰ ਚੁਣੌਤੀ ਦੇਣ ਵਾਲੇ ਸੀਜੇਪੀ ਆਗੂਆਂ ਨੂੰ ਰਾਹਤ ਦੇਣ ਤੋਂ ਨਾਂਹ

ਨਵੀਂ ਦਿੱਲੀ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਦਿੱਲੀ ਹਾਈ ਕੋਰਟ ਨੇ ਬੁੱਧਵਾਰ ਨੂੰ 'ਕੌਕਰੋਚ ਜਨਤਾ ਪਾਰਟੀ' (ਸੀਜੇਪੀ) ਦੇ ਆਗੂਆਂ ਸੌਰਵ ਦਾਸ ਅਤੇ ਆਸ਼ੂਤੋਸ਼ ਗਾਂਕਾ ਦੀ ਨਿਆਇਕ ਹਿਰਾਸਤ ਵਿੱਚ ਦਖ਼ਲ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਉਨ੍ਹਾਂ ਨੂੰ ਸਪੈਸ਼ਲ ਐਗਜ਼ੀਕਿਊਟਿਵ ਮੈਜਿਸਟ੍ਰੇਟ (ਐਸ.ਈ.ਐਮ.) ਸਾਹਮਣੇ ਤੈਅ ਸੁਣਵਾਈ ਦੇ ਨਤੀਜੇ ਦੀ ਉਡੀਕ ਕਰਨ ਲਈ ਕਿਹਾ ਅਤੇ ਜੇ ਉਨ੍ਹਾਂ ਦੀ ਸ਼ਿਕਾਇਤ ਬਰਕਰਾਰ ਰਹਿੰਦੀ ਹੈ ਤਾਂ ਅਪੀਲੀ ਅਦਾਲਤ ਵਿੱਚ ਪਹੁੰਚ ਕਰਨ ਲਈ ਕਿਹਾ ਗਿਆ ਹੈ।

ਮੈਜਿਸਟ੍ਰੇਟ ਸਾਹਮਣੇ ਸੁਣਵਾਈ ਦਿਨ ਵੇਲੇ ਬਾਅਦ ਵਿੱਚ ਤੈਅ ਕੀਤੀ ਗਈ ਹੈ। ਜਸਟਿਸ ਸੁਬਰਾਮੋਨੀਅਮ ਪ੍ਰਸਾਦ ਨੇ ਸੀਜੇਪੀ ਦੇ ਸਹਿ-ਸੰਯੋਜਕਾਂ ਨੂੰ ਆਪਣੀ ਪਟੀਸ਼ਨ ਵਾਪਸ ਲੈਣ ਦੀ ਇਜਾਜ਼ਤ ਦਿੱਤੀ ਅਤੇ ਟਿੱਪਣੀ ਕੀਤੀ ਕਿ ਸੰਵਿਧਾਨ ਦੀ ਧਾਰਾ 226 ਤਹਿਤ ਰਿੱਟ ਪਟੀਸ਼ਨ 'ਸ਼ਾਂਤੀ' ਬੌਂਡ ਦੀ ਉਲੰਘਣਾ ਦੇ ਦੁਹਰਾਏ ਗਏ ਮਾਮਲੇ ਲਈ ਕੋਈ ਢੁਕਵਾਂ ਉਪਾਅ ਨਹੀਂ ਸੀ।

ਅਡੀਸ਼ਨਲ ਸਾਲਿਸਟਰ ਜਨਰਲ (ਏ.ਐਸ.ਜੀ.) ਚੇਤਨ ਸ਼ਰਮਾ ਨੇ ਕਿਹਾ ਕਿ ਇਹ ਮਾਮਲਾ ਨਵੀਆਂ ਜ਼ਮਾਨਤਾਂ ਦੇਣ ਦੇ ਸਬੰਧ ਵਿੱਚ ਐਸ.ਈ.ਐਮ. ਸਾਹਮਣੇ ਸੂਚੀਬੱਧ ਹੈ। ਸੀਜੇਪੀ ਆਗੂਆਂ ਵੱਲੋਂ ਹਾਈ ਕੋਰਟ ਵਿੱਚ ਤੁਰੰਤ ਸੁਣਵਾਈ ਦੀ ਮੰਗ ਕਰਨ ਤੋਂ ਬਾਅਦ ਅਦਾਲਤ ਵੱਲੋਂ ਇਹ ਮਾਮਲਾ ਵਿਚਾਰਿਆ ਗਿਆ ਸੀ, ਜੋ ਕਿ ਦਸਹਿਰੇ ਦੀਆਂ ਛੁੱਟੀਆਂ ਕਾਰਨ ਬੰਦ ਹੈ। ਸੀਜੇਪੀ ਦੇ ਹੋਰ ਵਰਕਰਾਂ ਦੇ ਨਾਲ, ਦਾਸ ਅਤੇ ਗਾਂਕਾ ਨੇ ਜੰਤਰ-ਮੰਤਰ ਵਿਖੇ ਰਾਸ਼ਟਰੀ ਝੰਡਾ ਪ੍ਰਦਰਸ਼ਿਤ ਕੀਤਾ ਸੀ, ਜਿਸ ਨੂੰ ਧਰਨਾ ਸਥਾਨ ਵਜੋਂ ਡੀ-ਨੋਟੀਫਾਈ ਕਰ ਦਿੱਤਾ ਗਿਆ ਸੀ ਅਤੇ 13 ਅਕਤੂਬਰ ਨੂੰ ਹਿਰਾਸਤ ਵਿੱਚ ਲਏ ਜਾਣ ਅਤੇ ਰੋਕਥਾਮ ਵਜੋਂ ਗ੍ਰਿਫ਼ਤਾਰ ਕੀਤੇ ਜਾਣ ਤੋਂ ਪਹਿਲਾਂ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਸੀ।

ਇੱਕ ਐਸ.ਈ.ਐਮ. ਨੇ 14 ਅਕਤੂਬਰ ਨੂੰ ਪਹਿਲਾਂ ਉਨ੍ਹਾਂ ਨੂੰ ਪੰਜ ਦਿਨਾਂ ਲਈ ਨਿਆਇਕ ਹਿਰਾਸਤ ਵਿੱਚ ਭੇਜ ਦਿੱਤਾ ਸੀ।

ਪਰਵਿੰਦਰ ਝੋਟਾ ਕਤਲ ਕਾਂਡ: ਸੀ ਬੀ ਆਈ ਟੀਮ ਨੇ ਮੈਡੀਕਲ ਸਟੋਰ ਤੇ ਘਟਨਾ ਸਥਾਨ ਤੋਂ ਇਕੱਠੇ ਕੀਤੇ ਸਬੂਤ

ਮਾਨਸਾ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਮਾਨਸਾ ਵਿੱਚ ਪਰਵਿੰਦਰ ਸਿੰਘ ਝੋਟਾ ਕਤਲ ਮਾਮਲੇ ਦੀ ਜਾਂਚ ਹੁਣ ਸੀ.ਬੀ.ਆਈ. (329) ਵੱਲੋਂ ਕੀਤੀ ਜਾ ਰਹੀ ਹੈ। ਇਸ ਮਾਮਲੇ ਵਿੱਚ ਸੀ.ਬੀ.ਆਈ. ਨੇ ਜਾਂਚ ਤੇਜ਼ ਕਰ ਦਿੱਤੀ ਹੈ। ਸੀ.ਬੀ.ਆਈ. ਦੀਆਂ ਕਈ ਟੀਮਾਂ ਮਾਨਸਾ ਵਿੱਚ ਵੱਖ-ਵੱਖ ਥਾਵਾਂ 'ਤੇ ਪਹੁੰਚ ਕੇ ਸਬੂਤ ਇਕੱਠੇ ਕਰਨ ਅਤੇ ਮਾਮਲੇ ਨਾਲ ਸਬੰਧਤ ਜਾਣਕਾਰੀਆਂ ਜੁਟਾਉਣ ਵਿੱਚ ਲੱਗੀਆਂ ਹੋਈਆਂ ਹਨ।

ਜਾਣਕਾਰੀ ਅਨੁਸਾਰ, ਸੀ.ਬੀ.ਆਈ. ਦੀ ਫੋਰੈਂਸਿਕ ਟੀਮ ਅਸ਼ਵਨੀ ਕੁਮਾਰ ਦੇ ਮੈਡੀਕਲ ਸਟੋਰ 'ਤੇ ਪਹੁੰਚੀ, ਜਿੱਥੇ ਸੈਂਪਲ ਇਕੱਠੇ ਕੀਤੇ ਗਏ। ਇਸ ਦੇ ਨਾਲ ਹੀ ਘਟਨਾ ਵਾਲੀ ਥਾਂ ਦੇ ਆਸ-ਪਾਸ ਸਥਿਤ ਦੁਕਾਨਾਂ ਦੇ ਮਾਲਕਾਂ ਤੋਂ ਵੀ ਪੁੱਛਗਿੱਛ ਕੀਤੀ ਜਾ ਰਹੀ ਹੈ, ਤਾਂ ਜੋ ਘਟਨਾ ਨਾਲ ਜੁੜੇ ਅਹਿਮ ਤੱਥ ਸਾਹਮਣੇ ਲਿਆਂਦੇ ਜਾ ਸਕਣ।

ਇਸ ਤੋਂ ਇਲਾਵਾ, ਸੀ.ਬੀ.ਆਈ. ਦੀ ਟੀਮ ਜੁੱਤੀਆਂ ਦੀ ਦੁਕਾਨ 'ਤੇ ਵੀ ਜਾਂਚ ਕਰ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਪਰਵਿੰਦਰ ਸਿੰਘ ਝੋਟਾ ਆਖ਼ਰੀ ਵਾਰ ਇਸੇ ਜੁੱਤੀਆਂ ਦੀ ਦੁਕਾਨ 'ਤੇ ਡਿੱਗੇ ਸਨ। ਇੱਥੇ ਵੀ ਫੋਰੈਂਸਿਕ ਟੀਮ ਵੱਲੋਂ ਸੈਂਪਲ ਇਕੱਠੇ ਕੀਤੇ ਜਾ ਰਹੇ ਹਨ।

ਅਮਿਤ ਸ਼ਾਹ ਨੇ 36,852 ਪੁਲਿਸ ਸ਼ਹੀਦਾਂ ਨੂੰ ਕੀਤਾ ਨਮਨ, 'ਵਾਲ ਆਫ਼ ਵੈਲਰ' 'ਤੇ 154 ਨਵੇਂ ਨਾਂ ਸ਼ਾਮਲ

ਨਵੀਂ ਦਿੱਲੀ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਪੁਲਿਸ ਯਾਦਗਾਰੀ ਦਿਵਸ ਮੌਕੇ ਨਵੀਂ ਦਿੱਲੀ ਦੇ ਚਾਣਕਿਆਪੁਰੀ ਸਥਿਤ ਰਾਸ਼ਟਰੀ ਪੁਲਿਸ ਸਮਾਰਕ ਵਿਖੇ ਦੇਸ਼ ਦੇ ਸ਼ਹੀਦ ਪੁਲਿਸ ਮੁਲਾਜ਼ਮਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਨੇ ਦੇਸ਼ ਦੀ ਅੰਦਰੂਨੀ ਸੁਰੱਖਿਆ ਅਤੇ ਨਾਗਰਿਕਾਂ ਦੀ ਰੱਖਿਆ ਲਈ ਜਾਨਾਂ ਕੁਰਬਾਨ ਕਰਨ ਵਾਲੇ ਜਵਾਨਾਂ ਦੀ ਬਹਾਦਰੀ ਨੂੰ ਸਲਾਮ ਕੀਤਾ।

ਸਮਾਗਮ ਦੀਆਂ ਅਹਿਮ ਗੱਲਾਂ

36,852 ਸ਼ਹੀਦਾਂ ਨੂੰ ਸ਼ਰਧਾਂਜਲੀ: ਅਮਿਤ ਸ਼ਾਹ ਨੇ ਦੱਸਿਆ ਕਿ ਆਜ਼ਾਦੀ ਤੋਂ ਬਾਅਦ ਡਿਊਟੀ ਦੌਰਾਨ ਸ਼ਹੀਦ ਹੋਏ ਕੁੱਲ 36,852 ਪੁਲਿਸ ਮੁਲਾਜ਼ਮਾਂ ਨੂੰ ਰਾਸ਼ਟਰੀ ਪੁਲਿਸ ਸਮਾਰਕ 'ਤੇ ਯਾਦ ਕੀਤਾ ਜਾਂਦਾ ਹੈ।

154 ਨਵੇਂ ਨਾਂ ਸ਼ਾਮਲ: ਪਿਛਲੇ ਇੱਕ ਸਾਲ ਦੌਰਾਨ ਡਿਊਟੀ ਨਿਭਾਉਂਦੇ ਹੋਏ ਸ਼ਹੀਦ ਹੋਏ 154 ਜਵਾਨਾਂ ਦੇ ਨਾਂ 'ਵਾਲ ਆਫ਼ ਵੈਲਰ' (ਬਹਾਦਰੀ ਦੀ ਕੰਧ) 'ਤੇ ਸ਼ਾਮਲ ਕੀਤੇ ਗਏ। ਇੰਟੈਲੀਜੈਂਸ ਬਿਊਰੋ ਦੇ ਡਾਇਰੈਕਟਰ ਮਹੇਸ਼ ਦੀਕਸ਼ਿਤ ਨੇ ਉਨ੍ਹਾਂ ਦੇ ਨਾਂ ਪੜ੍ਹੇ।

ਨਕਸਲਵਾਦ ਬਾਰੇ ਬਿਆਨ: ਗ੍ਰਹਿ ਮੰਤਰੀ ਨੇ ਕਿਹਾ ਕਿ ਪੁਲਿਸ ਬਲਾਂ ਦੀਆਂ ਕੁਰਬਾਨੀਆਂ ਨੇ ਨਕਸਲਵਾਦ ਵਿਰੁੱਧ ਲੜਾਈ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

ਨਸ਼ਿਆਂ ਵਿਰੁੱਧ ਮੁਹਿੰਮ: ਉਨ੍ਹਾਂ ਨੇ ਦੇਸ਼ ਨੂੰ ਨਸ਼ਾ-ਮੁਕਤ ਬਣਾਉਣ ਲਈ ਪੁਲਿਸ ਬਲਾਂ ਨੂੰ ਮਿਲ ਕੇ ਕੰਮ ਕਰਨ ਦੀ ਅਪੀਲ ਕੀਤੀ।

ਮੋਟਰਸਾਈਕਲ ਰੈਲੀ ਨੂੰ ਹਰੀ ਝੰਡੀ: 'ਨਸ਼ਿਆਂ ਵਿਰੁੱਧ ਲੜਾਈ' ਦੇ ਸੰਦੇਸ਼ ਨਾਲ ਲਗਭਗ 90 ਪੁਲਿਸ ਮੋਟਰਸਾਈਕਲ ਸਵਾਰਾਂ ਦੀ ਰੈਲੀ ਰਵਾਨਾ ਕੀਤੀ ਗਈ। ਇਹ ਰੈਲੀ 31 ਅਕਤੂਬਰ ਨੂੰ ਗੁਜਰਾਤ ਦੇ ਏਕਤਾ ਨਗਰ ਪਹੁੰਚ ਕੇ ਏਕਤਾ ਪਰੇਡ ਵਿੱਚ ਸ਼ਾਮਲ ਹੋਵੇਗੀ।

21 ਅਕਤੂਬਰ ਨੂੰ ਹੀ ਪੁਲਿਸ ਯਾਦਗਾਰੀ ਦਿਵਸ ਕਿਉਂ ਮਨਾਇਆ ਜਾਂਦਾ ਹੈ?

21 ਅਕਤੂਬਰ 1959 ਨੂੰ ਲੱਦਾਖ ਦੇ ਹੌਟ ਸਪ੍ਰਿੰਗਜ਼ ਖੇਤਰ ਵਿੱਚ ਚੀਨੀ ਫ਼ੌਜ ਦੇ ਹਮਲੇ ਦੌਰਾਨ 10 ਬਹਾਦਰ ਪੁਲਿਸ ਮੁਲਾਜ਼ਮ ਸ਼ਹੀਦ ਹੋ ਗਏ ਸਨ। ਉਨ੍ਹਾਂ ਦੀ ਕੁਰਬਾਨੀ ਦੀ ਯਾਦ ਵਿੱਚ ਹਰ ਸਾਲ ਇਸ ਦਿਨ ਪੁਲਿਸ ਯਾਦਗਾਰੀ ਦਿਵਸ ਮਨਾਇਆ ਜਾਂਦਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 2018 ਵਿੱਚ ਰਾਸ਼ਟਰੀ ਪੁਲਿਸ ਸਮਾਰਕ ਦੇਸ਼ ਨੂੰ ਸਮਰਪਿਤ ਕੀਤਾ ਸੀ।

ਸੰਦੇਸ਼: ਇਹ ਦਿਨ ਦੇਸ਼ ਦੀ ਸੁਰੱਖਿਆ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਪੁਲਿਸ ਮੁਲਾਜ਼ਮਾਂ ਦੇ ਨਾਲ-ਨਾਲ ਉਨ੍ਹਾਂ ਦੇ ਪਰਿਵਾਰਾਂ ਦੇ ਤਿਆਗ ਅਤੇ ਹੌਸਲੇ ਨੂੰ ਯਾਦ ਕਰਨ ਦਾ ਮੌਕਾ ਹੈ।

ਨਾਬਾਲਿਗ ਨਾਲ ਕਥਿਤ ਕੁੱਟਮਾਰ: ਵਿਧਾਇਕ ਦੇਵ ਮਾਨ ਜਨਤਕ ਮੁਆਫ਼ੀ ਮੰਗਣ ਤੇ ਮੁਆਵਜ਼ਾ ਦੇਣ: ਪਰਮਜੀਤ ਕੌਂਥ

ਨਾਭਾ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ, ਪੰਜਾਬ ਦੇ ਮੀਤ ਪ੍ਰਧਾਨ ਪਰਮਜੀਤ ਸਿੰਘ ਕੌਂਥ ਨੇ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਮਾਨ ਉਰਫ਼ ਦੇਵ ਮਾਨ ਨਾਲ ਸਬੰਧਤ ਨਾਬਾਲਿਗ ਨਾਲ ਕਥਿਤ ਕੁੱਟਮਾਰ, ਬੇਇੱਜ਼ਤੀ ਅਤੇ ਜ਼ਬਰਦਸਤੀ ਡੋਪ ਟੈਸਟ ਕਰਵਾਉਣ ਦੇ ਮਾਮਲੇ ਵਿੱਚ ਵਿਧਾਇਕ ਤੋਂ ਜਨਤਕ ਮੁਆਫ਼ੀ ਅਤੇ ਪੀੜਤ ਪਰਿਵਾਰ ਲਈ ਢੁੱਕਵੇਂ ਮੁਆਵਜ਼ੇ ਦੀ ਮੰਗ ਕੀਤੀ ਹੈ।

ਕੌਂਥ ਨੇ ਕਿਹਾ ਕਿ ਪ੍ਰਾਪਤ ਜਾਣਕਾਰੀ ਅਨੁਸਾਰ ਨਾਬਾਲਿਗ 'ਤੇ ਨਸ਼ਾ ਕਰਨ ਅਤੇ ਵੇਚਣ ਦੇ ਦੋਸ਼ ਲਗਾਏ ਗਏ ਸਨ। ਉਸ ਨੂੰ ਪੁਲਿਸ ਚੌਕੀ ਰੋਹਟੀ ਲਿਜਾਇਆ ਗਿਆ ਅਤੇ ਬਾਅਦ ਵਿੱਚ ਕੋਤਵਾਲੀ ਨਾਭਾ ਵਿਖੇ ਉਸ ਦਾ ਡੋਪ ਟੈਸਟ ਕਰਵਾਇਆ ਗਿਆ। ਦੱਸਿਆ ਗਿਆ ਹੈ ਕਿ ਰਿਪੋਰਟ ਨੈਗੇਟਿਵ ਆਉਣ ਮਗਰੋਂ ਉਸ ਨੂੰ ਪਰਿਵਾਰ ਦੇ ਹਵਾਲੇ ਕਰ ਦਿੱਤਾ ਗਿਆ।

ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਕਾਰਵਾਈ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਹੋਣੀ ਚਾਹੀਦੀ ਹੈ। ਕਿਸੇ ਵੀ ਵਿਅਕਤੀ ਨੂੰ ਕਾਨੂੰਨ ਆਪਣੇ ਹੱਥਾਂ ਵਿੱਚ ਲੈਣ ਜਾਂ ਨਾਬਾਲਿਗ ਦੀ ਮਾਣ-ਮਰਿਆਦਾ ਨੂੰ ਠੇਸ ਪਹੁੰਚਾਉਣ ਦਾ ਅਧਿਕਾਰ ਨਹੀਂ ਹੈ।

ਕੌਂਥ ਨੇ ਮੰਗ ਕੀਤੀ ਕਿ ਮਾਮਲੇ ਦੀ ਕਿਸੇ ਸੀਨੀਅਰ ਪੁਲਿਸ ਅਧਿਕਾਰੀ ਦੀ ਨਿਗਰਾਨੀ ਹੇਠ ਨਿਰਪੱਖ ਅਤੇ ਸਮਾਂਬੱਧ ਜਾਂਚ ਕਰਵਾਈ ਜਾਵੇ। ਜਾਂਚ ਦੌਰਾਨ ਕਿਸੇ ਵੀ ਤਰ੍ਹਾਂ ਦੇ ਸਿਆਸੀ ਦਬਾਅ ਨੂੰ ਬਰਦਾਸ਼ਤ ਨਾ ਕੀਤਾ ਜਾਵੇ ਅਤੇ ਦੋਸ਼ ਸਹੀ ਪਾਏ ਜਾਣ 'ਤੇ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇ।

ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ 'ਤੇ ਢੁੱਕਵੀਂ ਕਾਰਵਾਈ ਨਾ ਹੋਈ ਤਾਂ ਉਹ ਕਾਨੂੰਨੀ ਚਾਰਾਜੋਈ ਕਰਨਗੇ ਅਤੇ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ (ਨੈਸ਼ਨਲ ਹਿਊਮਨ ਰਾਈਟਸ ਕਮਿਸ਼ਨ) ਕੋਲ ਰਸਮੀ ਸ਼ਿਕਾਇਤ ਦਰਜ ਕਰਵਾ ਕੇ ਦਖ਼ਲ ਦੀ ਮੰਗ ਕਰਨਗੇ।

ਪਰਮਜੀਤ ਸਿੰਘ ਕੌਂਥ ਨੇ ਪੀੜਤ ਪਰਿਵਾਰ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਇਨਸਾਫ਼ ਦਿਵਾਉਣ ਲਈ ਹਰ ਸੰਭਵ ਯਤਨ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਪੀੜਤ ਪਰਿਵਾਰ ਨੂੰ ਨਿਆਂ ਦਿਵਾਉਣ ਲਈ ਮਾਮਲਾ ਸਬੰਧਤ ਅਧਿਕਾਰੀਆਂ ਕੋਲ ਉਠਾਇਆ ਜਾਵੇਗਾ ਅਤੇ ਲੋੜ ਪੈਣ 'ਤੇ ਕਾਨੂੰਨੀ ਚਾਰਾਜੋਈ ਵੀ ਕੀਤੀ ਜਾਵੇਗੀ।

ਲੁਧਿਆਣਾ ਅਦਾਲਤ ਵਿਚ ਪੇਸ਼ ਹੋਏ 'ਆਪ' ਦੇ ਸੀਨੀਅਰ ਆਗੂ ਤੇ ਰਾਜ ਸਭਾ ਮੈਂਬਰ ਸੰਜੇ ਸਿੰਘ

ਲੁਧਿਆਣਾ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਆਮ ਆਦਮੀ ਪਾਰਟੀ (ਆਪ) ਦੇ ਰਾਜ ਸਭਾ ਮੈਂਬਰ ਸੰਜੇ ਸਿੰਘ ਨੇ ਅੱਜ ਪੰਜਾਬ ਦੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਵੱਲੋਂ ਦਾਇਰ ਅਪਰਾਧਿਕ ਮਾਣਹਾਨੀ ਦੇ ਕੇਸ ਵਿੱਚ ਆਪਣੇ ਉੱਤੇ ਲੱਗੇ ਸਾਰੇ ਦੋਸ਼ਾਂ ਨੂੰ ਸਿਰੇ ਤੋਂ ਨਕਾਰਦਿਆਂ ਝੂਠਾ ਅਤੇ ਬੇਬੁਨਿਆਦ ਦੱਸਿਆ ਹੈ। ਸੰਜੇ ਸਿੰਘ ਨੇ ਇਹ ਬਿਆਨ ਇੱਥੋਂ ਦੀ ਇੱਕ ਸਥਾਨਕ ਅਦਾਲਤ ਵਿੱਚ ਡੋਜਦਾਰੀ ਜਾਬਤਾ ਦੀ ਧਾਰਾ 313 ਤਹਿਤ ਦਰਜ ਕਰਵਾਏ।

ਸੁਣਵਾਈ ਦੌਰਾਨ ਬਿਕਰਮ ਸਿੰਘ ਮਜੀਠੀਆ ਅਦਾਲਤ ਵਿੱਚ ਪੇਸ਼ ਨਹੀਂ ਹੋਏ, ਕਿਉਂਕਿ ਉਨ੍ਹਾਂ ਨੂੰ ਨਿੱਜੀ ਪੇਸ਼ੀ ਤੋਂ ਪਹਿਲਾਂ ਹੀ ਛੋਟ ਮਿਲੀ ਹੋਈ ਸੀ। ਅਦਾਲਤੀ ਕਾਰਵਾਈ ਦੌਰਾਨ ਐਡਵੋਕੇਟ ਬੀ.ਬੀ.ਐਸ. ਸੋਬਤੀ ਨੇ ਉਨ੍ਹਾਂ ਵੱਲੋਂ ਪੱਖ ਰੱਖਿਆ। ਸੰਜੇ ਸਿੰਘ ਨੇ ਆਪਣੇ 'ਤੇ ਲੱਗੇ ਦੋਸ਼ਾਂ ਨੂੰ ਗ਼ਲਤ ਦੱਸਿਆ, ਜਿਨ੍ਹਾਂ ਵਿੱਚ ਮਜੀਠੀਆ ਨੇ ਉਨ੍ਹਾਂ 'ਤੇ ਪੰਜਾਬ ਅੰਦਰ ਨਸ਼ਾ ਤਸਕਰੀ ਨਾਲ ਨਾਂ ਜੋੜ ਕੇ ਇਤਰਾਜ਼ਯੋਗ ਬਿਆਨਬਾਜ਼ੀ ਕਰਨ ਦੇ ਦੋਸ਼ ਲਾਏ ਸਨ।

ਪਰਵਿੰਦਰ ਸਿੰਘ ਝੋਟਾ ਕਤਲ ਕੇਸ ਵਿੱਚ ਸੀ.ਬੀ.ਆਈ. ਨੇ ਨਵੀਂ ਐਫ.ਆਈ.ਆਰ. ਕੀਤੀ ਦਰਜ

ਚੰਡੀਗੜ੍ਹ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਮਾਨਸਾ ਵਿੱਚ ਨਸ਼ਿਆਂ ਦੀ ਕਥਿਤ ਵਿਕਰੀ ਦਾ ਵਿਰੋਧ ਕਰਨ ਵਾਲੇ ਸਮਾਜਿਕ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਕਤਲ ਮਾਮਲੇ ਵਿੱਚ ਕੇਂਦਰੀ ਜਾਂਚ ਬਿਊਰੋ ਨੇ ਨਵੀਂ FIR ਦਰਜ ਕਰਕੇ ਜਾਂਚ ਆਪਣੇ ਹੱਥ ਵਿੱਚ ਲੈ ਲਈ ਹੈ। ਪੰਜਾਬ ਸਰਕਾਰ ਦੀ ਸਹਿਮਤੀ ਤੋਂ ਬਾਅਦ 329 ਦੀ ਟੀਮ ਮਾਨਸਾ ਪਹੁੰਚੀ ਅਤੇ ਪੰਜਾਬ ਪੁਲਿਸ ਤੋਂ ਕੇਸ ਦੇ ਰਿਕਾਰਡ ਤੇ ਸਬੂਤ ਹਾਸਲ ਕੀਤੇ।

ਮਾਮਲੇ ਦੇ ਅਹਿਮ ਤੱਥ

ਕਤਲ ਦੀ ਤਾਰੀਖ: 13 ਅਕਤੂਬਰ 2026। ਘਟਨਾ ਸਥਾਨ: ਮਾਨਸਾ ਵਿੱਚ ਇੱਕ ਮੈਡੀਕਲ ਸਟੋਰ।

ਮੁੱਖ ਮੁਲਜ਼ਮ: ਦੁਕਾਨ ਮਾਲਕ ਅਸ਼ਵਨੀ ਕੁਮਾਰ, ਜਿਸ ਨੂੰ ਰਾਜਸਥਾਨ ਦੇ ਸਾਲਾਸਰ ਤੋਂ ਗ੍ਰਿਫ਼ਤਾਰ ਕੀਤੇ ਜਾਣ ਦੀ ਰਿਪੋਰਟ ਹੈ। ਘਟਨਾ ਦਾ ਕਾਰਨ: ਰਿਪੋਰਟਾਂ ਮੁਤਾਬਕ, ਝੋਟਾ ਇੱਕ ਬਜ਼ੁਰਗ ਨੂੰ ਨਸ਼ੀਲੇ ਪਦਾਰਥ ਵੇਚੇ ਜਾਣ ਦੇ ਸ਼ੱਕ ਨੂੰ ਲੈ ਕੇ ਦੁਕਾਨ ਮਾਲਕ ਨਾਲ ਸਵਾਲ-ਜਵਾਬ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨੂੰ ਗੋਲੀ ਮਾਰੀ ਗਈ। ਘਟਨਾ ਸਮੇਂ ਉਹ ਫੇਸਬੁੱਕ ਲਾਈਵ ਵੀ ਕਰ ਰਹੇ ਸਨ।

CBI ਦੀ ਕਾਰਵਾਈ: ਏਜੰਸੀ ਨੇ ਪੰਜਾਬ ਪੁਲਿਸ ਤੋਂ ਕੇਸ ਦੀਆਂ ਫਾਈਲਾਂ ਅਤੇ ਸਬੰਧਤ ਸਬੂਤ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

FIR ਵਿੱਚ ਕਿਹੜੀਆਂ ਧਾਰਾਵਾਂ ਲਾਈਆਂ ਗਈਆਂ? ਮੀਡੀਆ ਰਿਪੋਰਟਾਂ ਅਨੁਸਾਰ, CBI ਦੀ FIR ਵਿੱਚ ਭਾਰਤੀ ਨਿਆਂ ਸੰਹਿਤਾ (BNS), 2023 ਦੀਆਂ ਧਾਰਾਵਾਂ 103(1), 109, 118(1), 61(2) ਅਤੇ 3(5) ਅਤੇ ਆਰਮਜ਼ ਐਕਟ ਦੀਆਂ ਧਾਰਾਵਾਂ 25 ਅਤੇ 27 ਸ਼ਾਮਲ ਹਨ। ਇਨ੍ਹਾਂ ਵਿੱਚ ਕਤਲ, ਕਤਲ ਦੀ ਕੋਸ਼ਿਸ਼, ਖ਼ਤਰਨਾਕ ਹਥਿਆਰ ਨਾਲ ਸੱਟ, ਅਪਰਾਧਿਕ ਸਾਜ਼ਿਸ਼ ਅਤੇ ਹਥਿਆਰਾਂ ਨਾਲ ਸਬੰਧਤ ਅਪਰਾਧਾਂ ਦੇ ਪ੍ਰਬੰਧ ਸ਼ਾਮਲ ਹਨ। FIR ਵਿੱਚ ਅਸ਼ਵਨੀ ਕੁਮਾਰ ਅਤੇ ਹੋਰ ਅਣਪਛਾਤੇ ਵਿਅਕਤੀਆਂ ਦੇ ਨਾਂ ਵੀ ਦੱਸੇ ਗਏ ਹਨ। ਪੋਸਟਮਾਰਟਮ ਅਤੇ ਪਰਿਵਾਰ ਦੇ ਧਰਨੇ ਬਾਰੇ ਅਪਡੇਟ 329 ਵੱਲੋਂ ਪਰਿਵਾਰਕ ਮੈਂਬਰਾਂ ਦੇ ਬਿਆਨ ਦਰਜ ਕੀਤੇ ਜਾਣ ਦੀ ਰਿਪੋਰਟ ਹੈ। ਮ੍ਰਿਤਕ ਦਾ ਪੋਸਟਮਾਰਟਮ PGIMER, ਚੰਡੀਗੜ੍ਹ ਵਿਖੇ ਮਾਹਿਰ ਡਾਕਟਰਾਂ ਦੀ ਟੀਮ ਤੋਂ ਕਰਵਾਉਣ ਦੀ ਯੋਜਨਾ ਦੱਸੀ ਗਈ ਹੈ।

ਰਿਪੋਰਟਾਂ ਮੁਤਾਬਕ, ਮ੍ਰਿਤਕ ਦੇਹ ਨੂੰ ਚੰਡੀਗੜ੍ਹ ਲਿਜਾਣ ਦੇ ਮੁੱਦੇ 'ਤੇ

ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਲਈ ਅਹਿਮ: ਵਿਧਾਇਕ ਅਜੀਤਪਾਲ ਸਿੰਘ ਕੋਹਲੀ

ਪਟਿਆਲਾ, 23 ਅਕਤੂਬਰ
-ਅਮਰਜੀਤ ਸਿੰਘ ਲਾਂਬਾ-
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ 2026 ਸੀਜ਼ਨ-4 ਤਹਿਤ ਅੱਜ ਪਟਿਆਲਾ ਦੇ ਪੋਲੋ ਗਰਾਊਂਡ ਵਿਖੇ ਸਲਾਟ-2 ਦੇ ਰਾਜ ਪੱਧਰੀ ਖੇਡ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਜਿਮਨਾਸਟਿਕ ਅਤੇ ਖੋ-ਖੋ ਦੇ ਖੇਡ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਖਿਡਾਰੀਆਂ ਨੇ ਪੂਰੇ ਜੋਸ਼, ਉਤਸ਼ਾਹ ਅਤੇ ਖੇਡ ਭਾਵਨਾ ਨਾਲ ਭਾਗ ਲਿਆ।

ਇਸ ਮੌਕੇ ਵਿਧਾਇਕ ਪਟਿਆਲਾ ਸ਼ਹਿਰੀ ਸ੍ਰੀ ਅਜੀਤ ਪਾਲ ਸਿੰਘ ਕੋਹਲੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਮਹੱਤਵਪੂਰਨ ਹਨ। ਓਹਨਾ ਕਿਹਾ ਕਿ ਖੇਡਾਂ ਜਿੱਥੇ ਨੌਜਵਾਨਾਂ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਮਜ਼ਬੂਤ ਬਣਾਉਂਦੀਆਂ ਹਨ, ਉੱਥੇ ਹੀ ਉਨ੍ਹਾਂ ਵਿੱਚ ਅਨੁਸ਼ਾਸਨ, ਮਿਹਨਤ, ਟੀਮ ਭਾਵਨਾ ਅਤੇ ਅਗਵਾਈ ਵਰਗੇ ਗੁਣ ਵੀ ਪੈਦਾ ਕਰਦੀਆਂ ਹਨ।

ਵਿਧਾਇਕ ਕੋਹਲੀ ਨੇ ਖਿਡਾਰੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਪੂਰੀ ਮਿਹਨਤ ਅਤੇ ਲਗਨ ਨਾਲ ਖੇਡਾਂ ਵਿੱਚ ਭਾਗ ਲੈਣ ਅਤੇ ਆਪਣੇ ਮਾਪਿਆਂ, ਕੋਚਾਂ ਅਤੇ ਸੂਬੇ ਦਾ ਨਾਮ ਰੌਸ਼ਨ ਕਰਨ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ ਅਤੇ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਦਾ ਸੱਦਾ ਵੀ ਦਿੱਤਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਖਿਡਾਰੀਆਂ ਨੂੰ ਬਿਹਤਰ ਖੇਡ ਸਹੂਲਤਾਂ ਮੁਹੱਈਆ ਕਰਵਾਉਣ ਲਈ ਕੀਤੇ ਜਾ ਰਹੇ ਯਤਨ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। 'ਖੇਡਾਂ ਵਤਨ ਪੰਜਾਬ ਦੀਆਂ' ਵਰਗੇ ਉਪਰਾਲਿਆਂ ਨਾਲ ਪਿੰਡਾਂ ਅਤੇ ਸ਼ਹਿਰਾਂ ਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਅਤੇ ਉੱਚ ਪੱਧਰ 'ਤੇ ਪਹੁੰਚਣ ਦੇ ਬਿਹਤਰ ਮੌਕੇ ਮਿਲ ਰਹੇ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਸ੍ਰੀ ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਖੋ-ਖੋ ਦੇ ਪਹਿਲੇ ਦਿਨ ਦੇ ਮੁਕਾਬਲਿਆਂ ਵਿੱਚ ਵੱਖ-ਵੱਖ ਉਮਰ ਵਰਗਾਂ ਦੇ ਲਗਭਗ 1200 ਖਿਡਾਰੀਆਂ ਅਤੇ ਖਿਡਾਰਨਾਂ ਨੇ ਭਾਗ ਲਿਆ।

ਉਨ੍ਹਾਂ ਦੱਸਿਆ ਕਿ ਅੰਡਰ-14 ਲੜਕੀਆਂ ਦੇ ਵਰਗ ਵਿੱਚ ਮਾਨਸਾ ਦੀ ਟੀਮ ਨੇ ਅੰਮ੍ਰਿਤਸਰ ਦੀ ਟੀਮ ਨੂੰ 6 ਅੰਕਾਂ ਨਾਲ ਹਰਾਇਆ, ਜਦਕਿ ਫਰੀਦਕੋਟ ਦੀ ਟੀਮ ਨੇ ਗੁਰਦਾਸਪੁਰ ਦੀ ਟੀਮ ਨੂੰ 15 ਅੰਕਾਂ ਨਾਲ ਮਾਤ ਦਿੱਤੀ। ਅੰਡਰ-17 ਲੜਕੀਆਂ ਦੇ ਵਰਗ ਵਿੱਚ ਗੁਰਦਾਸਪੁਰ ਦੀ ਟੀਮ ਨੇ ਕਪੂਰਥਲਾ ਦੀ ਟੀਮ ਨੂੰ 4 ਅੰਕਾਂ ਨਾਲ ਹਰਾਇਆ। ਇਸੇ ਤਰ੍ਹਾਂ ਅੰਡਰ-17 ਲੜਕਿਆਂ ਦੇ ਵਰਗ ਵਿੱਚ ਰੂਪਨਗਰ ਦੀ ਖੋ-ਖੋ ਟੀਮ ਨੇ ਮਾਲੇਰਕੋਟਲਾ ਦੀ ਟੀਮ ਨੂੰ 5 ਅੰਕਾਂ ਨਾਲ ਹਰਾ ਕੇ ਜਿੱਤ ਦਰਜ ਕੀਤੀ।

ਉਨ੍ਹਾਂ ਕਿਹਾ ਕਿ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਖਿਡਾਰੀਆਂ ਦੀ ਵੱਡੀ ਸ਼ਮੂਲੀਅਤ ਪੰਜਾਬ ਦੇ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਵਧ ਰਹੇ ਉਤਸ਼ਾਹ ਨੂੰ ਦਰਸਾਉਂਦੀ ਹੈ। ਅਜਿਹੇ ਮੁਕਾਬਲੇ ਖਿਡਾਰੀਆਂ ਨੂੰ ਆਪਣੀ ਖੇਡ ਪ੍ਰਤਿਭਾ ਨਿਖਾਰਨ ਦੇ ਨਾਲ-ਨਾਲ ਭਵਿੱਖ ਵਿੱਚ ਉੱਚ ਪੱਧਰੀ ਮੁਕਾਬਲਿਆਂ ਲਈ ਤਿਆਰ ਕਰਨ ਵਿੱਚ ਵੀ ਸਹਾਈ ਸਿੱਧ ਹੁੰਦੇ ਹਨ।

ਪੰਜਾਬ ਦੀਆਂ ਸਾਫ਼ ਹਵਾ ਪਹਿਲਕਦਮੀਆਂ ਰਾਸ਼ਟਰੀ ਸਰਵੋਤਮ ਅਭਿਆਸਾਂ ਦੀ ਸੂਚੀ ਵਿੱਚ ਸ਼ਾਮਲ

ਮਿਸ਼ਨ ਕਲੀਨ ਪਟਿਆਲਾ, ਰਵਾਇਤੀ ਸ਼ਮਸ਼ਾਨਘਾਟ ਵਿੱਚ ਏਅਰ ਪਾਲਿਊਸ਼ਨ ਕੰਟਰੋਲ ਡਿਵਾਈਸ, ਮੰਡੀ ਗੋਬਿੰਦਗੜ੍ਹ ਵਿੱਚ ਗੈਸ ਆਧਾਰਿਤ ਸ਼ਮਸ਼ਾਨਘਾਟ ਅਤੇ ਬਾਇਓ-ਮੀਥੇਨੇਸ਼ਨ ਪਲਾਂਟ ਦੇਸ਼ ਦੀਆਂ ਸਾਫ਼ ਹਵਾ ਸਬੰਧੀ ਸਰਵੋਤਮ ਪਹਿਲਕਦਮੀਆਂ ਵਿੱਚ ਸ਼ਾਮਲ

ਪਟਿਆਲਾ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੇ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਈ ਕੀਤੀਆਂ ਆਪਣੀਆਂ ਨਵੀਨਤਮ ਪਹਿਲਕਦਮੀਆਂ ਰਾਹੀਂ ਰਾਸ਼ਟਰੀ ਪੱਧਰ 'ਤੇ ਮਾਨਤਾ ਹਾਸਲ ਕੀਤੀ ਹੈ। ਮਿਸ਼ਨ ਕਲੀਨ ਪਟਿਆਲਾ ਅਤੇ ਪਟਿਆਲਾ ਦੇ ਇੱਕ ਸ਼ਮਸ਼ਾਨਘਾਟ ਵਿੱਚ ਏਅਰ ਪਾਲਿਊਸ਼ਨ ਕੰਟਰੋਲ ਡਿਵਾਈਸ (ਏਪੀਸੀਡੀ) ਦੀ ਸਥਾਪਨਾ ਨੂੰ ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਰਾਸ਼ਟਰੀ ਸਾਫ਼ ਹਵਾ ਪ੍ਰੋਗਰਾਮ (ਐਨਕੈਪ), 2026 ਤਹਿਤ ਜਾਰੀ ਕੀਤੇ ਗਏ 'ਬੈਸਟ ਪ੍ਰੈਕਟਿਸਿਜ਼' ਸੰਕਲਨ ਵਿੱਚ ਸ਼ਾਮਲ ਕੀਤਾ ਗਿਆ ਹੈ। ਇਸ ਤੋਂ ਇਲਾਵਾ ਮੰਡੀ ਗੋਬਿੰਦਗੜ੍ਹ ਦਾ ਗੈਸ ਆਧਾਰਿਤ ਸ਼ਮਸ਼ਾਨਘਾਟ ਅਤੇ ਗੋਬਿੰਦਗੜ੍ਹ ਦਾ ਬਾਇਓ-ਮੀਥੇਨੇਸ਼ਨ ਪਲਾਂਟ ਵੀ ਪੰਜਾਬ ਦੀਆਂ ਸਰਵੋਤਮ ਪਹਿਲਕਦਮੀਆਂ ਵਿੱਚ ਸ਼ਾਮਲ ਹਨ।

ਇਹ ਮਾਨਤਾ ਹਵਾ ਪ੍ਰਦੂਸ਼ਣ ਦੇ ਵੱਖ-ਵੱਖ ਸਰੋਤਾਂ ਨਾਲ ਨਜਿੱਠਣ ਲਈ ਪੰਜਾਬ ਵੱਲੋਂ ਕੀਤੇ ਜਾ ਰਹੇ ਯਤਨਾਂ ਨੂੰ ਉਜਾਗਰ ਕਰਦੀ ਹੈ। ਇਨ੍ਹਾਂ ਵਿੱਚ ਲੋਕਾਂ ਦੀ ਭਾਗੀਦਾਰੀ, ਤਕਨਾਲੋਜੀ ਆਧਾਰਿਤ ਹੱਲ ਅਤੇ ਟਿਕਾਊ ਕੂੜਾ ਪ੍ਰਬੰਧਨ ਸ਼ਾਮਲ ਹਨ। ਇਹ ਪਹਿਲਕਦਮੀਆਂ ਦਰਸਾਉਂਦੀਆਂ ਹਨ ਕਿ ਸਥਾਨਕ ਪੱਧਰ 'ਤੇ ਕੀਤੀ ਕਾਰਵਾਈ, ਸੰਸਥਾਗਤ ਸਹਿਯੋਗ ਅਤੇ ਵਿਹਾਰਕ ਹੱਲ ਦੇਸ਼ ਵਿੱਚ ਸਾਫ਼ ਹਵਾ ਦੇ ਵੱਡੇ ਟੀਚੇ ਵਿੱਚ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ।

ਮਿਸ਼ਨ ਕਲੀਨ ਪਟਿਆਲਾ: ਸਾਫ਼-ਸੁਥਰੇ ਮਾਹੌਲ ਨੂੰ ਲੋਕ ਲਹਿਰ ਬਣਾਉਣਾ

ਪੀਪੀਸੀਬੀ ਦੁਆਰਾ ਜ਼ਿਲ੍ਹਾ ਪ੍ਰਸ਼ਾਸਨ ਅਤੇ ਨਗਰ ਨਿਗਮ, ਪਟਿਆਲਾ ਦੇ ਸਹਿਯੋਗ ਨਾਲ ਸ਼ੁਰੂ ਕੀਤਾ ਗਿਆ, ਅਤੇ ਸੈਂਟਰ ਫਾਰ ਦ ਸਟੱਡੀ ਆਫ਼ ਸਾਇੰਸ, ਟੈਕਨਾਲੋਜੀ ਐਂਡ ਪਾਲਿਸੀ (ਸੀਐਸਟੀਈਪੀ) ਦੇ ਸਹਿਯੋਗ ਨਾਲ ਸੰਕਲਪਿਤ, ਮਿਸ਼ਨ ਕਲੀਨ ਪਟਿਆਲਾ ਨੇ ਵਿਦਿਅਕ ਸੰਸਥਾਵਾਂ, ਸਰਕਾਰੀ ਵਿਭਾਗਾਂ, ਸੰਗਠਨਾਂ ਅਤੇ ਨਾਗਰਿਕਾਂ ਨੂੰ ਸ਼ਹਿਰੀ ਸਫ਼ਾਈ ਨੂੰ ਬਿਹਤਰ ਬਣਾਉਣ ਅਤੇ ਵਾਤਾਵਰਣ ਸੁਰੱਖਿਆ ਵਿੱਚ ਭਾਈਚਾਰਕ ਭਾਗੀਦਾਰੀ ਨੂੰ ਮਜ਼ਬੂਤ ਕਰਨ ਲਈ ਲਾਮਬੰਦ ਕੀਤਾ ਹੈ।

ਨਿਯਮਤ ਸੜਕ ਸਫ਼ਾਈ ਮੁਹਿੰਮਾਂ ਰਾਹੀਂ ਇਹ ਪਹਿਲਕਦਮੀ ਇਕੱਠੇ ਹੋਏ ਕੂੜੇ ਨੂੰ ਹਟਾਉਣ, ਖੁੱਲ੍ਹੇ ਵਿੱਚ ਕੂੜਾ ਸਾੜਨ ਨੂੰ ਰੋਕਣ ਅਤੇ ਜ਼ਿੰਮੇਵਾਰ ਕੂੜਾ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ 'ਤੇ ਧਿਆਨ ਕੇਂਦਰਿਤ ਕਰਦੀ ਹੈ। ਵਿਦਿਆਰਥੀਆਂ, ਸਰਕਾਰੀ ਏਜੰਸੀਆਂ ਅਤੇ ਸਥਾਨਕ ਭਾਈਚਾਰਿਆਂ ਨੂੰ ਨਾਲ ਜੋੜ ਕੇ ਇਹ ਮੁਹਿੰਮ ਸਫ਼ਾਈ ਨੂੰ ਕਿਸੇ ਇੱਕ ਮੌਕੇ ਤੱਕ ਸੀਮਿਤ ਰੱਖਣ ਦੀ ਬਜਾਏ ਇੱਕ ਲਗਾਤਾਰ ਨਾਗਰਿਕ ਆਦਤ ਬਣਾਉਣ ਦਾ ਯਤਨ ਕਰਦੀ ਹੈ।

ਇਹ ਪਹਿਲਕਦਮੀ ਠੋਸ ਕੂੜਾ ਪ੍ਰਬੰਧਨ ਅਤੇ ਹਵਾ ਦੀ ਗੁਣਵੱਤਾ ਵਿਚਕਾਰ ਸਬੰਧ ਨੂੰ ਵੀ ਮਜ਼ਬੂਤ ਕਰਦੀ ਹੈ। ਕੂੜੇ ਦੇ ਇਕੱਠ ਅਤੇ ਖੁੱਲ੍ਹੇ ਵਿੱਚ ਕੂੜਾ ਸਾੜਨ ਤੋਂ ਰੋਕਣ ਨਾਲ ਪਾਰਟੀਕੁਲੇਟ ਮੈਟਰ ਅਤੇ ਹੋਰ ਹਾਨੀਕਾਰਕ ਪ੍ਰਦੂਸ਼ਕਾਂ ਦੇ ਨਿਕਾਸ ਨੂੰ ਘਟਾਉਣ ਵਿੱਚ ਮਦਦ ਮਿਲ ਸਕਦੀ ਹੈ।

ਸਾਫ਼-ਸੁਥਰੇ ਰਵਾਇਤੀ ਅੰਤਿਮ ਸੰਸਕਾਰ ਲਈ ਤਕਨਾਲੋਜੀ

ਪਟਿਆਲਾ ਦੇ ਇੱਕ ਰਵਾਇਤੀ ਲੱਕੜ ਆਧਾਰਿਤ ਸ਼ਮਸ਼ਾਨਘਾਟ ਵਿੱਚ ਏਅਰ ਪਾਲਿਊਸ਼ਨ ਕੰਟਰੋਲ ਡਿਵਾਈਸ ਦੀ ਸਥਾਪਨਾ ਧਾਰਮਿਕ ਅਤੇ ਸੱਭਿਆਚਾਰਕ ਰਵਾਇਤਾਂ ਦਾ ਸਨਮਾਨ ਕਰਦੇ ਹੋਏ ਹਵਾ ਵਿੱਚ ਪੈਦਾ ਹੋਣ ਵਾਲੇ ਪਾਰਟੀਕੁਲੇਟ ਪ੍ਰਦੂਸ਼ਣ ਨੂੰ ਘਟਾਉਣ ਦੀ ਕੋਸ਼ਿਸ਼ ਹੈ। ਐਨਕੈਪ ਤਹਿਤ ਪਾਇਲਟ ਪ੍ਰੋਜੈਕਟ ਵਜੋਂ ਲਾਗੂ ਕੀਤੀ ਗਈ ਇਹ ਪਹਿਲਕਦਮੀ ਰਵਾਇਤੀ ਅੰਤਿਮ ਸੰਸਕਾਰ ਦੌਰਾਨ ਪੈਦਾ ਹੋਣ ਵਾਲੇ ਪਾਰਟੀਕੁਲੇਟ ਪ੍ਰਦੂਸ਼ਣ ਨੂੰ ਘਟਾਉਣ ਲਈ ਤਿਆਰ ਕੀਤੀ ਗਈ ਹੈ। ਇਹ ਪਹਿਲਕਦਮੀ ਦਰਸਾਉਂਦੀ ਹੈ ਕਿ ਤਕਨਾਲੋਜੀ ਆਧਾਰਿਤ ਹੱਲ ਮੌਜੂਦਾ ਰਵਾਇਤਾਂ ਦੇ ਨਾਲ ਤਾਲਮੇਲ ਬਣਾ ਕੇ ਸਾਫ਼ ਹਵਾ ਲਈ ਯੋਗਦਾਨ ਪਾ ਸਕਦੇ ਹਨ, ਬਿਨਾਂ ਭਾਈਚਾਰੇ ਦੀਆਂ ਧਾਰਮਿਕ ਅਤੇ ਸੱਭਿਆਚਾਰਕ ਭਾਵਨਾਵਾਂ ਨੂੰ ਨਜ਼ਰਅੰਦਾਜ਼ ਕੀਤੇ।

ਗੋਬਿੰਦਗੜ੍ਹ ਵਿੱਚ ਸਾਫ਼-ਸੁਥਰਾ ਅੰਤਿਮ ਸੰਸਕਾਰ ਅਤੇ ਜੈਵਿਕ ਕੂੜਾ ਪ੍ਰਬੰਧਨ ; ਮੰਡੀ ਗੋਬਿੰਦਗੜ੍ਹ ਵਿੱਚ ਗੈਸ ਆਧਾਰਿਤ ਸ਼ਮਸ਼ਾਨਘਾਟਾਂ ਨੂੰ ਸ਼ਾਮਲ ਕੀਤਾ ਜਾਣਾ ਰਵਾਇਤੀ ਲੱਕੜ ਆਧਾਰਿਤ ਅੰਤਿਮ ਸੰਸਕਾਰ 'ਤੇ ਨਿਰਭਰਤਾ ਘਟਾਉਣ ਅਤੇ ਇਸ ਨਾਲ ਜੁੜੇ ਪ੍ਰਦੂਸ਼ਣ ਨੂੰ ਘਟਾਉਣ ਵੱਲ ਇੱਕ ਵਿਕਲਪਿਕ ਪਹੁੰਚ ਨੂੰ ਦਰਸਾਉਂਦਾ ਹੈ। ਗੋਬਿੰਦਗੜ੍ਹ ਦਾ ਬਾਇਓ-ਮੀਥੇਨੇਸ਼ਨ ਪਲਾਂਟ ਟਿਕਾਊ ਸ਼ਹਿਰੀ ਵਾਤਾਵਰਣ ਪ੍ਰਬੰਧਨ ਦੀ ਇੱਕ ਉਦਾਹਰਨ ਹੈ। ਇਹ ਸੱਭਿਆਚਾਰਕ ਰਵਾਇਤਾਂ ਦਾ ਸਨਮਾਨ ਕਰਦੇ ਹੋਏ ਹਵਾ ਵਿੱਚ ਪੈਦਾ ਹੋਣ ਵਾਲੇ ਪਾਰਟੀਕੁਲੇਟ ਪ੍ਰਦੂਸ਼ਣ ਨੂੰ ਘਟਾਉਣ ਦੀ ਕੋਸ਼ਿਸ਼ ਹੈ। ਐਨਕੈਪ ਤਹਿਤ ਪਾਇਲਟ ਪ੍ਰੋਜੈਕਟ ਵਜੋਂ ਲਾਗੂ ਕੀਤੀ ਗਈ ਇਹ ਪਹਿਲਕਦਮੀ ਰਵਾਇਤੀ ਅੰਤਿਮ ਸੰਸਕਾਰ ਦੌਰਾਨ ਪੈਦਾ ਹੋਣ ਵਾਲੇ ਪਾਰਟੀਕੁਲੇਟ ਪ੍ਰਦੂਸ਼ਣ ਨੂੰ ਘਟਾਉਣ ਲਈ ਤਿਆਰ ਕੀਤੀ ਗਈ ਹੈ। ਇਹ ਪਹਿਲਕਦਮੀ ਦਰਸਾਉਂਦੀ ਹੈ ਕਿ ਤਕਨਾਲੋਜੀ ਆਧਾਰਿਤ ਹੱਲ ਮੌਜੂਦਾ ਰਵਾਇਤਾਂ ਦੇ ਨਾਲ ਤਾਲਮੇਲ ਬਣਾ ਕੇ ਸਾਫ਼ ਹਵਾ ਲਈ ਯੋਗਦਾਨ ਪਾ ਸਕਦੇ ਹਨ, ਬਿਨਾਂ ਭਾਈਚਾਰੇ ਦੀਆਂ ਧਾਰਮਿਕ ਅਤੇ ਸੱਭਿਆਚਾਰਕ ਭਾਵਨਾਵਾਂ ਨੂੰ ਨਜ਼ਰਅੰਦਾਜ਼ ਕੀਤੇ।

ਗੋਬਿੰਦਗੜ੍ਹ ਵਿੱਚ ਸਾਫ਼-ਸੁਥਰਾ ਅੰਤਿਮ ਸੰਸਕਾਰ ਅਤੇ ਜੈਵਿਕ ਕੂੜਾ ਪ੍ਰਬੰਧਨ ; ਮੰਡੀ ਗੋਬਿੰਦਗੜ੍ਹ ਵਿੱਚ ਗੈਸ ਆਧਾਰਿਤ ਸ਼ਮਸ਼ਾਨਘਾਟਾਂ ਨੂੰ ਸ਼ਾਮਲ ਕੀਤਾ ਜਾਣਾ ਰਵਾਇਤੀ ਲੱਕੜ ਆਧਾਰਿਤ ਅੰਤਿਮ ਸੰਸਕਾਰ 'ਤੇ ਨਿਰਭਰਤਾ ਘਟਾਉਣ ਅਤੇ ਇਸ ਨਾਲ ਜੁੜੇ ਪ੍ਰਦੂਸ਼ਣ ਨੂੰ ਘਟਾਉਣ ਵੱਲ ਇੱਕ ਵਿਕਲਪਿਕ ਪਹੁੰਚ ਨੂੰ ਦਰਸਾਉਂਦਾ ਹੈ। ਗੋਬਿੰਦਗੜ੍ਹ ਦਾ ਬਾਇਓ-ਮੀਥੇਨੇਸ਼ਨ ਪਲਾਂਟ ਟਿਕਾਊ ਸ਼ਹਿਰੀ ਵਾਤਾਵਰਣ ਪ੍ਰਬੰਧਨ ਦੀ ਇੱਕ ਉਦਾਹਰਨ ਹੈ। ਇਹ ਸਾਰੀਆਂ ਪਹਿਲਕਦਮੀਆਂ ਮਿਲ ਕੇ ਦਰਸਾਉਂਦੀਆਂ ਹਨ ਕਿ ਹਵਾ ਪ੍ਰਦੂਸ਼ਣ ਨਾਲ ਨਜਿੱਠਣ ਲਈ ਕਈ ਪੱਧਰਾਂ 'ਤੇ ਕੰਮ ਕਰਨ ਦੀ ਲੋੜ ਹੈ - ਜਿਸ ਵਿੱਚ ਸਾਫ਼ ਤਕਨਾਲੋਜੀ, ਕੂੜਾ ਪ੍ਰਬੰਧਨ, ਲੋਕਾਂ ਦੀ ਭਾਗੀਦਾਰੀ ਅਤੇ ਪ੍ਰਦੂਸ਼ਣ ਨੂੰ ਸਰੋਤ 'ਤੇ ਹੀ ਰੋਕਣ ਵਰਗੇ ਕਦਮ ਸ਼ਾਮਲ ਹਨ। ਇਹ ਪਹਿਲਕਦਮੀਆਂ ਤਕਨਾਲੋਜੀਕਲ ਹੱਲਾਂ ਨੂੰ ਮੌਜੂਦਾ ਰਵਾਇਤਾਂ ਦੇ ਨਾਲ ਜੋੜ ਕੇ ਸਾਫ਼ ਹਵਾ ਲਈ ਕੰਮ ਕਰਨ ਦਾ ਮਾਡਲ ਪੇਸ਼ ਕਰਦੀਆਂ ਹਨ। ਪ੍ਰਦਰਸ਼ਨ ਦੇ ਮੁਲਾਂਕਣ ਅਤੇ ਸਥਾਨਕ ਲੋੜਾਂ ਦੇ ਆਧਾਰ 'ਤੇ ਇਨ੍ਹਾਂ ਨੂੰ ਹੋਰ ਸ਼ਹਿਰਾਂ ਵਿੱਚ ਵੀ ਅਪਣਾਇਆ ਜਾ ਸਕਦਾ ਹੈ। ਸਾਫ਼ ਹਵਾ ਦੇ ਰਾਸ਼ਟਰੀ ਮਿਸ਼ਨ ਵਿੱਚ ਪੰਜਾਬ ਦਾ ਯੋਗਦਾਨ

ਸੀਪੀਸੀਬੀ ਦੇ ਐਨਕੈਪ 'ਬੈਸਟ ਪ੍ਰੈਕਟਿਸਿਜ਼' ਸੰਕਲਨ ਵਿੱਚ ਇਨ੍ਹਾਂ ਪਹਿਲਕਦਮੀਆਂ ਦੀ ਸ਼ਮੂਲੀਅਤ ਸਥਾਨਕ ਲੋੜਾਂ ਮੁਤਾਬਕ ਹੱਲ ਵਿਕਸਿਤ ਕਰਨ ਦੀ ਮਹੱਤਤਾ ਨੂੰ ਉਜਾਗਰ ਕਰਦੀ ਹੈ। ਇਹ ਪਹਿਲਕਦਮੀਆਂ ਦੇਸ਼ ਦੇ ਹੋਰ ਹਿੱਸਿਆਂ ਵਿੱਚ ਵਾਤਾਵਰਣ ਸੁਰੱਖਿਆ ਲਈ ਵੀ ਮਾਰਗਦਰਸ਼ਨ ਪ੍ਰਦਾਨ ਕਰ ਸਕਦੀਆਂ ਹਨ।

ਇਹ ਮਾਨਤਾ ਤਕਨਾਲੋਜੀ ਆਧਾਰਿਤ ਦਖ਼ਲਅੰਦਾਜ਼ੀ ਨੂੰ ਲੋਕਾਂ ਦੀ ਭਾਗੀਦਾਰੀ ਅਤੇ ਲਗਾਤਾਰ ਕਾਰਵਾਈ ਨਾਲ ਜੋੜਨ ਦੀ ਮਹੱਤਤਾ ਨੂੰ ਵੀ ਦਰਸਾਉਂਦੀ ਹੈ।

ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਚੇਅਰਪਰਸਨ ਗੀਨਾ ਗੁਪਤਾ ਨੇ ਕਿਹਾ, ਪੰਜਾਬ ਦੀਆਂ ਸਾਫ਼ ਹਵਾ ਸਬੰਧੀ ਪਹਿਲਕਦਮੀਆਂ ਨੂੰ ਰਾਸ਼ਟਰੀ ਪੱਧਰ 'ਤੇ ਮਿਲੀ ਮਾਨਤਾ ਸਾਡੇ ਇਸ ਵਿਸ਼ਵਾਸ ਨੂੰ ਹੋਰ ਮਜ਼ਬੂਤ ਕਰਦੀ ਹੈ ਕਿ ਟਿਕਾਊ ਵਾਤਾਵਰਣਕ ਬਦਲਾਅ ਵਿਗਿਆਨਕ ਹੱਲਾਂ ਅਤੇ ਲੋਕਾਂ ਦੀ ਭਾਗੀਦਾਰੀ ਨੂੰ ਇਕੱਠੇ ਲਿਆਉਣ ਨਾਲ ਹੀ ਸੰਭਵ ਹੈ। ਮਿਸ਼ਨ ਕਲੀਨ ਪਟਿਆਲਾ ਰਾਹੀਂ ਸਫ਼ਾਈ ਨੂੰ ਸਾਂਝੀ ਨਾਗਰਿਕ ਜ਼ਿੰਮੇਵਾਰੀ ਬਣਾਉਣ ਤੋਂ ਲੈ ਕੇ ਰਵਾਇਤੀ ਸ਼ਮਸ਼ਾਨਘਾਟਾਂ ਵਿੱਚ ਪ੍ਰਦੂਸ਼ਣ ਕੰਟਰੋਲ ਤਕਨਾਲੋਜੀ ਦੀ ਵਰਤੋਂ ਤੱਕ, ਸਾਡਾ ਧਿਆਨ ਪ੍ਰਦੂਸ਼ਣ ਨੂੰ ਇਸਦੇ ਸਰੋਤ 'ਤੇ ਹੀ ਰੋਕਣ ਅਤੇ ਅਜਿਹੇ ਮਾਡਲ ਤਿਆਰ ਕਰਨ 'ਤੇ ਹੈ, ਜਿਨ੍ਹਾਂ ਨੂੰ ਪੂਰੇ ਪੰਜਾਬ ਵਿੱਚ ਲਾਗੂ ਕੀਤਾ ਜਾ ਸਕੇ। ਚੇਅਰਪਰਸਨ ਨੇ ਦੱਸਿਆ ਕਿ ਸਾਡਾ ਟੀਚਾ 'ਰੰਗਲਾ ਪੰਜਾਬ' ਦੇ ਸੁਪਨੇ ਨੂੰ ਸਾਕਾਰ ਕਰਨਾ ਹੈ - ਇੱਕ ਅਜਿਹਾ ਪੰਜਾਬ ਜਿਸ ਦੀ ਪਛਾਣ ਸਾਫ਼ ਹਵਾ, ਸਿਹਤਮੰਦ ਭਾਈਚਾਰਿਆਂ ਅਤੇ ਟਿਕਾਊ ਵਿਕਾਸ ਨਾਲ ਹੋਵੇ। ਅਸੀਂ ਨਵੀਨਤਾ, ਸਹਿਯੋਗ ਅਤੇ ਵਾਤਾਵਰਣ ਪ੍ਰਤੀ ਆਪਣੀਆਂ ਵਚਨਬੱਧਤਾਵਾਂ ਨੂੰ ਲੋਕਾਂ ਦੀ ਜ਼ਿੰਦਗੀ ਵਿੱਚ ਅਸਲ ਸੁਧਾਰਾਂ ਵਿੱਚ ਬਦਲਣ ਲਈ ਲਗਾਤਾਰ ਕੰਮ ਕਰਦੇ ਰਹਾਂਗੇ।

ਸੁਰਜੀਤ ਸਿੰਘ ਰੱਖੜਾ ਦੀ ਅਗਵਾਈ 'ਚ ਸਮਾਣਾ ਦੇ ਕਾਂਗਰਸੀ ਆਗੂ 'ਆਪ' 'ਚ ਹੋਏ ਸ਼ਾਮਲ

ਸਮਾਣਾ, 23 ਅਕਤੂਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਾਬਕਾ ਕੈਬਨਿਟ ਮੰਤਰੀ ਅਤੇ 'ਆਪ' ਦੇ ਹਲਕਾ ਇੰਚਾਰਜ ਸੁਰਜੀਤ ਸਿੰਘ ਰੱ

ਪਰਾਲੀ ਨੂੰ ਅੱਗ ਲਗਾਈ ਤਾਂ ਸਿੱਧੀ ਹੋਵੇਗੀ ਐੱਫਆਈਆਰ, ਗੁਰਦਾਸਪੁਰ ਪ੍ਰਸ਼ਾਸਨ ਹੋਇਆ ਸਖ਼ਤ

ਕੌਮੀ ਪੜ੍ਹਿਕਾ

ਗੁਰਦਾਸਪੁਰ 22 ਅਕਤੂਬਰ। ਜ਼ਿਲ੍ਹਾ ਗੁਰਦਾਸਪੁਰ ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਖੇਤੀਬਾੜੀ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਕੀਤੇ ਜਾ ਰਹੇ ਉਪਰਾਲਿਆਂ ਦੇ ਬਾਵਜੂਦ ਖੇਤਾਂ ਵਿੱਚ ਅੱਗ ਲਗਾਉਣ ਵਾਲੇ ਕਿਸਾਨਾਂ ਖ਼?ਲਾਫ਼ ਹੁਣ ਪ੍ਰਸ਼ਾਸਨ ਨੇ ਸਖ਼ਤ ਰੁਖ ਅਖਤਿਆਰ ਕਰ ਲਿਆ ਹੈ। ਕਿਸਾਨਾਂ ਨੂੰ ਲਗਾਤਾਰ ਜਾਗਰੂਕ ਕਰਨ, ਸਿਖਲਾਈ ਦੇਣ ਅਤੇ ਪਰਾਲੀ ਦੇ ਪ੍ਰਬੰਧਨ ਲਈ ਸਬਸਿਡੀ 'ਤੇ ਆਧੁਨਿਕ ਖੇਤੀ ਮਸ਼ੀਨਰੀ ਮੁਹੱਈਆ ਕਰਵਾਉਣ ਦੇ ਬਾਵਜੂਦ ਜੇਕਰ ਕੋਈ ਕਿਸਾਨ ਖੇਤਾਂ ਵਿੱਚ ਅੱਗ ਲਗਾਉਂਦਾ ਹੈ ਤਾਂ ਉਸ ਖ਼?ਲਾਫ਼ ਸਬੰਧਿਤ ਧਾਰਾਵਾਂ ਅਤੇ ਨਿਯਮਾਂ ਤਹਿਤ ਐੱਫਆਈਆਰ ਦਰਜ ਕਰਕੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਡਾ. ਆਦਿੱਤਿਆ ਉੱਪਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਿਛਲੇ ਕਰੀਬ ਦੋ ਮਹੀਨਿਆਂ ਤੋਂ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਸਮੇਤ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਦੀਆਂ ਟੀਮਾਂ ਦਾ ਗਠਨ ਕਰਕੇ ਉਨ੍ਹਾਂ ਨੂੰ ਫੀਲਡ ਵਿੱਚ ਕਿਸਾਨਾਂ ਨਾਲ ਸੰਪਰਕ ਕਰਨ ਅਤੇ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਲਈ ਸਿਖਲਾਈ ਦਿੱਤੀ ਗਈ ਹੈ। ਇਸ ਦੇ ਨਾਲ ਹੀ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਕੈਂਪ ਲਗਾ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਅਤੇ ਇਸ ਦੇ ਸੁਚੱਜੇ ਪ੍ਰਬੰਧਨ ਸਬੰਧੀ ਜਾਣਕਾਰੀ ਦਿੱਤੀ ਜਾ ਰਹੀ ਹੈ। ਪਰਾਲੀ ਪ੍ਰਬੰਧਨ ਲਈ ਕਿਸਾਨਾਂ ਨੂੰ ਸਰਕਾਰ ਵੱਲੋਂ ਸਬਸਿਡੀ 'ਤੇ ਆਧੁਨਿਕ ਖੇਤੀ ਮਸ਼ੀਨਰੀ ਵੀ ਮੁਹੱਈਆ ਕਰਵਾਈ ਗਈ ਹੈ। ਜ਼ਿਲ੍ਹੇ ਵਿੱਚ ਕਰੀਬ 10 ਹਜ਼ਾਰ ਮਸ਼ੀਨਾਂ 80 ਫੀਸਦੀ ਸਬਸਿਡੀ 'ਤੇ ਮੁਹੱਈਆ ਕਰਵਾਏ ਜਾਣ ਦੀ ਜਾਣਕਾਰੀ ਦਿੱਤੀ ਗਈ ਹੈ। ਇਨ੍ਹਾਂ ਮਸ਼ੀਨਾਂ ਦੀ ਮਦਦ ਨਾਲ ਕਿਸਾਨ ਪਰਾਲੀ ਨੂੰ ਖੇਤਾਂ ਵਿੱਚ ਹੀ

ਸੰਭਾਲਣ ਤੋਂ ਇਲਾਵਾ ਇਸ ਨੂੰ ਇਕੱਠਾ ਕਰਕੇ ਗੱਠਾਂ ਬਣਾਉਣ ਦਾ ਕੰਮ ਵੀ ਕਰ ਰਹੇ ਹਨ। ਕਈ ਕਿਸਾਨ ਆਪਣੇ ਖੇਤਾਂ ਦੇ ਨਾਲ-ਨਾਲ ਹੋਰਨਾਂ ਕਿਸਾਨਾਂ ਦੇ ਖੇਤਾਂ ਵਿੱਚੋਂ ਵੀ ਪਰਾਲੀ ਇਕੱਠੀ ਕਰਕੇ ਇਸ ਰਾਹੀਂ ਆਮਦਨ ਹਾਸਲ ਕਰ ਰਹੇ ਹਨ। ਸੁਪਰ ਸੀਡਰ ਵਰਗੀਆਂ ਮਸ਼ੀਨਾਂ ਦੀ ਵਰਤੋਂ ਨਾਲ ਪਰਾਲੀ ਨੂੰ ਖੇਤ ਵਿੱਚ ਹੀ ਮਿਲਾ ਕੇ ਕਣਕ ਦੀ ਬਿਜਾਈ ਕੀਤੀ ਜਾ ਸਕਦੀ ਹੈ। ਇਸ ਤਰੀਕੇ ਨਾਲ ਇੱਕ ਪਾਸੇ ਪਰਾਲੀ ਨੂੰ ਅੱਗ ਲਗਾਉਣ ਦੀ ਲੋੜ ਨਹੀਂ ਰਹਿੰਦੀ, ਜਦਕਿ ਦੂਜੇ ਪਾਸੇ ਫਸਲ ਦੀ ਰਹਿੰਦ-ਖੂੰਹਦ ਖੇਤ ਦੀ ਮਿੱਟੀ ਵਿੱਚ ਮਿਲਣ ਨਾਲ ਮਿੱਟੀ ਦੀ ਗੁਣਵੱਤਾ ਅਤੇ ਬਣਤਰ ਨੂੰ ਸੁਧਾਰਨ ਵਿੱਚ ਵੀ ਮਦਦ ਮਿਲਦੀ ਹੈ। ਇਸ ਨਾਲ ਖੇਤੀ ਦੀ ਲਾਗਤ ਘਟਾਉਣ ਦੇ ਨਾਲ-ਨਾਲ ਖਾਦਾਂ ਅਤੇ ਹੋਰ ਖੇਤੀ ਲਾਗਤਾਂ ਵਿੱਚ ਵੀ ਬੱਚਤ ਹੋ ਸਕਦੀ ਹੈ। ਪ੍ਰਸ਼ਾਸਨ ਵੱਲੋਂ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਰੋਕਣ ਲਈ ਜ਼ਿਲ੍ਹੇ ਦੇ ਲਗਭਗ ਹਰੇਕ ਪਿੰਡ ਵਿੱਚ ਨੋਡਲ ਅਧਿਕਾਰੀ ਵੀ ਤਾਇਨਾਤ ਕੀਤੇ ਗਏ ਹਨ। ਇਹ ਅਧਿਕਾਰੀ ਕਿਸਾਨਾਂ ਨਾਲ ਸੰਪਰਕ ਕਰਕੇ ਉਨ੍ਹਾਂ ਨੂੰ ਪਰਾਲੀ ਨਾ ਸਾੜਨ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਉਪਲਬਧ ਮਸ਼ੀਨਰੀ ਅਤੇ ਪਰਾਲੀ ਪ੍ਰਬੰਧਨ ਦੇ ਵੱਖ-ਵੱਖ ਤਰੀਕਿਆਂ ਬਾਰੇ ਜਾਣਕਾਰੀ ਦੇ ਰਹੇ ਹਨ। ਇਸ ਦੇ ਬਾਵਜੂਦ ਜੇਕਰ ਕੋਈ ਕਿਸਾਨ ਖੇਤ ਵਿੱਚ ਅੱਗ ਲਗਾਉਂਦਾ ਹੈ ਤਾਂ ਹੁਣ ਉਸ ਖ਼?ਲਾਫ਼ ਸਖ਼ਤ ਕਾਰਵਾਈ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਜ਼ਿਕਰਯੋਗ ਹੈ ਕਿ ਗੁਰਦਾਸਪੁਰ ਜ਼ਿਲ੍ਹੇ ਵਿੱਚ ਇਸ ਸਾਲ ਕਰੀਬ 1.70 ਲੱਖ ਹੈਕਟੇਅਰ ਰਕਬੇ ਵਿੱਚ ਝੋਨੇ ਦੀ ਕਾਸ਼ਤ ਹੋਈ ਹੈ, ਜਿਸ ਕਾਰਨ ਵੱਡੀ ਮਾਤਰਾ ਵਿੱਚ ਪਰਾਲੀ ਪੈਦਾ ਹੋਣੀ ਹੈ। ਪਿਛਲੇ ਸਾਲ ਜ਼ਿਲ੍ਹੇ ਵਿੱਚ ਪਰਾਲੀ ਸਾੜਨ ਦੀਆਂ 86 ਘਟਨਾਵਾਂ ਦਰਜ ਹੋਈਆਂ ਸਨ, ਜੋ 69 ਪਿੰਡਾਂ ਨਾਲ ਸਬੰਧਿਤ ਸਨ। ਇਨ੍ਹਾਂ ਤਜਰਬਿਆਂ ਦੇ ਮੱਦੇਨਜ਼ਰ ਪ੍ਰਸ਼ਾਸਨ ਵੱਲੋਂ ਇਸ ਵਾਰ ਪਹਿਲਾਂ ਹੀ ਵਿਆਪਕ ਪੱਧਰ 'ਤੇ ਜਾਗਰੂਕਤਾ ਅਤੇ ਨਿਗਰਾਨੀ ਦਾ ਪ੍ਰਬੰਧ ਕੀਤਾ ਗਿਆ ਹੈ। ਪ੍ਰਸ਼ਾਸਨ ਦਾ ਕਹਿਣਾ ਹੈ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜਿੱਥੇ ਮਿੱਟੀ ਦੀ ਸਿਹਤ ਪ੍ਰਭਾਵਿਤ ਹੁੰਦੀ ਹੈ, ਉੱਥੇ ਵਾਤਾਵਰਣ ਨੂੰ ਵੀ ਨੁਕਸਾਨ ਪਹੁੰਚਦਾ ਹੈ। ਖੇਤਾਂ ਵਿੱਚੋਂ ਉੱਠਦਾ ਧੂੰਆਂ ਸੜਕਾਂ 'ਤੇ ਵਿਜ਼ੀਬਿਲਟੀ ਘਟਾਉਣ ਕਾਰਨ ਸੜਕ ਹਾਦਸਿਆਂ ਦਾ ਕਾਰਨ ਬਣ ਸਕਦਾ ਹੈ ਅਤੇ ਅੱਗ ਨਾਲ ਹੋਰ ਜਾਨੀ-ਮਾਲੀ ਨੁਕਸਾਨ ਹੋਣ ਦਾ ਖ਼ਤਰਾ ਵੀ ਬਣਿਆ ਰਹਿੰਦਾ ਹੈ। ਇਸ ਲਈ ਕਿਸਾਨਾਂ ਨੂੰ ਪਰਾਲੀ ਦਾ ਪ੍ਰਬੰਧਨ ਵਿਗਿਆਨਕ ਤਰੀਕੇ ਨਾਲ ਕਰਨ ਦੀ ਅਪੀਲ ਕੀਤੀ ਜਾ ਰਹੀ ਹੈ। ਡਿਪਟੀ ਕਮਿਸ਼ਨਰ ਡਾ. ਆਦਿੱਤਿਆ ਉੱਪਲ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਸੂਰਤ ਵਿੱਚ ਖੇਤਾਂ ਵਿੱਚ ਪਰਾਲੀ ਜਾਂ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਕਈ ਸੂਝਵਾਨ ਕਿਸਾਨ ਪਹਿਲਾਂ ਹੀ ਪਰਾਲੀ ਦਾ ਸੁਚੱਜੇ ਢੰਗ ਨਾਲ ਨਿਪਟਾਰਾ ਕਰਕੇ ਮਿਸਾਲਾਂ ਪੇਸ਼ ਕਰ ਰਹੇ ਹਨ।

ਕਿਸਾਨਾਂ ਨੂੰ 425 ਰੁਪਏ ਪ੍ਰਤੀ ਕੁਇੰਟਲ ਮਿਲੇਗੀ ਗੰਨੇ ਦੀ ਖਰੀਦ ਕੀਮਤ, ਛੱਤੀਸਗੜ੍ਹ ਸਰਕਾਰ ਦਾ ਵੱਡਾ ਫੈਸਲਾ

ਕੌਮੀ ਪੜ੍ਹਿਕਾ

ਰਾਏਪੁਰ 22 ਅਕਤੂਬਰ। ਛੱਤੀਸਗੜ੍ਹ ਸਰਕਾਰ ਨੇ ਗੰਨਾ ਉਤਪਾਦਕ ਕਿਸਾਨਾਂ ਲਈ ਖਰੀਦ ਮੁੱਲ 425 ਰੁਪਏ ਪ੍ਰਤੀ ਕੁਇੰਟਲ ਨਿਰਧਾਰਤ ਕਰਨ ਦਾ ਫੈਸਲਾ ਕੀਤਾ ਹੈ। ਮੁੱਖ ਮੰਤਰੀ ਵਿਸ਼ਨੂੰ ਦੇਵ ਸਾਈ ਨੇ ਸ਼ਨੀਵਾਰ ਨੂੰ ਭਾਰਤੀ ਕਿਸਾਨ ਸੰਘ ਦੇ ਵਫ਼ਦ ਨਾਲ ਮੁਲਾਕਾਤ ਤੋਂ ਬਾਅਦ ਇਹ ਐਲਾਨ ਕੀਤਾ। 2025-26 ਦੇ ਪਿੜਾਈ ਸੀਜ਼ਨ ਵਿੱਚ ਗੰਨਾ ਵੇਚਣ ਵਾਲੇ ਕਿਸਾਨਾਂ ਨੂੰ ਵੀ ਨਵੀਂ ਦਰ ਦਾ ਲਾਭ ਹੋਵੇਗਾ। ਇਸ ਸੀਜ਼ਨ ਵਿੱਚ ਕੀਤੀ ਗਈ ਖਰੀਦਦਾਰੀ ਦੀ ਅਦਾਇਗੀ ਵੀ ਵਧੀ ਹੋਈ ਦਰ 'ਤੇ ਕੀਤੀ ਜਾਵੇਗੀ। ਸਰਕਾਰੀ ਜਾਣਕਾਰੀ ਅਨੁਸਾਰ, ਭਾਰਤੀ ਕਿਸਾਨ ਸੰਘ ਦੀ ਛੱਤੀਸਗੜ੍ਹ ਇਕਾਈ ਦੇ ਇੱਕ ਵਫ਼ਦ ਨੇ ਮੁੱਖ ਮੰਤਰੀ ਨਾਲ ਮੁਲਾਕਾਤ ਕੀਤੀ ਅਤੇ ਕਿਸਾਨਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕੀਤੀ। ਇਸ ਮੀਟਿੰਗ ਦੌਰਾਨ ਗੰਨਾ ਉਤਪਾਦਕਾਂ ਨੂੰ ਉਨ੍ਹਾਂ ਦੀ ਉਪਜ ਦੇ ਵਧੀਆ ਭਾਅ ਪ੍ਰਦਾਨ ਕਰਨ ਦਾ ਮੁੱਦਾ ਪ੍ਰਮੁੱਖਤਾ ਨਾਲ ਉਠਾਇਆ ਗਿਆ। ਮੁੱਖ ਮੰਤਰੀ ਨੇ ਤੁਰੰਤ ਕਾਰਵਾਈ ਕਰਦਿਆਂ ਰਾਜ ਦੀਆਂ ਖੰਡ

ਫੈਕਟਰੀਆਂ ਤੋਂ 425 ਰੁਪਏ ਪ੍ਰਤੀ ਕੁਇੰਟਲ ਦੀ ਦਰ ਨਾਲ ਗੰਨਾ ਖਰੀਦਣ ਦਾ ਫੈਸਲਾ ਕੀਤਾ। ਮੁੱਖ ਮੰਤਰੀ ਸਾਈਂ ਨੇ ਕਿਹਾ ਕਿ ਕਿਸਾਨਾਂ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ??ਕਰਨਾ ਅਤੇ ਖੇਤੀਬਾੜੀ ਨੂੰ ਲਾਭਦਾਇਕ ਧੰਦਾ ਬਣਾਉਣਾ ਸੂਬਾ ਸਰਕਾਰ ਦੀਆਂ ਤਰਜੀਹਾਂ ਵਿੱਚੋਂ ਇੱਕ ਹੈ। ਸਰਕਾਰ ਇਹ ਯਕੀਨੀ ਬਣਾਉਣ ਲਈ ਯਤਨਸ਼ੀਲ ਹੈ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਮਿਹਨਤ ਦਾ ਉਚਿਤ ਫਲ ਮਿਲੇ ਅਤੇ ਖੇਤੀ ਤੋਂ ਉਨ੍ਹਾਂ ਦੀ ਆਮਦਨ ਵਿੱਚ ਵਾਧਾ ਹੋਵੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਅਤੇ ਰਾਜ ਸਰਕਾਰਾਂ ਖੇਤੀਬਾੜੀ ਲਾਗਤਾਂ ਘਟਾਉਣ, ਕਿਸਾਨਾਂ ਦੀ ਆਮਦਨ ਵਧਾਉਣ ਅਤੇ ਖੇਤੀਬਾੜੀ ਖੇਤਰ ਨੂੰ ਮਜ਼ਬੂਤ ??ਕਰਨ ਲਈ ਲਗਾਤਾਰ ਯਤਨ ਕਰ ਰਹੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਦੀਆਂ ਸਮੱਸਿਆਵਾਂ ਅਤੇ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਨੀਤੀਗਤ ਫੈਸਲੇ ਲੈ ਰਹੀ ਹੈ। ਸਰਕਾਰ ਦਾ ਉਦੇਸ਼ ਕਿਸਾਨਾਂ ਨੂੰ ਉਨ੍ਹਾਂ ਦੀ ਉਪਜ ਦੇ ਵਧੀਆ ਭਾਅ ਪ੍ਰਦਾਨ ਕਰਨਾ ਅਤੇ ਖੇਤੀਬਾੜੀ ਨੂੰ ਸਨਮਾਨਜਨਕ ਜੀਵਨ-ਜਾਚ ਦਾ ਸਾਧਨ ਬਣਾਉਣਾ ਹੈ।

ਠਾਣੇ ਜ਼ਿਲ੍ਹੇ 'ਚ 7.5 ਲੱਖ ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ 'ਚ ਪਿੰਡ ਦਾ ਸਰਪੰਚ ਗ੍ਰਿਫ਼ਤਾਰ

ਕੌਮੀ ਪੜ੍ਹਿਕਾ

ਠਾਣੇ 22 ਅਕਤੂਬਰ। ਮਹਾਰਾਸ਼ਟਰ ਦੇ ਠਾਣੇ ਜ਼ਿਲ੍ਹੇ ਵਿੱਚ ਇੱਕ ਪਿੰਡ ਦੇ ਸਰਪੰਚ ਨੂੰ ਝੀਲ ਦੀ ਸੰਭਾਲ ਅਤੇ ਸੁੰਦਰੀਕਰਨ ਪ੍ਰੋਜੈਕਟ ਲਈ ਲਾਜ਼ਮੀ ਗਰੰਟੀ ਪੱਤਰ ਜਾਰੀ ਕਰਨ ਦੇ ਬਦਲੇ 7.5 ਲੱਖ ਰੁਪਏ ਦੀ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਇੰਸਪੈਕਟਰ ਪ੍ਰਮੋਦ ਅਹੀਰੇ ਨੇ ਕਿਹਾ ਕਿ ਭ੍ਰਿਸ਼ਟਾਚਾਰ ਰੋਕੂ ਬਿਊਰੋ (ਏ.ਸੀ.ਬੀ.) ਨੇ ਇੱਕ ਜਾਲ ਵਿਛਾਇਆ ਅਤੇ ਦੋਸ਼ੀ ਸੰਜੇ ਪਰਸ਼ੂਰਾਮ ਨਾਇਕ (62) ਨੂੰ ਸ਼ੁੱਕਰਵਾਰ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਫੜ ਲਿਆ। ਨਾਇਕ ਭਿਵੰਡੀ ਤਾਲੁਕਾ ਦੇ ਕਰੀਵਲੀ ਪਿੰਡ ਦਾ ਸਰਪੰਚ ਹੈ। ਭ੍ਰਿਸ਼ਟਾਚਾਰ ਰੋਕੂ ਬਿਊਰੋ (ਏ.ਸੀ.ਬੀ.) ਦੇ ਅਨੁਸਾਰ, ਸ਼ਿਕਾਇਤਕਰਤਾ ਨੂੰ ਕਰੀਵਲੀ ਝੀਲ ਦੀ ਸੰਭਾਲ ਅਤੇ ਸੁੰਦਰੀਕਰਨ ਲਈ ਠਾਣੇ ਜ਼ਿਲ੍ਹਾ ਪ੍ਰੀਸ਼ਦ ਦੇ ਲਘੂ ਸਿੰਚਾਈ ਵਿਭਾਗ ਤੋਂ 2.33 ਕਰੋੜ ਰੁਪਏ ਦਾ ਠੇਕਾ ਮਿਲਿਆ ਸੀ। ਇਸ ਪ੍ਰੋਜੈਕਟ ਦੀ

90 ਫੀਸਦੀ ਫੰਡਿੰਗ ਸਰਕਾਰ ਦੁਆਰਾ ਜਾਣੀ ਸੀ, ਜਦੋਂ ਕਿ ਬਾਕੀ 10 ਫੀਸਦੀ, ਲਗਭਗ 23.3 ਲੱਖ ਰੁਪਏ ਦਾ ਯੋਗਦਾਨ ਸਥਾਨਕ ਤੌਰ 'ਤੇ ਕਰੀਵਲੀ ਗ੍ਰਾਮ ਪੰਚਾਇਤ ਦੁਆਰਾ ਜਨਤਕ ਭਾਗੀਦਾਰੀ ਰਾਹੀਂ ਪਾਇਆ ਜਾਣਾ ਸੀ। ਕੰਮ ਸ਼ੁਰੂ ਕਰਨ ਦਾ ਆਰਡਰ ਜਾਰੀ ਹੋਣ ਤੋਂ ਪਹਿਲਾਂ, ਜ਼ਿਲ੍ਹਾ ਪਰਿਸ਼ਦ ਦੇ ਅਧਿਕਾਰੀਆਂ ਨੇ ਠੇਕੇਦਾਰ ਨੂੰ ਪੰਚਾਇਤ ਵੱਲੋਂ ਹਿੱਸੇਦਾਰੀ ਦੀ ਰਕਮ ਕਿਸ਼ਤਾਂ ਵਿੱਚ ਜਮ?ਹਾਂ ਕਰਵਾਉਣ ਸਬੰਧੀ ਗਾਰੰਟੀ ਪੱਤਰ ਲਿਆਉਣ ਲਈ ਕਿਹਾ ਸੀ। ਜਦੋਂ ਸ਼ਿਕਾਇਤਕਰਤਾ ਨੇ ਗਰੰਟੀ ਪੱਤਰ ਲੈਣ ਲਈ ਨਾਈਕ ਕੋਲ ਪਹੁੰਚ ਕੀਤੀ, ਤਾਂ ਉਸਨੇ ਕਥਿਤ ਤੌਰ 'ਤੇ 10 ਲੱਖ ਰੁਪਏ ਦੀ ਮੰਗ ਕੀਤੀ, ਜਿਸ ਵਿੱਚੋਂ ਕੁਝ ਰਕਮ ਸ਼ੁਰੂ ਵਿੱਚ ਹੀ ਦੇ ਦਿੱਤੀ ਗਈ ਸੀ। ਇਸ ਦੇ ਬਾਵਜੂਦ ਸਰਪੰਚ ਨੇ ਗਾਰੰਟੀ ਪੱਤਰ ਜਾਰੀ ਨਹੀਂ ਕੀਤਾ ਅਤੇ ਬਾਅਦ ਵਿੱਚ 10 ਲੱਖ ਰੁਪਏ ਹੋਰ ਮੰਗੇ। ਭ੍ਰਿਸ਼ਟਾਚਾਰ ਰੋਕੂ ਬਿਊਰੋ (132) ਨੇ ਰਿਪੋਰਟ ਦਿੱਤੀ ਕਿ ਗੱਲਬਾਤ ਤੋਂ ਬਾਅਦ ਨਾਈਕ ਨੇ ਰਿਸ਼ਵਤ ਦੀ ਰਕਮ ਨੂੰ ਘਟਾ ਕੇ 7.5 ਲੱਖ ਰੁਪਏ ਕਰ ਦਿੱਤਾ। ਸ਼ਿਕਾਇਤ ਦੇ ਆਧਾਰ 'ਤੇ 132 ਨੇ ਕਾਰਵਾਈ ਕਰਦਿਆਂ ਜਾਲ ਵਿਛਾਇਆ ਅਤੇ ਰਿਸ਼ਵਤ ਦੀ ਰਕਮ ਲੈਂਦੇ ਹੀ ਸਰਪੰਚ ਨੂੰ ਧਰ ਦਬੋਚਿਆ। ਪੁਲਿਸ ਨੇ ਦੋਸ਼ੀ ਖ਼?ਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ (2018 ਵਿੱਚ ਸੋਧਿਆ) ਤਹਿਤ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਸਹਾਰਨਪੁਰ 'ਚ ਵਾਪਰਿਆ ਭਿਆਨਕ ਹਾਦਸਾ ! ਯਾਤਰਾ 'ਤੇ ਗਏ 4 ਸ਼ਰਧਾਲੂਆਂ ਦੀ ਮੌਤ

ਸਹਾਰਨਪੁਰ 22 ਅਕਤੂਬਰ। ਉੱਤਰ ਪ੍ਰਦੇਸ਼ ਦੇ ਸਹਾਰਨਪੁਰ 'ਚ ਸ਼ਨੀਵਾਰ ਸਵੇਰ ਸ਼ਰਧਾਲੂਆਂ ਨੂੰ ਲਿਜਾ ਰਹੀ ਇਕ ਟਰੈਕਟਰ-ਟਰਾਲੀ ਨੂੰ ਇਕ ਕੰਟੇਨਰ ਨੇ ਟੱਕਰ ਮਾਰ ਦਿੱਤੀ, ਜਿਸ ਨਾਲ ਚਾਰ ਸ਼ਰਧਾਲੂਆਂ ਦੀ ਮੌਤ ਹੋ ਗਈ ਅਤੇ 12 ਲੋਕ ਜ਼ਖ਼ਮੀ ਹੋ ਗਏ। ਪੁਲਸ ਅਨੁਸਾਰ ਹਾਦਸਾ ਦੇਵਬੰਦ ਥਾਣਾ ਖੇਤਰ 'ਚ ਇਕ ਫਲਾਈਓਵਰ ਦੇ ਪਿਲਰ ਸੰਖਿਆ 13 ਕੋਲ ਵਾਪਰਿਆ। ਸਾਰੇ ਸ਼ਰਧਾਲੂ ਮਾਂ ਸ਼ਾਕੰਭਰੀ ਦੇਵੀ ਦੇ ਦਰਸ਼ਨ ਕਰਨ ਤੋਂ ਬਾਅਦ ਨਰਾਤਿਆਂ ਲਈ ਜੋਤੀ ਲੈ ਕੇ ਮੇਰਠ ਦੇ ਸਰਧਨਾ ਸਥਿਤ ਆਪਣੇ ਪਿੰਡ ਕੁਸ਼ਾਵਲੀ ਪਰਤ ਰਹੇ ਸਨ। ਪੁਲਸ ਸੁਪਰਡੈਂਟ ਮਯੰਕ ਪਾਠਕ ਨੇ ਦੱਸਿਆ ਕਿ ਰਾਤ ਭਰ ਯਾਤਰਾ ਕਰਨ ਤੋਂ ਬਾਅਦ ਸ਼ਨੀਵਾਰ ਸਵੇਰੇ ਕਰੀਬ 8.30 ਵਜੇ ਉਹ ਦੇਵਬੰਦ ਪਹੁੰਚੇ ਅਤੇ ਚਾਹ-ਨਾਸ਼ਤਾ ਕਰਨ ਲਈ ਰੁਕੇ ਸਨ। ਇਸ ਦੌਰਾਨ ਪਿੱਛਿਓਂ ਆ ਰਹੇ ਕੰਟੇਨਰ ਨੇ ਉਨ੍ਹਾਂ ਦੀ ਟਰੈਕਟਰ-ਟਰਾਲੀ ਨੂੰ ਟੱਕਰ ਮਾਰ ਦਿੱਤੀ। ਇਸ ਹਾਦਸੇ 'ਚ ਚਾਰ ਸ਼ਰਧਾਲੂਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਿਨ੍ਹਾਂ ਦੀ ਪਛਾਣ ਅਮਨ ਰਾਣਾ (25), ਸਾਗਰ (22), ਪੰਕਜ (25) ਅਤੇ ਰਮੇਸ਼ (55) ਵਜੋਂ ਹੋਈ ਹੈ। ਪਾਠਕ ਨੇ ਦੱਸਿਆ ਕਿ ਦੇਵਬੰਦ ਥਾਣਾ ਪੁਲਸ ਨੇ ਐਂਬੂਲੈਂਸ ਦੀ ਮਦਦ ਨਾਲ ਜ਼ਖ਼ਮੀਆਂ ਨੂੰ ਹਸਪਤਾਲ ਪਹੁੰਚਾਇਆ। ਹਾਦਸੇ ਦੀ ਸੂਚਨਾ ਮਿਲਦੇ ਹੀ ਸਹਾਰਨਪੁਰ ਦੇ ਜ਼ਿਲ੍ਹਾ ਅਧਿਕਾਰੀ ਅਰਵਿੰਦ ਚੌਹਾਨ ਅਤੇ ਸੀਨੀਅਰ ਪੁਲਸ ਸੁਪਰਡੈਂਟ ਅਭਿਨੰਦਨ ਸਿੰਘ ਜ਼ਿਲ੍ਹਾ ਹਸਪਤਾਲ ਪਹੁੰਚੇ ਅਤੇ ਜ਼ਖ਼ਮੀਆਂ ਨੂੰ ਸਹੀ ਇਲਾਜ ਤੇ ਰਾਹਤ ਕੰਮਾਂ ਦੇ ਨਿਰਦੇਸ਼ ਦਿੱਤੇ।

ਮੱਧ ਪ੍ਰਦੇਸ਼ 'ਚ ਨਹੀਂ ਲਾਗੂ ਹੋਵੇਗਾ 27 ਫੀਸਦੀ OBC ਰਾਖਵਾਂਕਰਨ, ਹਾਈ ਕੋਰਟ ਨੇ ਰੱਦ ਕੀਤੀਆਂ ਪਟੀਸ਼ਨਾਂ

ਭੋਪਾਲ 22 ਅਕਤੂਬਰ। ਮੱਧ ਪ੍ਰਦੇਸ਼ ਹਾਈ ਕੋਰਟ ਨੇ ਓ. ਬੀ. ਸੀ. ਰਾਖਵਾਂਕਰਨ ਸਬੰਧੀ ਇਕ ਵੱਡਾ ਫੈਸਲਾ ਸੁਣਾਇਆ ਹੈ। ਅਦਾਲਤ ਨੇ 27 ਫੀਸਦੀ ਰਾਖਵਾਂਕਰਨ ਦੀ ਮੰਗ ਵਾਲੀਆਂ ਸਾਰੀਆਂ ਪਟੀਸ਼ਨਾਂ ਰੱਦ ਕਰ ਦਿੱਤੀਆਂ ਹਨ ਤੇ ਰਾਖਵਾਂਕਰਨ ਨੂੰ 14 ਫੀਸਦੀ ਤੱਕ ਸੀਮਤ ਕਰ ਦਿੱਤਾ ਹੈ। ਹ